ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7l

awazeqaumtvpunjab@gmail.com

ਵੀਰਵਾਰ, 28 ਮਈ 2026 (ਨਾਨਕਸ਼ਾਹੀ ਸੰਮਤ : ੫੫੮, ੧੪ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਮਹਿੰਗੇ ਤੇਲ ਦੀ ਮਾਰ ! ਏਅਰ ਇੰਡੀਆ ਘਰੇਲੂ ਉਡਾਣਾਂ 'ਚ 22 ਫੀਸਦੀ ਦੀ ਕਰੇਗੀ ਕਟੌਤੀ

**ਨਵੀਂ ਦਿੱਲੀ, 27 ਮਈ (ਆਵਾਜ਼ਿ ਕੌਮ ਬਿਊਰੋ)**-ਭਾਰਤ 'ਚ ਤੇਲ ਕੀਮਤਾਂ ਦਾ ਅਸਰ ਵਿਖਾਈ ਦੇਣਾ ਸ਼ੁਰੂ ਹੋ ਗਿਆ ਹੈ। ਏਅਰ ਇੰਡੀਆ ਨੇ ਵਧਦੀਆਂ ਈਂਧਨ ਕੀਮਤਾਂ ਅਤੇ ਸੰਚਾਲਨ ਲਾਗਤਾਂ ਦੇ ਦਬਾਅ ਕਾਰਨ ਆਪਣੀਆਂ ਘਰੇਲੂ ਉਡਾਣਾਂ ਵਿੱਚ 20 ਤੋਂ 22 ਪ੍ਰਤੀਸ਼ਤ ਦੀ ਕਟੌਤੀ ਕਰਨ ਦਾ ਫੈਸਲਾ ਕੀਤਾ ਹੈ। ਸੂਤਰਾਂ ਅਨੁਸਾਰ, ਏਅਰਲਾਈਨ ਪਹਿਲਾਂ ਹੀ ਆਪਣੀਆਂ ਅੰਤਰਰਾਸ਼ਟਰੀ ਉਡਾਣਾਂ ਵਿੱਚ ਲਗਭਗ 27 ਪ੍ਰਤੀਸ਼ਤ ਦੀ ਕਟੌਤੀ ਕਰ ਚੁੱਕੀ ਹੈ। ਏਅਰ ਇੰਡੀਆ, ਹਰ ਹਫ਼ਤੇ ਲਗਭਗ 4,400 ਉਡਾਣਾਂ ਚਲਾਉਂਦੀ ਹੈ। ਇਨ੍ਹਾਂ ਵਿੱਚ ਲਗਭਗ 3,600 ਘਰੇਲੂ ਅਤੇ 800 ਅੰਤਰਰਾਸ਼ਟਰੀ ਉਡਾਣਾਂ ਸ਼ਾਮਲ ਹਨ। ਬੁੱਧਵਾਰ ਨੂੰ ਜਾਰੀ ਇੱਕ ਬਿਆਨ ਵਿੱਚ ਏਅਰ ਇੰਡੀਆ ਨੇ ਕਿਹਾ ਕਿ, ਜੂਨ ਅਤੇ ਅਗਸਤ 2026 ਦੇ ਵਿਚਕਾਰ ਕੁਝ ਅੰਤਰਰਾਸ਼ਟਰੀ ਸੇਵਾਵਾਂ ਵਿੱਚ ਪਹਿਲਾਂ ਐਲਾਨੇ ਗਏ ਬਦਲਾਵਾਂ ਦੇ ਨਾਲ, ਕੁਝ ਘਰੇਲੂ ਰੂਟਾਂ 'ਤੇ ਉਡਾਣਾਂ ਦੀ ਗਿਣਤੀ ਨੂੰ ਵੀ ਹੁਣ ਅਸਥਾਈ ਤੌਰ 'ਤੇ ਘਟਾਇਆ ਜਾ ਰਿਹਾ ਹੈ। ਏਅਰਲਾਈਨ ਨੇ ਕਿਹਾ ਕਿ ਇਹ ਫੈਸਲਾ ਵਧਦੀਆਂ ਓਪਰੇਟਿੰਗ ਲਾਗਤਾਂ ਦੇ ਮੱਦੇਨਜ਼ਰ ਲਿਆ ਗਿਆ ਹੈ, ਜੋ ਕਿ ਲਗਾਤਾਰ ਉੱਚੀਆਂ ਈਂਧਨ ਕੀਮਤਾਂ ਕਾਰਨ ਹੈ। ਕੰਪਨੀ ਦੇ ਅਨੁਸਾਰ, ਮੌਜੂਦਾ ਹਾਲਾਤ ਇਸਦੇ ਪੂਰੇ ਕਾਰਜਾਂ ਨੂੰ ਪ੍ਰਭਾਵਤ ਕਰ ਰਹੇ ਹਨ। ਏਅਰ ਇੰਡੀਆ ਨੇ ਨੋਟ ਕੀਤਾ ਕਿ ਉਹ ਯਾਤਰੀਆਂ ਦੀ ਮੰਗ ਅਤੇ ਸੰਚਾਲਨ ਸਥਿਤੀਆਂ ਦੀ ਨਿਰੰਤਰ ਨਿਗਰਾਨੀ ਕਰੇਗਾ, ਅਤੇ ਸਥਿਤੀ ਆਮ ਹੋਣ ਤੋਂ ਬਾਅਦ ਉਡਾਣਾਂ ਦੀ ਬਾਰੰਬਾਰਤਾ ਵਧਾਈ ਜਾ ਸਕਦੀ ਹੈ।

### ਕੈਨੇਡਾ 'ਚ ਸਰਹੱਦਾਂ 'ਤੇ ਸਖਤ ਪਾਬੰਦੀਆਂ; ਇਮੀਗ੍ਰੇਸ਼ਨ ਅਰਜ਼ੀਆਂ 'ਤੇ ਫੈਸਲੇ ਮੁਅੱਤਲ

# ਕੋਰੋਨਾ ਤੋਂ ਬਾਅਦ ਈਬੋਲਾ ਵਾਇਰਸ ਦਾ ਕਹਿਰ

**ਟੋਰਾਂਟੋ, 27 ਮਈ (ਆਵਾਜ਼ਿ ਕੌਮ ਬਿਊਰੋ)**-ਕੋਰੋਨਾ ਵਾਇਰਸ ਤੋਂ ਬਾਅਦ ਹੁਣ ਇਬੋਲਾ ਦਾ ਪ੍ਰਕੋਪ ਵੱਧਦਾ ਨਜ਼ਰ ਆ ਰਿਹਾ ਹੈ। ਦੱਸ ਦੇਈਏ ਕਿ ਇਸ ਵਾਇਰਸ ਕਾਰਨ ਕਈ ਦੇਸ਼ਾਂ ਦੀ ਚਿੰਤਾ ਵੱਧ ਗਈ ਹੈ। ਇਸ ਵਿਚਾਲੇ ਕੈਨੇਡਾ ਵਿੱਚ ਵੀ ਪਾਬੰਦੀਆਂ ਵਧਾ ਦਿੱਤੀਆਂ ਗਈਆਂ ਹਨ। ਦਰਅਸਲ, ਕੈਨੇਡਾ ਨੇ ਇਬੋਲਾ ਵਾਇਰਸ ਦੇ ਵਧਦੇ ਖ਼ਤਰੇ ਦੇ ਮੱਦੇਨਜ਼ਰ ਸੁਰੱਖਿਆ ਵਜੋਂ ਸਖ਼ਤ ਯਾਤਰਾ ਨਿਯਮ ਲਾਗੂ ਕੀਤੇ ਹਨ। ਕਾਂਗੋ, ਯੂਗਾਂਡਾ ਅਤੇ ਸੂਡਾਨ ਤੋਂ ਆਉਣ ਵਾਲੇ ਯਾਤਰੀਆਂ ਨੂੰ ਹੁਣ 21 ਦਿਨਾਂ ਲਈ ਸਵੈ-ਅਲੱਗ-ਥਲੱਗ ਰਹਿਣ ਦੀ ਲੋੜ ਹੋਵੇਗੀ। ਕੈਨੇਡੀਅਨ ਸਿਹਤ ਅਧਿਕਾਰੀਆਂ ਨੇ ਕਿਹਾ ਕਿ ਇਹ ਉਪਾਅ ਸਾਵਧਾਨੀ ਦੇ ਤੌਰ 'ਤੇ ਕੀਤਾ ਗਿਆ ਹੈ ਅਤੇ 29 ਅਗਸਤ ਤੱਕ ਲਾਗੂ ਰਹੇਗਾ। ਜਿਹੜੇ ਯਾਤਰੀਆਂ ਵਿਚ ਲੱਛਣ ਪਾਏ ਜਾਣਗੇ, ਉਨ੍ਹਾਂ ਨੂੰ ਤੁਰੰਤ ਹਸਪਤਾਲ ਵਿੱਚ ਦਾਖਲ ਕੀਤਾ ਜਾਵੇਗਾ। ਜਿਹੜੇ ਯਾਤਰੀਆਂ ਕੋਲ ਆਈਸੋਲੇਸ਼ਨ ਸਹੂਲਤਾਂ ਦੀ ਵਿਵਸਥਾ ਨਹੀਂ ਹੋਵੇਗੀ , ਸਰਕਾਰ ਉਨ੍ਹਾਂ ਨੂੰ ਵਿਸ਼ੇਸ਼ ਰਿਹਾਇਸ਼ ਪ੍ਰਦਾਨ ਕਰੇਗੀ। ਇਸ ਤੋਂ ਇਲਾਵਾ ਕੈਨੇਡਾ ਨੇ ਪ੍ਰਭਾਵਿਤ ਦੇਸ਼ਾਂ ਦੇ ਵਿਅਕਤੀਆਂ ਲਈ ਇਮੀਗ੍ਰੇਸ਼ਨ ਅਰਜ਼ੀਆਂ 'ਤੇ ਅੰਤਿਮ ਫੈਸਲਿਆਂ ਨੂੰ 90 ਦਿਨਾਂ ਲਈ ਮੁਅੱਤਲ ਕਰ ਦਿੱਤਾ ਹੈ। ਵਿਸ਼ਵ ਸਿਹਤ ਸੰਗਠਨ ਅਨੁਸਾਰ ਕਾਂਗੋ ਵਿੱਚ 900 ਤੋਂ ਵੱਧ ਸ਼ੱਕੀ ਇਬੋਲਾ ਮਾਮਲੇ ਅਤੇ 220 ਤੋਂ ਵੱਧ ਮੌਤਾਂ ਦੀ ਰਿਪੋਰਟ ਕੀਤੀ ਗਈ ਹੈ। ਮਾਹਿਰਾਂ ਦਾ ਕਹਿਣਾ ਹੈ ਕਿ ਇਹ ਪ੍ਰਕੋਪ ਆਉਣ ਵਾਲੇ ਮਹੀਨਿਆਂ ਤੱਕ ਜਾਰੀ ਰਹਿ ਸਕਦਾ ਹੈ। ਕੈਨੇਡਾ ਦੀ ਜਨਤਕ ਸਿਹਤ ਏਜੰਸੀ ਨੇ ਐਲਾਨ ਕੀਤਾ ਹੈ ਕਿ, 30 ਮਈ ਤੋਂ, ਕੈਨੇਡੀਅਨ ਨਾਗਰਿਕਾਂ, ਸਥਾਈ ਨਿਵਾਸੀਆਂ ਅਤੇ ਵਿਦੇਸ਼ੀ ਨਾਗਰਿਕਾਂ ਜਿਨ੍ਹਾਂ ਨੇ ਪ੍ਰਭਾਵਿਤ ਖੇਤਰਾਂ ਦਾ ਦੌਰਾ ਕੀਤਾ ਹੈ ਪਰ ਲੱਛਣ ਰਹਿਤ ਹਨ, ਨੂੰ 21 ਦਿਨਾਂ ਲਈ ਸਵੈ-ਅਲੱਗ-ਥਲੱਗ ਰਹਿਣ ਦੀ ਲੋੜ ਹੋਵੇਗੀ। ਇਸ ਦੌਰਾਨ ਬਹਾਮਾਸ ਉਨ੍ਹਾਂ ਲੋਕਾਂ ਲਈ ਦਾਖਲੇ ਦੀਆਂ ਪਾਬੰਦੀਆਂ ਦਾ ਐਲਾਨ ਕਰਨ ਦੀ ਤਿਆਰੀ ਕਰ ਰਿਹਾ ਹੈ, ਜਿਨ੍ਹਾਂ ਨੇ ਪਿਛਲੇ 21 ਦਿਨਾਂ ਦੇ ਅੰਦਰ ਇਨ੍ਹਾਂ ਤਿੰਨ ਅਫਰੀਕੀ ਦੇਸ਼ਾਂ ਦਾ ਦੌਰਾ ਕੀਤਾ ਹੈ। ਸੰਯੁਕਤ ਰਾਜ ਅਮਰੀਕਾ, ਕੈਨੇਡਾ ਅਤੇ ਬਹਾਮਾਸ ਦੇ ਅਧਿਕਾਰੀਆਂ ਨੇ ਅਜੇ ਤੱਕ ਈਬੋਲਾ ਦੇ ਕਿਸੇ ਵੀ ਮਾਮਲੇ ਦੀ ਰਿਪੋਰਟ ਨਹੀਂ ਕੀਤੀ ਹੈ।




## ਪਠਾਨਕੋਟ 'ਚ 5 ਜਾਸੂਸ ਕਾਬੂ; ਆਈਐਸਆਈ ਨੂੰ ਭੇਜਦੇ ਸੀ ਫੌਜ ਦੀਆਂ ਫੋਟੋਆਂ, ਪੈਸੇ ਤੇ ਨਸ਼ੇ ਦੇ ਲਾਲਚ 'ਚ ਬਣੇ ਏਜੰਟ

**ਪਠਾਨਕੋਟ, 27 ਮਈ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨੀ ਖੁਫੀਆ ਏਜੰਸੀ, ਆਈਐਸਆਈ, ਪੰਜਾਬ ਵਿੱਚ ਗੜਬੜ ਪੈਦਾ ਕਰਨ ਲਈ ਹਰ ਇੱਕ ਹਥਕੰਡੇ ਆਪਨਾ ਰਹੀ ਹੈ। ਇੱਕ ਪਾਸੇ, ਇਹ ਨੌਜਵਾਨਾਂ ਨੂੰ ਪੈਸੇ ਦੀ ਪੇਸ਼ਕਸ਼ ਕਰਕੇ ਜਾਸੂਸੀ ਲਈ ਲੁਭਾਉਂਦੀ ਹੈ, ਅਤੇ ਦੂਜੇ ਪਾਸੇ, ਇਹ ਉਨ੍ਹਾਂ ਨੂੰ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੀ ਦਲਦਲ ਵਿੱਚ ਧੱਕ ਰਹੀ ਹੈ। ਇਸੇ ਮਾਮਲੇ 'ਚ ਪੁਲਿਸ ਨੇ ਤਿੰਨ ਨਵੇਂ ਸ਼ੱਕੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ ਜਿਨ੍ਹਾਂ 'ਤੇ ਪਾਕਿਸਤਾਨ ਦੀ ਆਈਐਸਆਈ ਨੂੰ ਫੌਜ ਅਤੇ ਅਰਧ ਸੈਨਿਕ ਬਲਾਂ ਦੀਆਂ ਸੰਵੇਦਨਸ਼ੀਲ ਤਸਵੀਰਾਂ ਭੇਜਣ ਅਤੇ ਜਾਸੂਸੀ ਦੇ ਸਬੂਤ ਨਸ਼ਟ ਕਰਨ ਦੇ ਇਲਜ਼ਾਮ ਹਨ। ਦੋਸ਼ੀਆਂ ਦੀ ਪਛਾਣ ਹਰਦੀਪ ਸਿੰਘ, ਬਲਜਿੰਦਰ ਸਿੰਘ ਅਤੇ ਤਰਨਪ੍ਰੀਤ ਸਿੰਘ ਵਜੋਂ ਹੋਈ ਹੈ। ਐਸਐਸਪੀ ਦਲਜਿੰਦਰ ਸਿੰਘ ਢਿੱਲੋਂ ਨੇ ਦੱਸਿਆ ਕਿ 21 ਮਈ ਨੂੰ ਖੁਫੀਆ ਰਿਪੋਰਟਾਂ ਦੇ ਆਧਾਰ 'ਤੇ ਪੁਲਿਸ ਨੇ ਬਲਜੀਤ ਸਿੰਘ ਉਰਫ਼ ਬਿੱਟੂ ਨੂੰ ਦੇਸ਼ ਵਿਰੋਧੀ ਤਾਕਤਾਂ ਨੂੰ ਫੌਜ ਅਤੇ ਅਰਧ ਸੈਨਿਕ ਬਲਾਂ ਦੀਆਂ ਸੰਵੇਦਨਸ਼ੀਲ ਤਸਵੀਰਾਂ ਭੇਜਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਸੀ। ਉਨ੍ਹਾਂ ਨੇ ਜੰਮੂ-ਪਠਾਨਕੋਟ ਰਾਸ਼ਟਰੀ ਰਾਜਮਾਰਗ 44 'ਤੇ ਸੁਜਾਨਪੁਰ ਵਿੱਚ ਪੁਲ ਨੰਬਰ 4 ਅਤੇ 5 ਦੇ ਵਿਚਕਾਰ ਲਗਾਇਆ ਗਿਆ ਸੀਸੀਟੀਵੀ ਕੈਮਰਾ ਵੀ ਬਰਾਮਦ ਕੀਤਾ। ਇਸ ਤੋਂ ਬਾਅਦ, ਪੁਲਿਸ ਨੇ ਉਸਦੇ ਦੋਸਤ ਅੰਕਿਤ ਨੂੰ ਵੀ ਗ੍ਰਿਫ਼ਤਾਰ ਕਰ ਲਿਆ। ਪੁਲਿਸ ਨੇ ਹੁਣ ਬਲਜੀਤ ਸਿੰਘ ਦੇ ਭਰਾ ਹਰਦੀਪ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ ਹੈ ਕਿਉਂਕਿ ਬਲਜੀਤ ਸਿੰਘ ਨੇ ਜਾਸੂਸੀ ਲਈ ਵਰਤਿਆ ਜਾਣ ਵਾਲਾ ਮੋਬਾਈਲ ਫ਼ੋਨ ਆਪਣੇ ਵੱਡੇ ਭਰਾ ਹਰਦੀਪ ਸਿੰਘ ਨੂੰ ਦਿੱਤਾ ਸੀ। ਦੱਸ ਦਈਏ ਕਿ ਜਿਵੇਂ ਹੀ ਬਲਜੀਤ ਨੂੰ ਫੜਿਆ ਗਿਆ, ਹਰਦੀਪ ਨੇ ਪੁਲਿਸ ਤੋਂ ਬਚਣ ਲਈ ਮੋਬਾਈਲ ਫੋਨ ਅਤੇ ਹੋਰ ਸਬੂਤ ਨਸ਼ਟ ਕਰ ਦਿੱਤੇ। ਪੁਲਿਸ ਨੇ ਗੁਲਜ਼ਾਰ ਸਿੰਘ ਦੇ ਪੁੱਤਰ ਬਲਜਿੰਦਰ ਸਿੰਘ ਉਰਫ਼ ਵਿੱਕੀ ਅਤੇ ਤਰਨਪ੍ਰੀਤ ਸਿੰਘ ਉਰਫ਼ ਤੰਨੂ ਨੂੰ ਪ੍ਰੋਡਕਸ਼ਨ ਵਾਰੰਟਾਂ 'ਤੇ ਜੇਲ੍ਹ ਤੋਂ ਬਾਹਰ ਲਿਆਂਦਾ ਹੈ। ਪੁਲਿਸ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਬਲਜੀਤ ਸਿੰਘ, ਬਲਜਿੰਦਰ ਸਿੰਘ ਅਤੇ ਤਰਨਪ੍ਰੀਤ ਸਿੰਘ ਲੰਬੇ ਸਮੇਂ ਤੋਂ ਪਾਕਿਸਤਾਨੀ ਆਈਐਸਆਈ ਨਾਲ ਮਿਲੀਭੁਗਤ ਵਿੱਚ ਸਨ ਅਤੇ ਉਨ੍ਹਾਂ ਲਈ ਜਾਸੂਸੀ ਕਰ ਰਹੇ ਸਨ। ਦੱਸ ਦਈਏ ਕਿ ਸਾਰੇ ਮੁਲਜ਼ਮ ਪੈਸੇ ਅਤੇ ਨਸ਼ੀਲੇ ਪਦਾਰਥਾਂ ਦੇ ਲਾਲਚ ਵਿੱਚ ਪਾਕਿਸਤਾਨੀ ਆਈਐਸਆਈ ਏਜੰਸੀਆਂ ਦੇ ਏਜੰਟ ਬਣ ਗਏ।

## ਓਲੰਪੀਅਨ ਤੇ ਅਰਜੁਨ ਐਵਾਰਡੀ ਨਿਸ਼ਾਨੇਬਾਜ਼ ਰਣਧੀਰ ਸਿੰਘ ਦਾ ਹੋਇਆ ਦਿਹਾਂਤ, ਕੈਪਟਨ ਅਮਰਿੰਦਰ ਸਿੰਘ ਦੇ ਚਚੇਰੇ ਭਰਾ ਸਨ

**ਪਟਿਆਲਾ, 27 ਮਈ (ਆਵਾਜ਼ਿ ਕੌਮ ਬਿਊਰੋ)**-ਓਲੰਪੀਅਨ ਤੇ ਅਰਜੁਨ ਐਵਾਰਡੀ ਨਿਸ਼ਾਨੇਬਾਜ਼ ਰਣਧੀਰ ਸਿੰਘ ਦਾ ਅੱਜ 79 ਸਾਲ ਦੀ ਉਮਰ 'ਚ ਦਿਹਾਂਤ ਹੋ ਗਿਆ। ਦੱਸ ਦਈਏ ਕਿ ਰਾਜਾ ਰਣਧੀਰ ਸਿੰਘ, ਪੰਜਾਬ ਦੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੇ ਚਚੇਰੇ ਭਰਾ ਸਨ। ਉਹ ਓਲੰਪੀਅਨ ਅਤੇ ਏਸ਼ੀਆ ਖੇਡਾਂ ਵਿੱਚ 5 ਵਾਰ ਸੋਨ ਤਗਮਾ ਜੇਤੂ ਰਹੇ ਸਨ। ਇਸ ਉਪਰੰਤ ਉਨ੍ਹਾਂ ਨੇ ਖੇਡ ਪ੍ਰਸ਼ਾਸਕ ਵੱਜੋਂ ਵੀ ਯੋਗਦਾਨ ਪਾਇਆ। ਭਾਰਤ ਸਰਕਾਰ ਵੱਲੋਂ ਉਨ੍ਹਾਂ ਦੀਆਂ ਇਨ੍ਹਾਂ ਪ੍ਰਾਪਤੀਆਂ ਨੂੰ ਵੇਖਦੇ ਹੋਏ ਵੱਕਾਰੀ ਅਰਜੁਨ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ ਸੀ। ਉਨ੍ਹਾਂ ਨੇ ਦਿੱਲੀ ਵਿਖੇ ਸਥਿਤ ਆਪਣੇ ਘਰ 'ਚ ਆਖਰੀ ਸਾਹ ਲਏ। ਆਪਣੇ ਚਚੇਰੇ ਭਰਾ ਦੀ ਮੌਤ 'ਤੇ ਕੈਪਟਨ ਅਮਰਿੰਦਰ ਸਿੰਘ ਨੇ ਵੀ ਦਿਹਾਂਤ 'ਤੇ ਦੁੱਖ ਜ਼ਾਹਰ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਬਹੁਤ ਹੀ ਦੁੱਖਭਰੀ ਖ਼ਬਰ ਹੈ ਕਿ ਮੇਰੇ ਭਰਾ, ਰਾਜਾ ਰਣਧੀਰ ਸਿੰਘ ਦਾ ਦਿਹਾਂਤ ਹੋ ਗਿਆ ਹੈ। ਵਾਹਿਗੁਰੂ ਜੀ, ਉਨ੍ਹਾਂ ਦੀ ਵਿਛੜੀ ਆਤਮਾ ਨੂੰ ਸਦੀਵੀਂ ਸ਼ਾਂਤੀ ਦੇਣ।



ਜ਼ਿਕਰਯੋਗ ਹੈ ਕਿ 26 ਜਨਵਰੀ, 2026 ਨੂੰ ਰਣਧੀਰ ਸਿੰਘ ਨੇ ਓਲੰਪਿਕ ਕੌਂਸਲ ਆਫ਼ ਏਸ਼ੀਆ ਦੇ ਪ੍ਰਧਾਨ ਦੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਸੀ। ਉਨ੍ਹਾਂ ਨੂੰ 2024 ਵਿੱਚ ਚਾਰ ਸਾਲਾਂ ਲਈ OCA ਪ੍ਰਧਾਨ ਚੁਣਿਆ ਗਿਆ ਸੀ। ਉਹ ਲੰਬੇ ਸਮੇਂ ਤੱਕ ਏਸ਼ੀਆਈ ਅਤੇ ਭਾਰਤੀ ਖੇਡ ਪ੍ਰਸ਼ਾਸਨ ਨਾਲ ਜੁੜੇ ਰਹੇ ਅਤੇ ਖੇਡਾਂ ਦੇ ਵਿਕਾਸ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ।

ਰਾਜਾ ਰਣਧੀਰ ਸਿੰਘ ਦਾ ਜਨਮ 18 ਅਕਤੂਬਰ, 1946 ਨੂੰ ਪੰਜਾਬ ਦੇ ਪਟਿਆਲਾ ਵਿੱਚ ਇੱਕ ਸ਼ਾਹੀ ਪਰਿਵਾਰ ਵਿੱਚ ਹੋਇਆ ਸੀ। 1978 ਵਿੱਚ, ਬੈਂਕਾਕ ਵਿੱਚ ਹੋਈਆਂ ਏਸ਼ੀਆਈ ਖੇਡਾਂ ਵਿੱਚ, ਉਨ੍ਹਾਂ ਨੇ ਟ੍ਰੈਪ ਸ਼ੂਟਿੰਗ ਵਿੱਚ ਸੋਨ ਤਗਮਾ ਜਿੱਤ ਕੇ ਇਤਿਹਾਸ ਰਚਿਆ। ਉਹ ਏਸ਼ੀਆਈ ਖੇਡਾਂ ਵਿੱਚ ਇਹ ਉਪਲਬਧੀ ਹਾਸਲ ਕਰਨ ਵਾਲੇ ਪਹਿਲੇ ਭਾਰਤੀ ਨਿਸ਼ਾਨੇਬਾਜ਼ ਬਣੇ। ਇਸ ਤੋਂ ਇਲਾਵਾ, ਉਨ੍ਹਾਂ ਨੇ 1968 ਤੋਂ 1984 ਤੱਕ ਲਗਾਤਾਰ ਪੰਜ ਓਲੰਪਿਕ ਖੇਡਾਂ ਵਿੱਚ ਭਾਰਤ ਦੀ ਨੁਮਾਇੰਦਗੀ ਕੀਤੀ। ਪੰਜਾਬੀ ਖ਼ਬਰਾਂ ਪੋਰਟਲ

ਉਨ੍ਹਾਂ ਨੇ 1987 ਤੋਂ 2014 ਤੱਕ ਭਾਰਤੀ ਓਲੰਪਿਕ ਐਸੋਸੀਏਸ਼ਨ ਦੇ ਆਨਰੇਰੀ ਸਕੱਤਰ-ਜਨਰਲ ਵਜੋਂ ਸੇਵਾ ਨਿਭਾਈ। 1991 ਤੋਂ 2015 ਤੱਕ ਓਲੰਪਿਕ ਕੌਂਸਲ ਆਫ਼ ਏਸ਼ੀਆ ਦੇ ਸਕੱਤਰ-ਜਨਰਲ ਵਜੋਂ, ਉਨ੍ਹਾਂ ਨੇ ਏਸ਼ੀਆਈ ਖੇਡਾਂ ਨੂੰ ਨਵੀਆਂ ਉਚਾਈਆਂ ਤੱਕ ਪਹੁੰਚਾਇਆ। 2001 ਤੋਂ 2014 ਤੱਕ, ਉਨ੍ਹਾਂ ਨੇ ਅੰਤਰਰਾਸ਼ਟਰੀ ਓਲੰਪਿਕ ਕਮੇਟੀ ਦੇ ਮੈਂਬਰ ਵਜੋਂ ਵੀ ਸੇਵਾ ਨਿਭਾਈ। ਇਸ ਦੌਰਾਨ, ਸਤੰਬਰ 2024 ਵਿੱਚ, ਉਨ੍ਹਾਂ ਨੇ ਇੱਕ ਵਾਰ ਫਿਰ ਇਤਿਹਾਸ ਰਚਿਆ ਜਦੋਂ ਉਨ੍ਹਾਂ ਨੂੰ OCA ਪ੍ਰਧਾਨ ਦੇ ਅਹੁਦੇ ਲਈ ਬਿਨਾਂ ਵਿਰੋਧ ਚੁਣਿਆ ਗਿਆ। ਉਹ ਇਹ ਮਾਣ ਪ੍ਰਾਪਤ ਕਰਨ ਵਾਲੇ ਪਹਿਲੇ ਭਾਰਤੀ ਬਣੇ ਸਨ।

### ਅਮਰੀਕਾ ਵਿੱਚ ਭਾਈ ਸੁਰਿੰਦਰ ਸਿੰਘ ਠੀਕਰੀਵਾਲ ਮਾਮਲਾ ਗੰਭੀਰ ਮੋੜ 'ਤੇ

# ICE ਕਸਟਡੀ ਤੋਂ ਬਾਅਦ ਵੱਡੀ ਜੇਲ੍ਹ ਵਿੱਚ ਤਬਦੀਲ, ਕੇਸ ਲਈ ਵਕੀਲਾਂ ਵੱਲੋਂ ਅਦਾਲਤ ਦਾ ਦਰਵਾਜ਼ਾ ਖੜਕਾਇਆ

**ਅਮਰੀਕਾ** ਵਿੱਚ ਗ੍ਰਿਫਤਾਰ ਕੀਤੇ ਗਏ ਭਾਈ ਸੁਰਿੰਦਰ ਸਿੰਘ ਠੀਕਰੀਵਾਲ ਦੇ ਮਾਮਲੇ ਨੇ ਹੁਣ ਨਵਾਂ ਮੋੜ ਲੈ ਲਿਆ ਹੈ। ਭਰੋਸੇਯੋਗ ਸੂਤਰਾਂ ਅਤੇ ਉਹਨਾਂ ਦੇ ਨਜ਼ਦੀਕੀ ਮਦਦਗਾਰਾਂ ਕੋਲੋਂ ਮਿਲੀ ਜਾਣਕਾਰੀ ਮੁਤਾਬਕ, ਅਮਰੀਕੀ ਏਜੰਸੀ ICE (ਇਮੀਗ੍ਰੇਸ਼ਨ ਐਂਡ ਕਸਟਮਜ਼ ਇਨਫੋਰਸਮੈਂਟ) ਵੱਲੋਂ ਕਈ ਦਿਨਾਂ ਤੱਕ ਪੁੱਛਗਿੱਛ ਕਰਨ ਤੋਂ ਬਾਅਦ ਹੁਣ ਉਹਨਾਂ ਨੂੰ ਵੱਡੀ ਜੇਲ੍ਹ ਵਿੱਚ ਤਬਦੀਲ ਕਰ ਦਿੱਤਾ ਗਿਆ ਹੈ।

ਸੂਤਰਾਂ ਅਨੁਸਾਰ ਭਾਈ ਠੀਕਰੀਵਾਲ ਨੂੰ ਪਹਿਲਾਂ ਪੁਲਿਸ ਵੱਲੋਂ ਹਿਰਾਸਤ ਵਿੱਚ ਲਿਆ ਗਿਆ ਸੀ, ਜਿਸ ਤੋਂ ਬਾਅਦ ICE ਏਜੰਸੀ ਨੇ ਉਹਨਾਂ ਨੂੰ ਆਪਣੀ ਕਸਟਡੀ ਵਿੱਚ ਰੱਖ ਕੇ ਪੁੱਛਗਿੱਛ ਕੀਤੀ। ਇਸ ਦੌਰਾਨ ਉਹਨਾਂ ਨਾਲ ਸੰਬੰਧਿਤ ਕਾਨੂੰਨੀ ਅਤੇ ਇਮੀਗ੍ਰੇਸ਼ਨ ਮਾਮਲਿਆਂ ਦੀ ਵੀ ਜਾਂਚ ਕੀਤੀ ਗਈ। ਹੁਣ ਤਾਜ਼ਾ ਜਾਣਕਾਰੀ ਮੁਤਾਬਕ, ਉਹਨਾਂ ਨੂੰ ਇੱਕ ਵੱਡੇ ਡਿਟੈਨਸ਼ਨ ਸੈਂਟਰ ਜਾਂ ਜੇਲ੍ਹ ਵਿੱਚ ਭੇਜਿਆ ਗਿਆ ਹੈ।

ਇਸ ਮਾਮਲੇ ਦੇ ਸਾਹਮਣੇ ਆਉਣ ਤੋਂ ਬਾਅਦ ਸਿੱਖ ਭਾਈਚਾਰੇ ਅਤੇ ਉਹਨਾਂ ਨਾਲ ਜੁੜੀਆਂ ਜਥੇਬੰਦੀਆਂ ਵਿੱਚ ਚਿੰਤਾ ਦਾ ਮਾਹੌਲ ਬਣਿਆ ਹੋਇਆ ਹੈ। ਦੱਸਿਆ ਜਾ ਰਿਹਾ ਹੈ ਕਿ ਭਾਈ ਠੀਕਰੀਵਾਲ ਦੇ ਕੇਸ ਦੀ ਪੈਰਵਾਈ ਲਈ ਅਮਰੀਕਾ ਵਿੱਚ ਕਾਨੂੰਨੀ ਮਾਹਿਰਾਂ ਅਤੇ ਵਕੀਲਾਂ ਦੀ ਟੀਮ ਤਿਆਰ ਕੀਤੀ ਗਈ ਹੈ। ਵਕੀਲਾਂ ਵੱਲੋਂ ਅਦਾਲਤ ਵਿੱਚ ਕੇਸ ਵੀ ਫਾਇਲ ਕਰ ਦਿੱਤਾ ਗਿਆ ਹੈ ਅਤੇ ਹੁਣ ਆਉਣ ਵਾਲੀਆਂ ਸੁਣਵਾਈਆਂ ਦੌਰਾਨ ਮਾਮਲੇ ਦੀ ਦਿਸ਼ਾ ਸਪਸ਼ਟ ਹੋਣ ਦੀ ਸੰਭਾਵਨਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਉਹਨਾਂ ਦੇ ਸਮਰਥਕਾਂ ਦਾ ਕਹਿਣਾ ਹੈ ਕਿ ਭਾਈ ਸੁਰਿੰਦਰ ਸਿੰਘ ਠੀਕਰੀਵਾਲ ਨੂੰ ਕਾਨੂੰਨੀ ਸਹਾਇਤਾ ਮੁਹੱਈਆ ਕਰਵਾਉਣ ਲਈ ਭਾਈਚਾਰੇ ਵੱਲੋਂ ਪੂਰਾ ਸਹਿਯੋਗ ਦਿੱਤਾ ਜਾ ਰਿਹਾ ਹੈ। ਉੱਧਰ, ਕਈ ਜਥੇਬੰਦੀਆਂ ਵੱਲੋਂ ਵੀ ਇਸ ਮਾਮਲੇ 'ਤੇ ਨਜ਼ਰ ਰੱਖੀ ਜਾ ਰਹੀ ਹੈ ਅਤੇ ਲੋੜ ਪੈਣ 'ਤੇ ਵੱਡੇ ਪੱਧਰ 'ਤੇ ਕਾਨੂੰਨੀ ਅਤੇ ਸਮਾਜਿਕ ਸਹਿਯੋਗ ਦੇਣ ਦੀ ਗੱਲ ਕਹੀ ਜਾ ਰਹੀ ਹੈ। ਫਿਲਹਾਲ ਅਮਰੀਕੀ ਅਧਿਕਾਰੀਆਂ ਵੱਲੋਂ ਇਸ ਮਾਮਲੇ ਬਾਰੇ ਕੋਈ ਵਿਸਥਾਰਪੂਰਵਕ ਅਧਿਕਾਰਿਕ ਬਿਆਨ ਸਾਹਮਣੇ ਨਹੀਂ ਆਇਆ। ਇਸ ਕਾਰਨ ਕਈ ਤੱਥ ਅਜੇ ਵੀ ਸਪਸ਼ਟ ਨਹੀਂ ਹਨ। ਪਰੰਤੂ ਭਰੋਸੇਯੋਗ ਸੂਤਰਾਂ ਦਾ ਕਹਿਣਾ ਹੈ ਕਿ ਆਉਣ ਵਾਲੇ ਦਿਨਾਂ ਵਿੱਚ ਅਦਾਲਤੀ ਕਾਰਵਾਈ ਅਤੇ ਸਰਕਾਰੀ ਦਸਤਾਵੇਜ਼ਾਂ ਰਾਹੀਂ ਹੋਰ ਮਹੱਤਵਪੂਰਨ ਜਾਣਕਾਰੀਆਂ ਸਾਹਮਣੇ ਆ ਸਕਦੀਆਂ ਹਨ। ਇਸ ਮਾਮਲੇ ਨੂੰ ਲੈ ਕੇ ਪੰਜਾਬ ਅਤੇ ਵਿਦੇਸ਼ਾਂ ਵਿੱਚ ਰਹਿੰਦੇ ਸਿੱਖ ਭਾਈਚਾਰੇ ਵਿੱਚ ਵੀ ਚਰਚਾ ਤੇ ਚਿੰਤਾ ਦਾ ਮਾਹੌਲ ਬਣਿਆ ਹੋਇਆ ਹੈ। ਹੁਣ ਸਭ ਦੀ ਨਜ਼ਰ ਅਮਰੀਕੀ ਅਦਾਲਤਾਂ ਵਿੱਚ ਹੋਣ ਵਾਲੀ ਅਗਲੀ ਕਾਰਵਾਈ 'ਤੇ ਟਿਕੀ ਹੋਈ।




AWAZE QAUM TV
ਅਮਰੀਕਾ ਵਿੱਚ
ਭਾਈ ਸੁਰਿੰਦਰ ਸਿੰਘ
ਠੀਕਰੀਵਾਲ ਮਾਮਲਾ
ਗੰਭੀਰ ਮੋੜ 'ਤੇ!
ICE ਕਸਟਡੀ ਤੋਂ ਬਾਅਦ
ਵੱਡੀ ਜੇਲ੍ਹ ਵਿੱਚ ਤਬਦੀਲ
ਕੇਸ ਲਈ ਵਕੀਲਾਂ ਵੱਲੋਂ ਅਦਾਲਤ ਦਾ ਦਰਵਾਜ਼ਾ ਖੜਕਾਇਆ
ਅਮਰੀਕਾ ਵਿੱਚ ਗ੍ਰਿਫਤਾਰ ਕੀਤੇ ਗਏ ਭਾਈ ਸੁਰਿੰਦਰ ਸਿੰਘ ਠੀਕਰੀਵਾਲ ਦੇ ਮਾਮਲੇ ਨੇ ਹੁਣ ਨਵਾਂ ਮੋੜ ਲੈ ਲਿਆ ਹੈ। ICE ਵੱਲੋਂ ਕਈ ਦਿਨਾਂ ਤੱਕ ਪੁੱਛਗਿੱਛ ਕਰਨ ਤੋਂ ਬਾਅਦ ਹੁਣ ਉਹਨਾਂ ਨੂੰ ਵੱਡੀ ਜੇਲ੍ਹ ਵਿੱਚ ਤਬਦੀਲ ਕਰ ਦਿੱਤਾ ਗਿਆ ਹੈ।
ICE
IMMIGRATION AND CUSTOMS ENFORCEMENT
ਮੱਖ ਬਿੰਦੂ
ਪਹਿਲਾਂ ਪੁਲਿਸ ਹਿਰਾਸਤ ਵਿੱਚ ਲਿਆ ਗਿਆ ਸੀ
ICE ਏਜੰਸੀ ਨੇ ਕਸਟਡੀ ਵਿੱਚ ਰੱਖ ਕੇ ਕੀਤੀ ਪੁੱਛਗਿੱਛ
ਹੁਣ ਵੱਡੇ ਡਿਟੈਨਸ਼ਨ ਸੈਂਟਰ/ ਜੇਲ੍ਹ ਵਿੱਚ ਤਬਦੀਲ
ਅਮਰੀਕਾ ਵਿੱਚ ਵਕੀਲਾਂ ਦੀ ਟੀਮ ਨੇ ਕੇਸ ਕੀਤਾ ਫਾਇਲ
ਸਿੱਖ ਭਾਈਚਾਰੇ ਅਤੇ ਜਥੇਬੰਦੀਆਂ ਵੱਲੋਂ ਨਜ਼ਰ ਰੱਖੀ ਜਾ ਰਹੀ ਹੈ
ਮਾਮਲੇ ਦੀ ਸਖਿਤਡੀ
ਭਰੋਸੇਯੋਗ ਸੂਤਰਾਂ ਮੁਤਾਬਕ, ਭਾਈ ਠੀਕਰੀਵਾਲ ਨਾਲ ਸੰਬੰਧਿਤ ਕਾਨੂੰਨੀ ਅਤੇ ਇਮੀਗ੍ਰੇਸ਼ਨ ਮਾਮਲਿਆਂ ਦੀ ਜਾਂਚ ਕੀਤੀ ਗਈ। ਹੁਣ ਉਹਨਾਂ ਦੇ ਕੇਸ ਦੀ ਪੈਰਵਾਈ ਲਈ ਕਾਨੂੰਨੀ ਮਾਹਿਰਾਂ ਅਤੇ ਵਕੀਲਾਂ ਦੀ ਟੀਮ ਤਿਆਰ ਕੀਤੀ ਗਈ ਹੈ। ਅਦਾਲਤ ਵਿੱਚ ਕੇਸ ਫਾਇਲ ਕੀਤਾ ਜਾ ਚੁੱਕਾ ਹੈ ਅਤੇ ਆਉਣ ਵਾਲੀਆਂ ਸੁਣਵਾਈਆਂ ਦੌਰਾਨ ਮਾਮਲੇ ਦੀ ਦਿਸ਼ਾ ਸਪਸ਼ਟ ਹੋਣ ਦੀ ਸੰਭਾਵਨਾ ਹੈ।
ਭਾਈਚਾਰੇ ਨੂੰ ਅਪੀਲ: ਭਾਈ ਸੁਰਿੰਦਰ ਸਿੰਘ ਠੀਕਰੀਵਾਲ ਲਈ ਵੱਧ ਤੋਂ ਵੱਧ ਅਰਦਾਸ ਕਰੋ
#SurinderSinghThikriwal #ICE #America #SikhCommunity #PunjabNews #BreakingNews
AWAZE QAUM TV
AwazeQaumTV FOLLOW US
AwazeQaumTV SUBSCRIBE US
AwazeQaumTV FOLLOW US
AwazeQaumTV FOLLOW US

# ਅੰਮ੍ਰਿਤਸਰ ਸਹਿਬ 6 ਜੂਨ 1984 ਦੇ ਬਲੂ ਸਟਾਰ ( ਘੱਲੂਘਾਰੇ ) ਦੇ ਸੰਬੰਧ ਵਿੱਚ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਵੱਲੋਂ ਵੱਖ-ਵੱਖ ਨਗਰਾਂ ਵਿੱਚ ਸਮਾਗਮਾਂ ਰਾਹੀਂ ਸਿੱਖ ਕੌਮ ਨੂੰ ਕੀਤਾ ਜਾ ਰਿਹਾ ਹੈ ਜਾਗਰਿਤ





ਹਰ ਸਾਲ ਦੀ ਤਰ੍ਹਾਂ 6 ਜੂਨ 2026 ਨੂੰ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਮਨਾਏ ਜਾ ਰਹੇ ਘੱਲੂਘਾਰਾ ਦਿਵਸ ਦੇ ਸਬੰਧ ਵਿੱਚ 30 ਤੋਂ 40 ਨਗਰਾਂ ਦੇ ਵਿੱਚ ਧਰਮ ਪ੍ਰਚਾਰ ਰਾਹੀਂ ਉਸ ਸਮੇਂ ਦੀ ਹਕੂਮਤ ਕਾਂਗਰਸ ਮੁਖੀ ਇੰਦਰਾ ਗਾਂਧੀ ਵੱਲੋਂ ਕੀਤੇ ਗਏ ਬਲੂ ਸਟਾਰ ਆਪਰੇਸ਼ਨ ਦੇ ਸਬੰਧ ਵਿੱਚ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਵੱਲੋਂ ਵੱਖ-ਵੱਖ ਨਗਰਾਂ ਵਿੱਚ ਜਾ ਕੇ ਸਿੱਖੀ ਪ੍ਰਚਾਰ ਰਾਹੀਂ ਸੰਗਤਾਂ ਨੂੰ ਜਾਗਰਿਤ ਕੀਤਾ ਜਾ ਰਿਹਾ ਹੈ ਜੋ ਇਹ ਲੜੀਵਾਰ ਪ੍ਰਚਾਰ 1 ਇਕ ਮਈ ਸ਼ੁਕਰਵਾਰ ਤੋਂ ਪਿੰਡ ਜਬੋਵਾਲ ਤੋਂ ਆਰੰਭ ਕਰਕੇ ਵੱਖ ਵੱਖ ਨਗਰਾਂ ਜਿਵੇਂ ਹਯਾਤ ਗੁਰਦਾਸਪੁਰ, ਸੰਗਤਪੁਰਾ ਬਰਵਾਲਾ ਗੁਰਦਾਸਪੁਰ, ਨਗਰ ਕਾਹਲਵਾਂ, ਗੁਰਦੁਆਰਾ ਭਗਤਾਂ ਡੇਰਾ ਤਰਸਿਕਾ, ਨਗਰ ਨਿਕੇ ਘੁੰਮਣ, ਨਗਰ ਚੋਣੇ, ਨਗਰ ਮੁਰਾਦਪੁਰਾ ਚੁੰਗ, ਸ੍ਰੀ ਗੁਰੂ ਹਰਗੋਬਿੰਦ ਸਿੰਘ ਜੀ ਇੰਟਰਨੈਸ਼ਨਲ ਪਬਲਿਕ ਸਕੂਲ, ਅਬਦਾਲ, ਮੱਤੇਵਾਲ, ਲੀਲ ਕਲਾਂ, ਨਗਰ ਭਲਾਈਪੁਰ ਪੁਰਬਾਂ, ਨਗਰ ਖਲੈਹਿਰਾ, ਨਗਰ ਜਫਰਵਾਲ ਗੁਰਦਾਸਪੁਰ, ਲਾਲਪੁਰਾ ਗੁਰਦਾਸਪੁਰ, ਗੁਰਦੁਆਰਾ ਸਿੰਘ ਸਭਾ ਕਾਨੂਵਾਨ ਛੰਭ ਗੜੀ ਗੁਰਦਾਸਪੁਰ, ਨੰਗਲ ਚਿਲਾੜੀ, ਗੱਗੜ ਭਾਣਾ, ਧਰਦਿਓ, ਨਗਰ ਵੀਲਾ ਮੀਕੇ, ਸਿਆਲਕਾ, ਖੱਬੇ ਰਾਜਪੂਤਾਂ, ਜਲਾਲ ਉਸਮਾ, ਸਹਾਇਪੁਰ, ਜੇਠੂਵਾਲ, ਬਤਾਲਾ ਗੁਰਦੁਆਰਾ ਰਾਮ ਥੰਮਣ ਸਠਿਆਲਾ, 30 ਮਈ ਨੂੰ ਮਹਿਸਮਪੁਰ 31 ਮਈ ਨੂੰ ਚੌਂਕ ਮਹਿਤਾ ਅਤੇ ਇਸ ਤਰ੍ਹਾਂ ਹੀ ਇੱਕ ਜੂਨ ਤੋਂ ਪੰਜ ਜੂਨ ਤੱਕ ਸ਼ਾਮ 4 ਵਜੇ ਤੋਂ 6 ਵਜੇ ਤੱਕ ਘੱਲੂਘਾਰਾ ਦਿਵਸ ਜੂਨ 1984 ਦੇ ਸਬੰਧ ਵਿੱਚ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਚੌਕ ਮਹਿਤਾ ਵਿਖੇ ਨਿਰੰਤਰ ਸਮਾਗਮ ਜਾਰੀ ਰਹਿਣਗੇ ਖਾਲਸਾ ਸਾਧ ਸੰਗਤ ਜੀ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਵੱਲੋਂ ਜੋ ਇਸ ਸਮੇਂ ਮੌਜੂਦਾ ਮੁਖੀ ਹਨ ਦਮਦਮੀ ਟਕਸਾਲ ਵਲੋਂ ਬਹੁਤ ਵੱਡੀ ਘਾਲਣਾ ਘਾਲੀ ਜਾ ਰਹੀ ਹੈ ਅਤੇ ਦਿਨ ਰਾਤ ਤਪਦੀਆਂ ਸ਼ਿਖਰ ਦੁਪਹਿਰਾਂ ਵਿੱਚ ਵੀ ਸਿੱਖ ਕੌਮ ਨੂੰ ਜਾਗਰਤ ਕਰਨ ਵਾਸਤੇ ਵੱਖ ਵੱਖ ਨਗਰਾਂ ਵਿੱਚ ਜਿਵੇਂ ਉੱਪਰ ਦੱਸ ਚੁੱਕੇ ਹਾਂ 30 ਤੋਂ 40 ਨਗਰਾਂ ਵਿੱਚ ਪ੍ਰੋਗਰਾਮ ਰੱਖ ਕੇ ਸਿੱਖ ਕੌਮ ਨੂੰ ਜਾਲਮ ਹਕੂਮਤਾਂ ਵੱਲੋਂ ਸਮੇਂ ਸਮੇਂ ਕੀਤੇ ਜਾ ਰਹੇ ਜ਼ੁਲਮਾਂ ਦੇ ਸੰਬੰਧ ਵਿੱਚ ਜਾਗਰਤ ਕੀਤਾ ਜਾ ਰਿਹਾ ਹੈ

ਅਸੀਂ ਇੱਥੇ ਇਹ ਦੱਸਣਾ ਚਾਹੁੰਦੇ ਹਾਂ ਕਿ ਜਿਵੇਂ ਸੰਤ ਬਾਬਾ ਕਰਤਾਰ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਸਿੱਖੀ ਦੇ ਪ੍ਰਚਾਰ ਲਈ ਸਾਰੇ ਭਾਰਤ ਭਰ ਵਿੱਚ ਦਿਨ ਰਾਤ ਸਿੱਖ ਕੌਮ ਨੂੰ ਜਾਗਰਿਤ ਕਰਦੇ ਰਹੇ ਅਤੇ ਐਮਰਜੰਸੀ ਦੇ ਖਿਲਾਫ ਬਹੁਤ ਵੱਡਾ ਸੰਘਰਸ਼ ਸੰਤ ਬਾਬਾ ਕਰਤਾਰ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਨੇ ਲੜਿਆ ਇਸ ਤਰ੍ਹਾਂ ਹੀ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਨੇ ਨਗਰ ਨਗਰ ਦੇਸ਼ ਦੇ ਅੰਦਰ ਵੱਖ-ਵੱਖ ਸਟੇਟਾਂ ਵਿੱਚ ਸਿੱਖੀ ਦੇ ਪ੍ਰਚਾਰ ਲਈ ਉਪਰਾਲੇ ਕੀਤੇ ਸਨ ਉਸ ਤਰ੍ਹਾਂ ਹੀ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਉਹਨਾਂ ਮਹਾਂਪੁਰਖਾਂ ਦੇ ਪਾਏ ਹੋਏ ਪੂਰਨਿਆਂ ਤੇ ਚਲਦੇ ਹੋਏ ਅਣਥੱਕ ਮਿਹਨਤ ਨਾਲ ਭਾਰਤ ਦੇਸ਼ ਦੇ ਅੰਦਰ ਵੱਖ ਵੱਖ ਸਟੇਟਾਂ ਦੇ ਵਿੱਚ ਜਾ ਕੇ ਸਿੱਖ ਕੌਮ ਨੂੰ ਜਾਗਰਤ ਕਰਕੇ ਸਿੱਖੀ ਨਾਲ ਜੋੜ ਰਹੇ ਹਨ ਅਤੇ ਛੇ ਜੂਨ ਦੇ ਸਬੰਧ ਵਿੱਚ ਸੰਗਤਾਂ ਨੂੰ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਪਹੁੰਚ ਕੇ 20ਵੀਂ ਸਦੀ ਦੇ ਮਹਾਨ ਯੋਧੇ ਕਥਨੀ ਅਤੇ ਕਰਨੀ ਦੇ ਪੂਰੇ ਸੂਰਬੀਰ ਅਮਰ ਸ਼ਹੀਦ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਸ਼ਹੀਦ ਭਾਈ ਅਮਰੀਕ ਸਿੰਘ ਜੀ ਸ਼ਹੀਦ ਜਨਰਲ ਸ਼ਬੇਗ ਸਿੰਘ ਜੀ ਸ਼ਹੀਦ ਬਾਬਾ ਠਾਰਾ ਸਿੰਘ ਜੀ ਅਤੇ ਹੋਰ ਹਜ਼ਾਰਾਂ ਹੀ ਨੌਜਵਾਨਾਂ ਬੀਬੀਆਂ ਬੱਚਿਆਂ ਨੂੰ ਸ਼ਰਧਾਂਜਲੀ ਅਰਪਤ ਕਰਨ ਲਈ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਚਰਨਾਂ ਵਿੱਚ ਨਤਮਸਤਕ ਹੋ ਕੇ ਅਰਦਾਸ ਕਰਨ ਲਈ ਬਹੁਤ ਵੱਡਾ ਪ੍ਰੇਰਨਾ ਸਰੋਤ ਉਪਰਾਲਾ ਕਰ ਰਹੇ ਹਨ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਵੱਲੋਂ 6 ਜੂਨ ਨੂੰ ਸ਼ਹੀਦਾਂ ਦੀ ਯਾਦ ਵਿੱਚ ਦਮਦਮੀ ਟਕਸਾਲ ਦੇ ਹੈਡ ਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਚੌਂਕ ਮਹਿਤਾ ਵਿਖੇ ਸੰਗਤਾਂ ਨੂੰ ਹੁਮ ਹੁਮਾ ਕੇ ਪਹੁੰਚਣ ਦੀਆਂ ਬੇਨਤੀਆਂ ਕਰ ਰਹੇ ਹਨ ਅਤੇ 30 ਮਈ ਨੂੰ ਸਾਰੇ ਇਲਾਕੇ ਦੀ ਸੰਗਤ ਨੂੰ 6 ਜੂਨ ਦੇ ਪ੍ਰਬੰਧ ਕਰਨ ਵਾਸਤੇ 12 ਵਜੇ ਮੀਟਿੰਗ ਰੱਖੀ ਗਈ ਹੈ ਸੋ ਆਪ ਸਭ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਚੌਕ ਮਹਿਤਾ ਵਿਖੇ ਪਹੁੰਚ ਕੇ ਧੰਨਵਾਦੀ ਬਣਾਓ ਜੀ ਦਾਸ

**-ਇਕਬਾਲ ਸਿੰਘ ਤੁੰਗ ਸਾਬਕਾ ਨਿਜੀ ਸਕੱਤਰ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਅੰਮ੍ਰਿਤਸਰ ਸਾਹਿਬ**

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। **-ਸੰਪਾਦਕ**




Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV








# 2 ਜੂਨ ਨੂੰ ਪਿੰਡ ਰੋਡੇ ਪੁੱਜੋ

--✶ ਬੇਨਤੀ ਕਰਤਾ ✶--

## ਸੰਤ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ, ਭਿੰਡਰਾਂਵਾਲੇ

ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ
ਪਿੰਡ ਰੋਡੇ
ਪਹੁੰਚੋ
ਸਮਾਗਮ ਦਾ ਸਮਾ
ਸਵੇਰੇ 10 ਤੋਂ
3 ਵਜੇ
ਤੱਕ
ਆਵਾਜ਼ਿ ਕੌਮ
AWAZE QAUM
International Newspaper & WEB TV
ਵੱਲੋਂ :- ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, (98140-13915)




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243





* ਪ੍ਰਣਾਮ ਸ਼ਹੀਦਾਂ ਨੂੰ *

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ, ਸ਼ਹੀਦ ਭਾਈ ਅਮਰੀਕ ਸਿੰਘ, ਸ਼ਹੀਦ ਬਾਬਾ ਥਾਰਾ ਸਿੰਘ, ਸ਼ਹੀਦ ਜਨਰਲ ਸ਼ਬੇਗ ਸਿੰਘ ਅਤੇ ਸਮੂਹ ਸ਼ਹੀਦ ਸਿੰਘਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦੇ ਹਾਂ ਜਿਨ੍ਹਾਂ ਨੇ ਜੂਨ 1984 ਵਿੱਚ 'ਧਰਮ ਹੇਤ ਸੀਸ ਵਾਰ' ਕੇ ਪੰਜਵੇਂ ਨਾਨਕ ਗੁਰੂ ਅਰਜਨ ਪਾਤਸ਼ਾਹ ਜੀ ਨੂੰ ਅਕੀਦਤ ਦੇ ਫੁੱਲ ਭੇਟ ਕੀਤੇ।

ਸਮੂਹ ਸਿੱਖ ਸੰਗਤ ਦੇ ਸਹਿਯੋਗ ਨਾਲ ਗੁਰਦੁਵਾਰਾ ਸਾਹਿਬ Hesperia 1.30 pm ਕੱਲ ਐਤਵਾਰ ਆਰੰਭ SRI SEHEJ PATH JI In Memory of All Saheed who laid their lives for protection of SRI DARBARAND SRI AKAL TAKHATSAHIB of 6th. June AIHD ( ਤੀਸਰਾ ਘੱਲੂਘਾਰਾ) ਸ੍ਰੀ ਸਹਿਜ ਪਾਠ ਦੇ ਭੋਗ 7th. ਜੂਨ 2026 ਨੂੰ 10 ਵਜੇ ਪੈਣਗੇ ਉਪਰੰਤ ਸ਼ਹੀਦਾਂ ਦੀ ਯਾਦ ਵਿੱਚ ਦੀਵਾਨ ਸਜਾਏ ਜਾਣਗੇ

--* ਜਾਰੀ ਕਰਤਾ *--

# ਸਮੂਹ ਪ੍ਰਬੰਧਕ ਕਮੇਟੀ

## ਗੁਰਦੁਵਾਰਾ ਸਾਹਿਬ Hesperia U. S.A.


ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ
ਵੱਡੇ ਪੱਧਰ ਤੇ ਮਨਾਇਆ ਜਾ ਰਿਹਾ ਹੈ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ 10 ਵਜੇ ਤੋਂ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਸੰਤ ਭਿੰਡਰਾਂਵਾਲੇ
ਬੇਨਤੀ ਕਰਤਾ : ਸੰਤਾਂ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ ਅਤੇ ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915
ਗੁਰੂ ਕੇ ਲੰਗਰ ਅਤੁੱਟ ਵਰਤਣਗੇ


ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ
ਵੱਡੇ ਪੱਧਰ ਤੇ ਮਨਾਇਆ ਜਾ ਰਿਹਾ ਹੈ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ 10 ਵਜੇ ਤੋਂ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਸੰਤ ਭਿੰਡਰਾਂਵਾਲੇ
ਬੇਨਤੀ ਕਰਤਾ : ਸੰਤਾਂ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ ਅਤੇ ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915
ਗੁਰੂ ਕੇ ਲੰਗਰ ਅਤੁੱਟ ਵਰਤਣਗੇ




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

# ਘੱਲੂਘਾਰਾ ਜੂਨ 1984 ਨੂੰ 5, 6, 7 ਜੂਨ ਨੂੰ ਭਾਰੀ ਦੀਵਾਨ ਸਜਣਗੇ



☛ ਸ਼ਹੀਦੀ ਦਿਹਾੜਾ ਦਮਦਮੀ ਟਕਸਾਲ ਦੇ 14 ਵੇਂ ਮੁਖੀ ਸਿੱਖ ਕੌਮ ਜਰਨੈਲ ਸ੍ਰੀਮਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਅਤੇ ਨਾਲ ਦੇ ਸ਼ਹੀਦ ਹੋਏ ਸਿੰਘ ਸਿੰਘਣੀਆਂ ਭੁਝੰਗੀਆਂ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।



ਢਾਡੀ ਜਥਾ ਗਿਆਨੀ ਸੁਖਜਿੰਦਰ ਸਿੰਘ ਨੂਰ

• ਸ਼ੁੱਕਰਵਾਰ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ 10 : 30 ਵਜੇ ਹੋਵੇਗੀ 5 ਜੂਨ ਨੂੰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ। • ਸ਼ਨਿੱਚਰਵਾਰ 6 ਜੂਨ ਸ਼ਾਮ ਨੂੰ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਐਤਵਾਰ 7 ਜੂਨ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਪਹਿਲਾਂ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਸ੍ਰੀ ਅਖੰਡ ਪਾਠ ਸਾਹਿਬ ਦੇ 10:30 ਪੈਣਗੇ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਢਾਡੀ ਜਥਾ ਗਿਆਨੀ ਸੁਖਜਿੰਦਰ ਸਿੰਘ ਜੀ ਨੂਰ ਢਾਡੀ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

• ਤਰਾਂ ਤਰਾਂ ਦੇ ਸਟਾਲ ਵੀ ਲੱਗਣਗੇ • ਗੁਰੂ ਕਾ ਲੰਗਰ ਅਤੁੱਟ ਵਰਤੇਗਾ।

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778


ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ
ਵੱਡੇ ਪੱਧਰ ਤੇ ਮਨਾਇਆ ਜਾ ਰਿਹਾ ਹੈ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ 10 ਵਜੇ ਤੋਂ 3 ਵਜੇ ਤੱਕ
ਵਿਦੇਸ਼ ਨਿਵਾਸੀ ਸਿੰਘਾਂ ਵੱਲੋਂ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਸੰਤ ਭਿੰਡਰਾਂਵਾਲੇ
ਭਾਈ ਅਵਤਾਰ ਸਿੰਘ ਕੂੰਨਰ ਸਾਬਕਾ ਪ੍ਰਧਾਨ ISYF ਕੈਨੇਡਾ
ਭਾਈ ਪਰਮਿੰਦਰ ਸਿੰਘ ਬੱਲ ਪ੍ਰਧਾਨ ਸਿੱਖ ਫੈਡਰੇਸ਼ਨ ਯੂ.ਕੇ.
ਭਾਈ ਬਲਿਹਾਰ ਸਿੰਘ ਰੰਧਾਵਾ ਸਿੱਖ ਵਿਦਵਾਨ
ਭਾਈ ਤੇਜਿੰਦਰ ਸਿੰਘ ਜੀ ਪ੍ਰਧਾਨ ਗੁਰਦੁਆਰਾ ਸਮੈਥਿਕ ਯੂ.ਕੇ.
ਭਾਈ ਕੁਲਦੀਪ ਸਿੰਘ ਦਿਓਲ ਸਮੈਥਿਕ ਯੂ.ਕੇ.
ਭਾਈ ਪਰਮਜੀਤ ਸਿੰਘ ਜੀ ਬਿਆਸ ਪਿੰਡ ਵਾਲੇ, ਯੂ.ਕੇ.
ਭਾਈ ਮੋਹਨ ਸਿੰਘ ਜੀ ਯੂ.ਕੇ.
ਭਾਈ ਰੇਸ਼ਮ ਸਿੰਘ ਜੀ ਯੂ.ਕੇ.
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ
ਭਾਈ ਲਹਿੰਬਰ ਸਿੰਘ ਯੂ.ਕੇ. ਫਤਹਿਪੁਰ ਵਾਲੇ
ਭਾਈ ਗੁਰਜਾਪ ਸਿੰਘ ਰੋਡੇ ਕੈਨੇਡਾ
ਭਾਈ ਇੰਦਰਜੀਤ ਸਿੰਘ ਜੀ ਭਿੰਡਰ ਕਲਾਂ ਯੂ.ਏ.ਈ
ਭਾਈ ਜਸਵਿੰਦਰ ਸਿੰਘ ਜੀ ਕਿੱਲੀ ਚਾਹਲ
ਗਿਆਨੀ ਸੰਦੀਪ ਸਿੰਘ ਜੀ ਯੂ.ਐਸ.ਏ.
ਭਾਈ ਕੇਹਰ ਸਿੰਘ ਜੀ ਯੂ.ਕੇ.
ਸ. ਯਾਦਵਿੰਦਰ ਸਿੰਘ ਬਰਾੜ ਯੂ.ਐਸ.ਏ.
ਸ. ਅਜੀਤ ਸਿੰਘ ਬਰਾੜ ਕੈਨੇਡਾ
ਬੇਨਤੀ ਕਰਤਾ : ਸੰਤਾਂ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ ਅਤੇ ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915
ਗੁਰੂ ਕੇ ਲੰਗਰ ਅਤੁੱਟ ਵਰਤਣਗੇ


ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ
ਵੱਡੇ ਪੱਧਰ ਤੇ ਮਨਾਇਆ ਜਾ ਰਿਹਾ ਹੈ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ 10 ਵਜੇ ਤੋਂ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਸੰਤ ਭਿੰਡਰਾਂਵਾਲੇ
ਜਥੇਦਾਰ ਨਾਜਰ ਸਿੰਘ ਜੀ ਭਾਈ ਕੇ ਬਖਤੌਰ ਵਾਲੇ
ਪ੍ਰੋ. ਜਸਪਾਲ ਸਿੰਘ ਜੀ ਕੋਟਕਪੂਰਾ
ਸ੍ਰੀ ਤਰੁਣ ਜੈਨ ਬਾਵਾ ਪ੍ਰਧਾਨ ਵਪਾਰ ਮੰਡਲ ਭਾਰਤ
ਮੈਨੇਜਰ ਸ. ਬਲਜੀਤ ਸਿੰਘ ਗੁ. ਸ਼ਹੀਦ ਬਾਬਾ ਨਿਹਾਲ ਸਿੰਘ ਤੱਲਣ
ਬਾਬਾ ਹਰਮੇਲ ਸਿੰਘ ਜੀ ਸਰਦੂਲੇ ਵਾਲੇ
ਗਿਆਨੀ ਮੇਵਾ ਸਿੰਘ ਜੀ ਦਮਦਮੀ ਟਕਸਾਲ ਦਿੱਲੀ ਵਾਲੇ
ਭਾਈ ਸੁਖਰਾਜ ਸਿੰਘ ਨਿਆਮੀਵਾਲਾ ਸ਼ਹੀਦ ਪਰਿਵਾਰ
ਭਾਈ ਲਵਪ੍ਰੀਤ ਸਿੰਘ ਅੰਮ੍ਰਿਤਸਰ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ
ਗਿਆਨੀ ਰਾਜਪਾਲ ਸਿੰਘ ਬੋਪਾਰਾਏ ਪ੍ਰਚਾਰਕ ਇੰਟਰਨੈਸ਼ਨਲ ਪੰਥਕ ਦਲ
ਬਾਬਾ ਸਤਨਾਮ ਸਿੰਘ ਅਲਗੋ ਖੁਰਦ ਵਾਲੇ
ਭਾਈ ਕਿਰਪਾਲ ਸਿੰਘ ਜੀ ਦਮਦਮੀ ਟਕਸਾਲ ਵਾਲੇ
ਗਿਆਨੀ ਰਣਜੋਧ ਸਿੰਘ ਜੀ ਭਦੌੜ ਵਾਲੇ
ਜਥੇਦਾਰ ਕੇਵਲ ਸਿੰਘ ਕੱਦੋਂ ਮਾਛੀਵਾੜਾ ਸਾਹਿਬ ਵਾਲੇ
ਰਾਗੀ ਭਾਈ ਕਿਰਪਾਲ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲੇ
ਜਥੇਦਾਰ ਬਹਾਦਰ ਸਿੰਘ ਭਾਰਟਾ ਸੀ: ਮੀਤ ਪ੍ਰਧਾਨ ਯੂਨਾਈਟਿਡ ਅਕਾਲੀ ਦਲ
ਭਾਈ ਬੇਅੰਤ ਸਿੰਘ ਸ਼ਹਿਰੀ ਪ੍ਰਧਾਨ ਫਿਰੋਜ਼ਪੁਰ
ਬੇਨਤੀ ਕਰਤਾ : ਸੰਤਾਂ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ ਅਤੇ ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915
ਗੁਰੂ ਕੇ ਲੰਗਰ ਅਤੁੱਟ ਵਰਤਣਗੇ




ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ਼੍ਰੋਮਣੀ ਅਕਾਲੀ ਦਲ ਬਾਦਲ ਨੂੰ ਝਟਕਾ

# ਅਮਨਜੀਤ ਸਿੰਘ ਦਿੱਲੀ ਸਟੇਟ ਅਕਾਲੀ ਦਲ 'ਚ ਸ਼ਾਮਲ

ਨਵੀਂ ਦਿੱਲੀ, 27 ਮਈ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ ਬਾਦਲ ਨੂੰ ਉਸ ਵੇਲੇ ਵੱਡਾ ਝਟਕਾ ਲੱਗਾ ਜਦੋਂ ਪਾਰਟੀ ਦੇ ਮੀਤ ਪ੍ਰਧਾਨ ਅਮਨਜੀਤ ਸਿੰਘ ਨੇ ਆਪਣੇ ਸੈਂਕੜੇ ਸਮਰਥਕਾਂ ਸਮੇਤ ਪਾਰਟੀ ਛੱਡ ਕੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਵਿੱਚ ਸ਼ਮੂਲੀਅਤ ਕਰ ਲਈ। ਉਹਨਾਂ ਨੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਦੀ ਹਾਜ਼ਰੀ ਵਿੱਚ ਪਾਰਟੀ ਦਾ ਦਾਮਨ ਫੜਿਆ। ਇਸ ਮੌਕੇ ਕਾਲਕਾ ਅਤੇ ਕਾਹਲੋਂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਸਿਰਫ਼ ਪੰਥਕ ਅਤੇ ਧਾਰਮਿਕ ਸੇਵਾ ਲਈ ਕੰਮ ਕਰ ਰਹੀ ਹੈ ਅਤੇ ਇਸਦਾ ਰਾਜਨੀਤੀ ਨਾਲ ਕੋਈ ਸਬੰਧ

ਆਵਾਜ਼ਿ ਕੌਮ AWAZE QAUM
International Newspaper & WEB TV

ਨਹੀਂ। ਉਹਨਾਂ ਕਿਹਾ ਕਿ 2021 ਤੋਂ ਬਾਅਦ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਸਿਹਤ ਅਤੇ ਸਿੱਖਿਆ ਖੇਤਰ ਵਿੱਚ ਕਈ ਲੋਕ-ਹਿਤਕਾਰੀ ਯੋਜਨਾਵਾਂ ਸ਼ੁਰੂ ਕੀਤੀਆਂ ਗਈਆਂ ਹਨ। ਆਗੂਆਂ ਨੇ ਦੱਸਿਆ ਕਿ ਬਾਲਾ ਸਾਹਿਬ ਹਸਪਤਾਲ ਵਿੱਚ ਮੁਫ਼ਤ ਡਾਇਲਸਿਸ ਕੇਂਦਰ ਅਤੇ ਗੁਰੂ ਹਰਿਕ੍ਰਿਸ਼ਨ ਪੋਲੀਕਲੀਨਿਕ ਵਿੱਚ ਘੱਟ ਖਰਚ 'ਤੇ ਐਮਆਰਆਈ ਅਤੇ ਸੀਟੀ ਸਕੈਨ ਦੀ ਸਹੂਲਤ ਸੰਗਤ ਨੂੰ ਦਿੱਤੀ ਜਾ ਰਹੀ ਹੈ। ਉਹਨਾਂ ਇਹ ਵੀ ਕਿਹਾ ਕਿ ਕੋਰੋਨਾ ਕਾਲ ਅਤੇ ਕਿਸਾਨੀ ਅੰਦੋਲਨ ਦੌਰਾਨ ਵੀ ਪਾਰਟੀ ਵੱਲੋਂ ਵੱਡੇ ਪੱਧਰ 'ਤੇ ਸੇਵਾਵਾਂ ਨਿਭਾਈਆਂ ਗਈਆਂ। ਕਾਲਕਾ ਅਤੇ ਕਾਹਲੋਂ ਨੇ ਦਾਅਵਾ ਕੀਤਾ ਕਿ 1984 ਦੇ ਸਿੱਖ ਕਤਲੇਆਮ ਪੀੜਤਾਂ ਨੂੰ 40 ਸਾਲਾਂ ਬਾਅਦ ਸਰਕਾਰੀ ਨੌਕਰੀਆਂ ਦਿਵਾਉਣ ਦੀ ਸੇਵਾ ਵੀ ਉਹਨਾਂ ਦੀ ਟੀਮ ਨੇ ਨਿਭਾਈ ਹੈ। ਉਹਨਾਂ ਕਿਹਾ ਕਿ ਇਹ ਭਾਰਤ ਦੇ ਇਤਿਹਾਸ ਵਿੱਚ ਪਹਿਲੀ ਵਾਰ ਹੋਇਆ ਜਦੋਂ ਪੀੜਤਾਂ ਨੂੰ ਬਿਨਾਂ ਉਮਰ ਹੱਦ ਅਤੇ ਵਿਦਿਅਕ ਯੋਗਤਾ ਦੀ ਸ਼ਰਤ ਤੋਂ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ। ਉਹਨਾਂ ਕਿਹਾ ਕਿ ਪਾਰਟੀ ਨਾਲ ਲਗਾਤਾਰ




ਲੋਕ ਜੁੜ ਰਹੇ ਹਨ ਅਤੇ ਜਲਦੀ ਹੀ ਕੌਮੀ ਪੱਧਰ ਦੀ ਖਾਲਸਾ ਮੀਟਿੰਗ ਵੀ ਕਰਵਾਈ ਜਾਵੇਗੀ। ਉਹਨਾਂ ਅਮਨਜੀਤ ਸਿੰਘ ਦੀ ਸ਼ਮੂਲੀਅਤ ਨੂੰ ਪਾਰਟੀ ਲਈ ਵੱਡਾ ਬਲ ਕਰਾਰ ਦਿੱਤਾ।

ਵਿੱਦਿਆ ਖੇਡਾਂ ਦੇ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਬੱਚਿਆਂ ਦਾ ਕੀਤਾ ਸਨਮਾਨ

# ਸਰਕਾਰੀ ਸਕੂਲ ਪਿੰਡ ਦਾਦੂ ਸਾਹਿਬ ਨੂੰ ਕੀਤਾ ਕੰਪਿਊਟਰ ਸੈਟ ਭੇਂਟ



**ਤਲਵੰਡੀ ਸਾਬੋ**, 27 ਮਈ (**ਗੁਰਜੰਟ ਸਿੰਘ ਨਥੇਹਾ**)- ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਹਰਿਆਣਾ ਵਿਖੇ ਕੀਤੇ ਗਏ ਵਿਸ਼ੇਸ਼ ਸ਼ੁਕਰਾਨਾ ਸਮਾਗਮ ਵਿੱਚ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਆਪਣੇ ਸੁੱਖ ਸੇਵਾ ਸਿਮਰਨ ਟਰੱਸਟ (ਰਜ਼ਿ) ਵਲੋਂ ਵਿੱਦਿਆ ਤੇ ਖੇਡਾਂ ਦੇ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਬੱਚੇ ਬੱਚੀਆਂ ਦਾ ਹੌਸਲਾਂ ਅਫਜਾਈ ਕਰਨ ਵਾਸਤੇ ਨਕਦ ਰਾਸ਼ੀ ਦੇ ਕੇ ਵਿਸ਼ੇਸ਼ ਸਨਮਾਨ ਕੀਤਾ ਗਿਆ। ਜਥੇਦਾਰ ਦਾਦੂਵਾਲ ਦੇ ਸਹਾਇਕ ਭਾਈ ਜਗਮੀਤ ਸਿੰਘ ਬਰਾੜ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਥੇਦਾਰ ਦਾਦੂਵਾਲ ਆਪਣੇ ਸੁੱਖ ਸੇਵਾ ਸਿਮਰਨ ਟਰੱਸਟ ਵੱਲੋਂ ਲੋੜਵੰਦ ਪਰਿਵਾਰਾਂ ਦੀਆਂ ਬੱਚੀਆਂ ਦੇ ਵਿਆਹ, ਬਿਮਾਰਾਂ ਦਾ ਇਲਾਜ, ਲੋੜਵੰਦ ਸਕੂਲੀ ਬੱਚਿਆਂ ਦੀਆਂ ਫੀਸਾਂ ਭਰਨ ਦੇ ਕਾਰਜ ਹਮੇਸ਼ਾ ਕਰਦੇ ਰਹਿੰਦੇ ਹਨ ਅਤੇ ਹੁਣ ਉਨਾਂ ਨੇ ਵਿੱਦਿਆ ਖੇਡਾਂ ਦੇ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਬੱਚਿਆਂ ਨੂੰ ਵੀ ਵਿਸ਼ੇਸ਼ ਸਨਮਾਨ ਦਿੱਤਾ ਹੈ, ਕੋਚ ਅਧਿਆਪਕ ਰਾਜਪਾਲ ਸਿੰਘ ਲੱਕੜਾਂਵਾਲੀ ਵੱਲੋਂ ਤਿਆਰ ਕੀਤੀ ਲੜਕੀਆਂ ਦੀ ਕਬੱਡੀ ਟੀਮ ਜਿਸ ਨੇ ਪਿਛਲੇ ਦਿਨੀ ਫਿਰੋਜ਼ਪੁਰ ਤੋਂ ਕਬੱਡੀ ਕੱਪ ਜਿੱਤਿਆ ਅਤੇ ਪੰਜਾਬ ਵਿੱਚੋਂ ਵੀ ਦੋ ਵਾਰ ਗੋਲਡ ਮੈਡਲ ਜਿੱਤਿਆ ਸੀ। ਜਥੇਦਾਰ ਦਾਦੂਵਾਲ ਨੇ ਕੋਚ ਰਾਜਪਾਲ ਸਮੇਤ 12 ਬੱਚੀਆਂ ਨੂੰ ਪੰਜ-ਪੰਜ ਕਿਲੋ ਬਦਾਮਾਂ ਦੀਆਂ ਟੋਕਰੀਆਂ ਭੇਂਟ ਕੀਤੀਆਂ ਇਸ ਦੇ ਨਾਲ ਹੀ ਪਿੰਡ ਦਾਦੂ ਸਾਹਿਬ ਦੇ ਸਰਕਾਰੀ ਸਕੂਲ ਵਿੱਚ ਦਸਵੀਂ ਕਲਾਸ 'ਚੋਂ 92% ਨੰਬਰ ਲੈ ਕੇ ਅੱਵਲ ਆਈ ਬੱਚੀ ਰੁਪਿੰਦਰਜੀਤ ਕੌਰ ਪਿੰਡ ਦਾਦੂ ਸਾਹਿਬ ਅਤੇ ਬਾਰ੍ਹਵੀਂ ਵਿੱਚੋਂ 87% ਨੰਬਰ ਲੈ ਕੇ ਅੱਵਲ ਰਹਿਣ ਵਾਲੀ ਪਿੰਡ ਦਾਦੂ ਸਾਹਿਬ ਦੀ ਬੱਚੀ ਰਮਨਦੀਪ ਕੌਰ ਅਤੇ ਪਿੰਡ ਤਿਲੋਕੇਵਾਲਾ ਦੀ ਬੱਚੀ ਪਰਵਿੰਦਰ ਕੌਰ ਜੋ ਗੱਤਕੇ ਵਿੱਚ ਗੋਲਡ ਮੈਡਲ ਜਿੱਤੀ ਹੈ ਨੂੰ 2100-2100 ਦੇ ਵਿਸ਼ੇਸ਼ ਇਨਾਮ ਦਿੱਤੇ। ਇਸ ਦੇ ਨਾਲ ਹੀ ਸਰਕਾਰੀ ਸਕੂਲ ਦਾਦੂ ਸਾਹਿਬ ਦੇ ਪ੍ਰਿੰਸੀਪਲ ਡਾਕਟਰ ਵਿਨੋਦ ਪ੍ਰਕਾਸ਼, ਪਿੰਡ ਝੋਰੜ ਰੋਹੀ ਦੇ ਪ੍ਰਿੰਸੀਪਲ ਮਨੋਜ ਕੁਮਾਰ, ਅਧਿਆਪਕ ਅਵਤਾਰ ਸਿੰਘ, ਅਧਿਆਪਕ ਕੁਲਵਿੰਦਰ ਸਿੰਘ ਸਮੇਤ ਸਮੂਹ ਅਧਿਆਪਕਾਂ ਨੂੰ ਸਿਰਪਾਓ ਭੇਂਟ ਕਰਕੇ ਵਿਸ਼ੇਸ਼ ਸਨਮਾਨ ਕੀਤਾ ਅਤੇ ਸਰਕਾਰੀ ਸਕੂਲ ਪਿੰਡ ਦਾਦੂ ਸਾਹਿਬ ਲਈ ਇੱਕ ਕੰਪਿਊਟਰ ਸੈਟ ਭੇਂਟ ਕੀਤਾ। ਭਾਈ ਬਰਾੜ ਨੇ ਦੱਸਿਆ ਕਿ ਜਥੇਦਾਰ ਦਾਦੂਵਾਲ ਵੱਲੋਂ ਬੱਚੇ ਬੱਚੀਆਂ ਨੂੰ ਧਰਮ ਖੇਡਾਂ ਅਤੇ ਪੜਾਈ-ਲਿਖਾਈ ਵੱਲ ਪ੍ਰੇਰਿਤ ਕਰਨ ਵਾਸਤੇ ਹੌਸਲਾ ਅਫਜਾਈ ਲਈ ਵੱਡੇ ਕਾਰਜ ਕੀਤੇ ਜਾਂਦੇ ਹਨ।



ਆਵਾਜ਼ਿ ਕੌਮ AWAZE QAUM
International Newspaper & WEB TV

# ਸੂਬੇ ਦਾ ਮਾਹੌਲ ਖਰਾਬ ਕਰਨ ਵਾਲਿਆਂ ਨੂੰ ਪੰਜਾਬੀ ਨਹੀਂ ਬਖ਼ਸ਼ਣਗੇ: ਦਲਵੀਰ ਸਿੰਘ ਢਿੱਲੋਂ

## ਧਮਕੀਆਂ ਨਾਲ ਪੰਜਾਬ ਨਹੀਂ ਡਰਦਾ—ਰਵਨੀਤ ਸਿੰਘ ਬਿੱਟੂ ਦੀ ਤਾਨਾਸ਼ਾਹੀ ਸੋਚ ਦੀ ਦਲਵੀਰ ਸਿੰਘ ਢਿੱਲੋਂ ਵੱਲੋਂ ਤਿੱਖੀ ਨਿੰਦਾ

**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਨਗਰ ਕੌਂਸਲ ਚੋਣਾਂ ਦੌਰਾਨ ਧੂਰੀ ਦੌਰੇ 'ਤੇ ਆਏ ਕੇਂਦਰੀ ਰਾਜ ਮੰਤਰੀ ਅਤੇ ਭਾਜਪਾ ਆਗੂ ਰਵਨੀਤ ਸਿੰਘ ਬਿੱਟੂ ਦੇ ਵਿਵਹਾਰ ਨੂੰ ਬਹੁਤ ਹੀ ਸ਼ਰਮਨਾਕ ਅਤੇ ਗੈਰ-ਜ਼ਿੰਮੇਵਾਰ ਕਰਾਰ ਦਿੰਦੇ ਹੋਏ ਤਿੱਖੀ ਪ੍ਰਤੀਕਿਰਿਆ ਦਿੱਤੀ ਹੈ। ਉਨ੍ਹਾਂ ਕਿਹਾ ਕਿ ਸੋਸ਼ਲ ਮੀਡੀਆ 'ਤੇ ਵਾਇਰਲ ਵੀਡੀਓਜ਼ ਨੇ ਸੱਚਾਈ ਸਾਹਮਣੇ ਰੱਖ ਦਿੱਤੀ ਹੈ ਕਿ ਕਿਸ ਤਰ੍ਹਾਂ ਰਵਨੀਤ ਸਿੰਘ ਬਿੱਟੂ ਵੱਲੋਂ ਪੰਜਾਬ ਪੁਲਿਸ ਦੇ ਕਰਮਚਾਰੀਆਂ ਨਾਲ ਬਦਸਲੂਕੀ ਕੀਤੀ ਗਈ ਅਤੇ ਕੇਂਦਰੀ ਏਜੰਸੀਆਂ ਦੇ ਨਾਂ 'ਤੇ ਖੁੱਲ੍ਹੀਆਂ ਧਮਕੀਆਂ ਦੇ ਕੇ ਦਬਾਅ ਬਣਾਉਣ ਦੀ ਕੋਸ਼ਿਸ਼ ਕੀਤੀ ਗਈ। ਇਹ ਸਿਰਫ਼ ਇੱਕ ਵਿਅਕਤੀ ਦਾ ਅਹੰਕਾਰ ਨਹੀਂ, ਸਗੋਂ ਕੇਂਦਰ ਦੀ ਤਾਨਾਸ਼ਾਹੀ ਸੋਚ ਦਾ ਪ੍ਰਤੀਕ ਹੈ। ਚੇਅਰਮੈਨ ਢਿੱਲੋਂ ਨੇ ਸਖ਼ਤ ਸ਼ਬਦਾਂ ਵਿੱਚ ਕਿਹਾ ਕਿ ਇਹ ਪੰਜਾਬ ਹੈ—ਇੱਥੇ ਲੋਕ ਨਾ ਤਾਂ ਧਮਕੀਆਂ ਤੋਂ ਡਰਦੇ ਹਨ ਅਤੇ ਨਾ ਹੀ ਕਿਸੇ ਦੇ ਦਬਾਅ ਹੇਠ ਝੁਕਦੇ ਹਨ। ਪੰਜਾਬ ਪੁਲੀਸ ਦੇਸ਼ ਦੀ ਸਭ ਤੋਂ ਬਿਹਤਰ ਅਤੇ ਇਮਾਨਦਾਰ ਫੋਰਸਾਂ ਵਿੱਚੋਂ ਇੱਕ ਹੈ, ਜਿਸ ਨੂੰ "ਦਲਾਲ" ਕਹਿਣਾ ਨਾ ਸਿਰਫ਼ ਨਿੰਦਣਯੋਗ ਹੈ, ਬਲਕਿ ਪੂਰੇ ਸੂਬੇ ਦਾ ਅਪਮਾਨ ਹੈ। ਉਨ੍ਹਾਂ ਕਿਹਾ ਕਿ ਭਾਜਪਾ ਆਗੂਆਂ ਵੱਲੋਂ ਘਟੀਆ ਅਤੇ ਵੰਡਵਾਦੀ ਰਾਜਨੀਤੀ ਕਰਦੇ ਹੋਏ ਸਮਾਜ ਨੂੰ ਧਰਮ ਅਤੇ ਵਰਗਾਂ ਦੇ ਨਾਂ 'ਤੇ ਵੰਡਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਸ ਤਰ੍ਹਾਂ ਦੀ ਜ਼ਿਹਰੀਲੀ ਰਾਜਨੀਤੀ ਪੰਜਾਬ ਦੇ ਭਾਈਚਾਰੇ ਅਤੇ ਅਮਨ-ਕਾਨੂੰਨ ਲਈ ਖਤਰਨਾਕ ਹੈ। ਦਲਵੀਰ ਸਿੰਘ ਢਿੱਲੋਂ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਭਾਜਪਾ ਆਗੂਆਂ ਨੇ ਇਸ ਤਰ੍ਹਾਂ ਦੀਆਂ ਹਰਕਤਾਂ ਤੋਂ ਹੱਥ ਨਾ ਖਿੱਚਿਆ ਤਾਂ ਪੰਜਾਬ ਦੇ ਲੋਕ ਉਹਨਾਂ ਨੂੰ ਕਦੇ ਮਾਫ਼ ਨਹੀਂ ਕਰਨਗੇ ਅਤੇ ਹਰ ਮੰਚ 'ਤੇ ਕਰੜਾ ਜਵਾਬ ਦੇਣਗੇ। ਉਨ੍ਹਾਂ ਕਿਹਾ ਕਿ ਜਿਹੜੇ ਲੋਕ ਪੰਜਾਬ ਦਾ ਮਾਹੌਲ ਖਰਾਬ ਕਰਨ ਦੀ ਕੋਸ਼ਿਸ਼ ਕਰ ਰਹੇ ਹਨ, ਉਹਨਾਂ ਨੂੰ ਸੂਬੇ ਦੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਦਾਖ਼ਲਾ ਹੋਣਾ ਵੀ ਮੁਸ਼ਕਲ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਪੂਰਾ ਪੰਜਾਬ ਆਪਣੀ ਪੰਜਾਬ ਪੁਲਿਸ ਦੇ ਨਾਲ ਡੱਟ ਕੇ ਖੜਾ ਹੈ ਅਤੇ ਆਪਣੀ ਡਿਊਟੀ ਇਮਾਨਦਾਰੀ ਨਾਲ ਨਿਭਾ ਰਹੇ ਹਰ ਪੁਲਿਸ ਕਰਮਚਾਰੀ ਦਾ ਸਮਰਥਨ ਕਰਦਾ ਹੈ। ਉਨ੍ਹਾਂ ਰਵਨੀਤ ਸਿੰਘ ਬਿੱਟੂ ਨੂੰ ਸਪਸ਼ਟ ਚੇਤਾਵਨੀ ਦਿੰਦਿਆਂ ਕਿਹਾ ਕਿ ਇਸ ਤਰ੍ਹਾਂ ਦੀਆਂ ਘਟੀਆ ਹਰਕਤਾਂ ਤੁਰੰਤ ਬੰਦ ਕੀਤੀਆਂ ਜਾਣ, ਨਹੀਂ ਤਾਂ ਪੰਜਾਬ ਦੇ ਲੋਕ ਜਵਾਬ ਦੇਣ ਲਈ ਤਿਆਰ ਹਨ।



ਆਵਾਜ਼ਿ ਕੌਮ AWAZE QAUM
International Newspaper & WEB TV

# ਗਰਮੀ ਦੇ ਦਿਨਾਂ ਵਿੱਚ ਬਚਾਅ ਦੇ ਤਰੀਕੇ

ਗਰਮੀ ਅਤੇ ਲੂ (Heatwave) ਤੋਂ ਬਚਣ ਲਈ ਸਭ ਤੋਂ ਜ਼ਰੂਰੀ ਹੈ ਕਿ ਸਰੀਰ ਵਿੱਚ ਪਾਣੀ ਦੀ ਕਮੀ (Dehydration) ਨਾ ਆਉਣ ਦਿੱਤੀ ਜਾਵੇ ਅਤੇ ਸਿੱਧੀ ਧੁੱਪ ਤੋਂ ਪਰਹੇਜ਼ ਕੀਤਾ ਜਾਵੇ, ਗਰਮੀਆਂ ਵਿੱਚ ਸਿਹਤਮੰਦ ਰਹਿਣ ਲਈ ਹੇਠਾਂ ਦਿੱਤੇ ਮੁੱਖ ਤਰੀਕੇ ਅਪਣਾਓ: ਖੂਬ ਪਾਣੀ ਪੀਓ: ਦਿਨ ਭਰ ਵਿੱਚ 8-10 ਗਲਾਸ ਪਾਣੀ ਜ਼ਰੂਰ ਪੀਓ, ਭਾਵੇਂ ਤੁਹਾਨੂੰ ਪਿਆਸ ਨਾ ਵੀ ਲੱਗੀ ਹੋਵੇ ਤਰਲ ਪਦਾਰਥ (Liquids): ਸਰੀਰ ਨੂੰ ਹਾਈਡਰੇਟ ਰੱਖਣ ਲਈ ਨਿੰਬੂ ਪਾਣੀ, ਲੱਸੀ, ਓ.ਆਰ.ਐਸ. (ORS) ਅਤੇ ਨਾਰੀਅਲ ਪਾਣੀ ਦੀ ਵੱਧ ਤੋਂ ਵੱਧ ਵਰਤੋਂ ਕਰੋ। ਧੁੱਪ ਤੋਂ ਬਚੋ: ਦੁਪਹਿਰ 12 ਵਜੇ ਤੋਂ ਸ਼ਾਮ 4 ਵਜੇ ਤੱਕ ਘਰੋਂ ਬਾਹਰ ਨਿਕਲਣ ਤੋਂ ਪਰਹੇਜ਼ ਕਰੋ। ਜੇਕਰ ਬਾਹਰ ਜਾਣਾ ਬਹੁਤ ਜ਼ਰੂਰੀ ਹੋਵੇ, ਤਾਂ ਸਿਰ ਅਤੇ ਮੂੰਹ ਨੂੰ ਕੱਪੜੇ ਨਾਲ ਚੰਗੀ ਤਰ੍ਹਾਂ ਢੱਕ ਕੇ ਰੱਖੋ।ਸਹੀ ਪਹਿਰਾਵਾ: ਹਲਕੇ ਰੰਗ ਦੇ, ਢਿੱਲੇ ਅਤੇ ਸੂਤੀ ਕੱਪੜੇ ਪਾਓ ਤਾਂ ਜੋ ਹਵਾ ਸਰੀਰ ਤੱਕ ਪਹੁੰਚ ਸਕੇ। ਖਾਣ-ਪੀਣ: ਤਾਜ਼ਾ ਅਤੇ ਹਲਕਾ ਭੋਜਨ ਖਾਓ। ਤਰਬੂਜ, ਖਰਬੂਜਾ, ਖੀਰਾ ਅਤੇ ਕੱਕੜੀ ਵਰਗੇ ਪਾਣੀ ਨਾਲ ਭਰਪੂਰ ਫਲ ਆਪਣੀ ਖੁਰਾਕ ਵਿੱਚ ਸ਼ਾਮਲ ਕਰੋ।ਲੂ ਲੱਗਣ 'ਤੇ ਇਲਾਜ: ਜੇਕਰ ਕਿਸੇ ਨੂੰ ਲੂ ਲੱਗ ਜਾਵੇ ਜਾਂ ਗਰਮੀ ਚੜ੍ਹ ਜਾਵੇ, ਤਾਂ ਉਨ੍ਹਾਂ ਨੂੰ ਤੁਰੰਤ ਠੰਢੀ ਥਾਂ 'ਤੇ ਲਿਟਾ ਦਿਓ, ਪਾਣੀ ਪਿਲਾਓ ਅਤੇ ਸਰੀਰ 'ਤੇ ਗਿੱਲੇ ਕੱਪੜੇ ਨਾਲ ਪੋਛਾ ਲਗਾਓ। ਜੇਕਰ ਗਰਮੀ ਦਾ ਪ੍ਰਭਾਵ ਜ਼ਿਆਦਾ ਹੋਵੇ ਤਾਂ ਤੁਰੰਤ ਕਿਸੇ ਮਾਹਿਰ ਡਾਕਟਰ ਨਾਲ ਸੰਪਰਕ ਕਰੋ।ਗਰਮੀ ਦੀ ਲਹਿਰ ਤੋਂ ਬਚਣ ਲਈ ਕੀ ਕਰਨਾ ਚਾਹੀਦਾ ਹੈ ......ਘਰ ਤੋਂ ਬਾਹਰ ਜਾਣ ਤੋਂ ਬਚੋ ਖਾਸ ਕਰਕੇ ਦੁਪਹਿਰ. 11 ਵਜੇ ਤੋਂ 3 ਵਜੇ ਦੇ ਵਿਚਕਾਰ। ਦੁਪਹਿਰ ਵੇਲੇ ਬਾਹਰ ਜਾ ਕੇ ਸਖਤ ਮਿਹਨਤ ਕਰਨ ਵਾਲੇ ਕੰਮਾਂ ਤੋਂ ਪਰੇਜ਼ ਕਰੋ। ਨੰਗੇ ਪੈਰ ਨਾ ਜਾਓ। ਜ਼ਿਆਦਾ ਗਰਮੀ ਵਾਲੇ ਸਮੇ ਜੀਵਨ ਰਕਸ਼ਕ ਘੋਲ ਜਰੂਰ ਪੀਓ — ਠੰਢੀ ਥਾਂ ਵਿੱਚ ਲੱਤਾਂ ਨੂੰ ਸਹਾਰਾ ਦੇ ਕੇ ਅਤੇ ਥੋੜ੍ਹਾ ਜਿਹਾ ਉੱਚਾ ਕਰਕੇ ਲੇਟ ਜਾਓ ਅਤੇ ਆਰਾਮ ਕਰੋ।, ਵਾਧੂ ਕੱਪੜੇ ਉਤਾਰ ਦਿਓ ਜਾਂ ਤੰਗ ਕੱਪੜੇ ਢਿੱਲੇ ਕਰ ਦਿਓ। ਠੰਢੇ ਪਾਣੀ ਦਾ ਛਿੜਕਾਅ ਕਰਕੇ..Heatwave ਤੋਂ ਬਚਣ ਲਈ ਜ਼ਰੂਰੀ Tips ਵੱਧ ਤੋਂ ਵੱਧ ਪਾਣੀ ਪੀਓ - ਦਿਨ ਵਿੱਚ 8-10 ਗਲਾਸ ਪਾਣੀ ਜ਼ਰੂਰ ਪੀਓ - ORS, ਨਿੰਬੂ ਪਾਣੀ, ਲੱਸੀ ਵਰਗੀਆਂ ਚੀਜ਼ਾਂ ਵਰਤੋ ਧੁੱਪ ਤੋਂ ਬਚੋ - ਤੁਸੀਂ ਇਸਦੇ ਪ੍ਰਭਾਵ ਦੇਖ ਸਕਦੇ ਹੋ ਤਾਪ ਸਟ੍ਰੋਕ, ਗਰਮੀ ਦੀ ਥਕਾਵਟ, ਡੀਹਾਈਡਰੇਸ਼ਨ, ਮਾਸਪੇਸ਼ੀਆਂ ਵਿੱਚ ਦਰਦ ਜਾਂ ਕੜਵੱਲ, ਆਮ ਤੌਰ 'ਤੇ ਬਾਹਾਂ, ਲੱਤਾਂ, ਜਾਂ ਪੇਟ ਵਿੱਚ, ਗਰਮੀ ਦੇ ਧੱਫੜ, ਜਾਂ ਤੇ.. ਆਪਣੇ ਆਪ ਨੂੰ ਬਚਾਉਣ ਲਈ ਤਰਲ ਪਦਾਰਥਾਂ ਜਿਵੇਂ ਲੱਸੀ, ਪਾਣੀ, ਨਿੰਬੂ-ਪਾਣੀ, ਨਾਰੀਅਲ ਪਾਣੀ ਆਦਿ। ਡਾਕਟਰ ਜਗਜੀਵਨ ਸਿੰਘ ਸਾਬਕਾ ਜਿਲਾ ਸਿਹਤ ਅਫਸਰ ਮਾਨਸਾ।



## ਚੋਰ ਸਿਪਾਹੀ

ਚੋਣਾਂ ਦੇ ਵਿੱਚ ਚੱਲਦਾ ਜ਼ੋਰ ਤੇ ਧੱਕਾ ਏ,
ਇੱਕ ਦੂਜੇ ਨੂੰ ਫੇਰਨ ਜੁੱਤੀ ਤੇ ਮੁੱਕਾ ਏ
ਕਈ ਥਾਂ ਪੈ ਗਿਆ ਰੌਲਾ ਖੂਨੀ ਝੜਪਾਂ ਦਾ,
ਐਵੇਂ ਕੁੱਟਿਆ ਗਿਆ ਕਹਿੰਦੇ ਦੇਸ਼ ਦਾ ਰਾਖਾ ਏ,
ਚੋਰ ਸਿਪਾਹੀ ਰਲਗੇ ਹੁਣ ਤਾ ਰੱਬ ਰਾਖਾ ਏ।

ਪਿੰਡ ਪਿੰਡ ਵਿਕਦਾ ਨਸ਼ਾ ਕੋਈ ਵੀ ਰੋਕੇ ਨਾ ,
ਲੋਕ ਦੇਣ ਦੁਹਾਈਆਂ ਪੁਲਿਸ ਵੀ ਠੋਕੇ ਨਾ।
ਦਿਨ ਦੀਵੀ ਮੈਂ ਵੇਖਿਆ ਮਰਦੇ ਨੌਜਵਾਨਾਂ ਨੂੰ ,
ਨਸ਼ੇ ਤੇ ਲੋਕਾਂ ਨੂੰ ਕਰਨਾ ਪੈਂਦਾ ਸਿਆਪਾ ਏ
ਚੋਰੀ ਸਿਪਾਹੀ ਰਲਗੇ ਹੁਣ ਤਾਂ ਰੱਬ ਹੀ ਰਾਖਾ ਏ।

ਵਿਚ ਦਫ਼ਤਰ ਚੱਲੇ ਰਿਸ਼ਤਖੋਰੀ ਤੇ ਠੱਗੀ ਏ,
ਮਾਪੇ ਦੇਣ ਦੋਸ਼ ਕਰਮਾਂ ਨੂੰ ਨਜ਼ਰ ਲੱਗੀਏ।
ਕੁੱਬ ਪੈ ਗਿਆ ਬਾਪੂ ਦੀਆਂ ਮੌਰਾਂ ਨੂੰ
ਲੁੱਟਿਆ ਗਿਆ ਕਿਸਾਨ ਜੋ ਅੰਨ ਦਾ ਰਾਖਾ ਏ,
ਚੋਰ ਸਿਪਾਹੀ ਰਲਗੇ ਹੁਣ ਤਾਂ ਰੱਬ ਰਾਖਾ ਏ।

ਸਫ਼ਰੀ ਕੀ ਬਣੋ ਹੁਣ ਦੁਨੀਆਂ ਦਾਰੀ ਦਾ ,
ਡਰ ਕੇ ਛੱਡੀਏ ਨਾ ਖੁੱਲ੍ਹ ਬੋਹਾ ਬਾਰੀ ਦਾ।
ਅਫਸਰ ਅੰਦਰ ਸਕੀਮਾਂ ਘੜੇ ਭ੍ਰਿਸ਼ਟਾਚਾਰੀਏ
ਧਿਆਨ ਰੱਖੇ ਬਾਹਰ ਪਹਿਰੇਦਾਰ ਇੱਕ ਰਾਖਾ ਏ,
ਚੋਰ ਸਿਪਾਹੀ ਰਲਗੇ ਹੁਣ ਤਾਂ ਰੱਬ ਰਾਖਾ ਏ ।



**ਮਾਸਟਰ ਜਗੀਰ ਸਿੰਘ ਸਫਰੀ ਸਠਿਅਲਾ**
**ਮੋਬਾ** 8246004540

**( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)**

### ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਵਿਧਾਇਕ ਨਰਿੰਦਰ ਕੌਰ ਭਰਾਜ ਤੇ ਓ.ਐਸ.ਡੀ ਸੁਖਵੀਰ ਸਿੰਘ ਦੀ ਮੌਜੂਦਗੀ 'ਚ

# ਰਛਪਾਲ ਸਿੰਘ ਭੁੱਲਰ ਨੇ ਆਪਣਾ ਸਭਾਲਿਆ ਅਹੁਦਾ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਨੌਜਵਾਨ ਆਗੂ ਰਛਪਾਲ ਸਿੰਘ ਭੁੱਲਰਹੇੜੀ ਜੋ ਪਿਛਲੇ ਦਿਨੀਂ ਸਰਬਸੰਮਤੀ ਨਾਲ ਜ਼ਿਲ੍ਹਾ ਪ੍ਰੀਸ਼ਦ ਸੰਗਰੂਰ ਦੇ ਚੇਅਰਮੈਨ ਚੁਣੇ ਗਏ ਸਨ, ਉਨ੍ਹਾਂ ਨੇ ਅੱਜ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਵਿਧਾਇਕ ਨਰਿੰਦਰ ਕੌਰ ਭਰਾਜ ਤੇ ਮੁੱਖ ਮੰਤਰੀ ਦੇ ਓ.ਐਸ.ਡੀ ਸੁਖਵੀਰ ਸਿੰਘ ਦੀ ਮੌਜੂਦਗੀ ਵਿੱਚ ਆਪਣਾ ਅਹੁਦਾ ਸੰਭਾਲ ਲਿਆ ਹੈ।

ਇਸ ਮੌਕੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਰਛਪਾਲ ਸਿੰਘ ਭੁੱਲਰਹੇੜੀ ਨੂੰ ਚੇਅਰਮੈਨ ਚੁਣੇ ਜਾਣ 'ਤੇ ਮੁਬਾਰਕਾਂ ਦਿੰਦਿਆਂ ਵਿਸ਼ਵਾਸ ਪ੍ਰਗਟਾਇਆ ਕਿ ਇਹ ਆਗੂ ਲੋਕ ਸੇਵਾ ਦੀ ਭਾਵਨਾ ਨਾਲ ਆਪਣੀ ਜ਼ਿੰਮੇਵਾਰੀ ਨਿਭਾਉਂਦੇ ਹੋਏ ਸੰਗਰੂਰ ਦੇ ਵਿਕਾਸ ਨੂੰ ਹੋਰ ਮਜ਼ਬੂਤ ਕਰਨਗੇ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਇਹ ਵੀ ਭਰੋਸਾ ਹੈ ਕਿ ਰਛਪਾਲ ਸਿੰਘ ਭੁੱਲਰਹੇੜੀ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨਗੇ।

ਵਿਧਾਇਕ ਨਰਿੰਦਰ ਕੌਰ ਭਰਾਜ ਤੇ ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਪਰਮਾਤਮਾ ਇਸ ਆਗੂ ਨੂੰ ਹਮੇਸ਼ਾਂ ਚੜ੍ਹਦੀ ਕਲਾ ਵਿੱਚ ਰੱਖਣ ਅਤੇ ਲੋਕਾਂ ਦੀ ਸੇਵਾ ਕਰਨ ਦੀ ਤਾਕਤ ਬਖ਼ਸ਼ਣ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਅਗਵਾਈ ਹੇਠ ਹਮੇਸ਼ਾ ਲੋਕਾਂ ਨਾਲ ਜੁੜੇ ਆਗੂਆਂ ਨੂੰ ਵੱਡੀ ਜ਼ਿੰਮੇਵਾਰੀ ਦਿੱਤੀ ਗਈ ਹੈ।

ਚੇਅਰਮੈਨ ਰਛਪਾਲ ਸਿੰਘ ਭੁੱਲਰਹੇੜੀ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਸਮੇਤ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਵਿਧਾਇਕ ਨਰਿੰਦਰ ਕੌਰ ਭਰਾਜ ਤੇ ਓ.ਐਸ.ਡੀ. ਸੁਖਵੀਰ ਸਿੰਘ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਸੌਂਪੀ ਗਈ ਜ਼ਿੰਮੇਵਾਰੀ ਨੂੰ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ।

### ਸੌਂਪੀ ਜ਼ਿੰਮੇਵਾਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਵਾਂਗਾ: ਰਛਪਾਲ ਸਿੰਘ ਭੁੱਲਰਹੇੜੀ

ਇਸ ਮੌਕੇ ਮਾਰਕਿਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁਲੀ, ਮੈਂਬਰ ਵਕਫ਼ ਬੋਰਡ ਡਾ. ਅਨਵਰ ਭਸੌੜ, ਮੈਂਬਰ ਫੂਡ ਕਮਿਸ਼ਨ ਜਸਵੀਰ ਸਿੰਘ ਜੱਸੀ ਸੇਖੋਂ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਗੁਰਮੇਲ ਸਿੰਘ ਘਰਾਚੋਂ, ਸਰਪੰਚ ਦਲਜੀਤ ਸਿੰਘ ਘਰਾਚੋਂ, ਚੇਅਰਮੈਨ ਬਲਾਕ ਸੰਮਤੀ ਧੂਰੀ ਰਣਜੋਧ ਸਿੰਘ, ਚਰਨਾਂ ਖੇੜੀ ਚੇਅਰਮੈਨ ਬਲਾਕ ਸੰਮਤੀ ਸ਼ੇਰਪੁਰ, ਗਗਨ ਜਵੰਧਾ ਟਰੱਕ ਯੂਨੀਅਨ ਪ੍ਰਧਾਨ ਧੂਰੀ, ਚੇਅਰਮੈਨ ਗੁਨਿੰਦਰ ਸਿੰਘ ਮਿੰਕੂ ਜਵੰਧਾ, ਆਪ ਆਗੂ ਅਮਰੀਕ ਸਿੰਘ ਸੋਹੀ, ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ, ਸਰਪੰਚ ਹਰਪ੍ਰੀਤ ਸਿੰਘ ਖੇੜੀ ਜੱਟਾਂ, ਸਰਪੰਚ ਦਵਿੰਦਰ ਸਿੰਘ ਧੂਰਾ, ਸਰਪੰਚ ਲਾਲੀ ਬੰਗਾਵਾਲੀ, ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ, ਸਰਪੰਚ ਸੁਖਚੈਨ ਸਿੰਘ ਮੂਲੋਂਵਾਲ, ਸਰਪੰਚ, ਆਪ ਆਗੂ ਅਵਤਾਰ ਸਿੰਘ ਤਾਰੀ ਭਸੌੜ, ਆਪ ਆਗੂ ਚੀਨੂ ਧੀਰ, ਮਾਣਾ ਗਰੇਵਾਲ, ਭਿੰਦਾ ਵਿਰਕ, ਹਰਪ੍ਰੀਤ ਸਿੰਘ ਗਿੱਲ, ਸਰਬਜੀਤ ਸਿੰਘ ਮਾਮਾ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਬੇਅਦਬੀ ਮਾਮਲਿਆਂ 'ਚ ਮਾਨ ਸਰਕਾਰ ਦੀ ਨੀਅਤ ਸ਼ੱਕ ਦੇ ਘੇਰੇ 'ਚ

# ਰਾਮ ਰਹੀਮ ਤੇ ਡੇਰਾ ਸਿਰਸਾ ਨਾਲ ਸਾਂਝ ਪਾ ਕੇ ਮਾਨ ਸਰਕਾਰ ਨੇ ਇਨਸਾਫ਼ ਦੀ ਪ੍ਰਕਿਰਿਆ ਨੂੰ ਜਾਣਬੁੱਝ ਕੇ ਕਮਜ਼ੋਰ ਕੀਤਾ : ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 27 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਬਰਗਾੜੀ ਬੇਅਦਬੀ ਅਤੇ ਬਹਿਬਲ ਕਲਾਂ-ਕੋਟਕਪੂਰਾ ਗੋਲੀਕਾਂਡ ਮਾਮਲਿਆਂ ਵਿੱਚ ਮਾਨ ਸਰਕਾਰ ਦੀ ਭੂਮਿਕਾ 'ਤੇ ਗੰਭੀਰ ਸਵਾਲ ਖੜ੍ਹੇ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਿੱਖ ਕੌਮ ਨੂੰ ਇਨਸਾਫ਼ ਦਿਵਾਉਣ ਦੀ ਬਜਾਏ ਦੋਸ਼ੀਆਂ ਨੂੰ ਬਚਾਉਣ ਦੀ ਰਾਜਨੀਤੀ ਕੀਤੀ ਹੈ। ਉਨ੍ਹਾਂ ਕਿਹਾ ਕਿ 2015 ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਪਾਵਨ ਬੀੜਾਂ ਦੀ ਬੇਅਦਬੀ ਨੇ ਸਮੂਹ ਸਿੱਖ ਜਗਤ ਦੀਆਂ ਭਾਵਨਾਵਾਂ ਨੂੰ ਝੰਜੋੜ ਕੇ ਰੱਖ ਦਿੱਤਾ ਸੀ, ਪਰ ਅੱਜ ਤੱਕ ਦੋਸ਼ੀਆਂ ਨੂੰ ਸਜ਼ਾ ਨਾ ਮਿਲਣਾ ਮਾਨ ਸਰਕਾਰ ਦੀ ਨਾਕਾਮੀ ਅਤੇ ਨੀਅਤ 'ਤੇ ਵੱਡਾ ਪ੍ਰਸ਼ਨ ਚਿੰਨ੍ਹ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ 1 ਜੂਨ 2015 ਨੂੰ ਪਿੰਡ ਬੁਰਜ ਜਵਾਹਰ ਸਿੰਘ ਵਾਲਾ ਤੋਂ ਪਾਵਨ ਸਰੂਪ ਚੋਰੀ ਹੋਇਆ, 25 ਸਤੰਬਰ ਨੂੰ ਧਮਕੀ ਭਰੇ ਪੋਸਟਰ ਲਗਾਏ ਗਏ ਅਤੇ 12 ਅਕਤੂਬਰ 2015 ਨੂੰ ਬਰਗਾੜੀ ਵਿਖੇ ਪਾਵਨ ਅੰਗ ਖਿਲਾਰ ਕੇ ਮਨੁੱਖਤਾ ਨੂੰ ਸ਼ਰਮਸਾਰ ਕਰਨ ਵਾਲੀ ਘਟਨਾ ਵਾਪਰੀ। ਇਸ ਦੇ ਵਿਰੋਧ ਵਿੱਚ ਸ਼ਾਂਤਮਈ ਰੋਸ ਪ੍ਰਗਟ ਕਰ ਰਹੀਆਂ ਸੰਗਤਾਂ 'ਤੇ 14 ਅਕਤੂਬਰ 2015 ਨੂੰ ਬਹਿਬਲ ਕਲਾਂ ਅਤੇ ਕੋਟਕਪੂਰਾ ਵਿਖੇ ਪੁਲਿਸ ਵੱਲੋਂ ਗੋਲੀਆਂ ਚਲਾਈਆਂ ਗਈਆਂ, ਜਿਸ ਵਿੱਚ ਦੋ ਸਿੰਘ ਸ਼ਹੀਦ ਹੋਏ। ਉਨ੍ਹਾਂ ਕਿਹਾ ਕਿ ਥਾਣਾ ਬਾਜਾਖਾਨਾ ਵਿਖੇ ਦਰਜ ਐਫਆਈਆਰ ਨੰਬਰ 63/2015, 117/2015 ਅਤੇ 128/2015 ਦੀ ਜਾਂਚ ਦੌਰਾਨ 'ਸਿੱਟ' ਵੱਲੋਂ ਡੇਰਾ ਸਿਰਸਾ ਮੁਖੀ ਗੁਰਮੀਤ ਰਾਮ ਰਹੀਮ ਸਮੇਤ 11 ਵਿਅਕਤੀਆਂ ਨੂੰ ਦੋਸ਼ੀ ਵਜੋਂ ਨਾਮਜ਼ਦ ਕੀਤਾ ਗਿਆ। ਪਰ ਹੈਰਾਨੀ ਦੀ ਗੱਲ ਹੈ ਕਿ IPC ਦੀ ਧਾਰਾ 2951 ਅਧੀਨ ਮੁਕੱਦਮਾ ਚਲਾਉਣ ਲਈ CrPC ਦੀ ਧਾਰਾ 196 ਤਹਿਤ ਲੋੜੀਂਦੀ ਪ੍ਰਵਾਨਗੀ ਲਈ ਮਈ 2022 ਵਿੱਚ ਭੇਜੀ ਗਈ ਫਾਈਲ ਨੂੰ ਮਾਨ ਸਰਕਾਰ ਨੇ ਢਾਈ ਸਾਲ ਤੱਕ ਲਟਕਾ ਕੇ ਰੱਖਿਆ। ਆਖ਼ਿਰ 21 ਅਕਤੂਬਰ 2024 ਨੂੰ ਪ੍ਰਵਾਨਗੀ ਦਿੱਤੀ ਗਈ, ਜਿਸ ਨਾਲ ਇਹ ਸਪਸ਼ਟ ਹੋ ਜਾਂਦਾ ਹੈ ਕਿ ਸਰਕਾਰ ਦੋਸ਼ੀਆਂ ਨੂੰ ਸਮਾਂ ਅਤੇ ਸਹੂਲਤ ਦੇ ਰਹੀ ਸੀ। ਪ੍ਰੋ. ਖਿਆਲਾ ਨੇ ਕਿਹਾ ਕਿ ਸਿੱਟ ਵੱਲੋਂ ਗ੍ਰਿਫ਼ਤਾਰ ਕੀਤੇ ਗਏ ਡੇਰਾ ਸਿਰਸਾ ਦੀ ਕੌਮੀ ਕਮੇਟੀ ਦੇ ਮੈਂਬਰ ਪ੍ਰਦੀਪ ਕਲੇਰ ਨੇ ਧਾਰਾ 164 ਤਹਿਤ ਅਦਾਲਤ ਵਿੱਚ ਦਿੱਤੇ ਬਿਆਨ ਵਿੱਚ ਖ਼ੁਲਾਸਾ ਕੀਤਾ ਕਿ ਬੇਅਦਬੀ ਦੀ ਸਾਜ਼ਿਸ਼ ਵਾਲੀ ਮੀਟਿੰਗ ਵਿੱਚ ਰਾਮ ਰਹੀਮ, ਹਨੀਪ੍ਰੀਤ ਅਤੇ ਹੋਰ ਲੋਕ ਮੌਜੂਦ ਸਨ। ਫਿਰ ਵੀ ਮਾਨ ਸਰਕਾਰ ਵੱਲੋਂ ਰਾਮ ਰਹੀਮ ਜਾਂ ਹਨੀਪ੍ਰੀਤ ਖ਼ਿਲਾਫ਼ ਕੋਈ ਸਖ਼ਤ ਕਾਰਵਾਈ ਨਾ ਕਰਨਾ ਬਹੁਤ ਗੰਭੀਰ ਅਤੇ ਸ਼ੱਕੀ ਮਾਮਲਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਬੇਅਦਬੀ ਨਾਲ ਸਬੰਧਿਤ ਤਿੰਨੇ ਕੇਸ ਅਤੇ ਬਹਿਬਲ ਕਲਾਂ-ਕੋਟਕਪੂਰਾ ਗੋਲੀਕਾਂਡ ਮਾਮਲੇ ਫ਼ਰੀਦਕੋਟ ਤੋਂ ਚੰਡੀਗੜ੍ਹ ਜ਼ਿਲ੍ਹਾ ਅਦਾਲਤ ਵਿੱਚ ਤਬਦੀਲ ਹੋ ਗਏ, ਪਰ ਪੰਜਾਬ ਸਰਕਾਰ ਨੇ ਇਸ ਤਬਦੀਲੀ ਨੂੰ ਰੋਕਣ ਲਈ ਕੋਈ ਪ੍ਰਭਾਵਸ਼ਾਲੀ ਯਤਨ ਨਹੀਂ ਕੀਤਾ। ਇਸ ਤੋਂ ਇਹ ਸੰਕੇਤ ਮਿਲਦੇ ਹਨ ਕਿ ਮਾਨ ਸਰਕਾਰ ਨੇ ਦੋਸ਼ੀਆਂ ਨਾਲ ਅੰਦਰੂਨੀ ਸਾਂਝ ਬਣਾਈ ਹੋਈ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ 29 ਅਪ੍ਰੈਲ 2025 ਨੂੰ ਸੁਪਰੀਮ ਕੋਰਟ ਵਿੱਚ ਪੰਜਾਬ ਸਰਕਾਰ ਦੇ ਵਕੀਲਾਂ ਨੇ ਡੇਰਾ ਸਿਰਸਾ ਪੱਖ ਦੇ ਵਕੀਲਾਂ ਨਾਲ ਸਹਿਮਤੀ ਜਤਾਉਂਦਿਆਂ ਚੰਡੀਗੜ੍ਹ ਟਰਾਇਲ ਕੋਰਟ ਵਿੱਚ ਚੱਲ ਰਹੀ ਕਾਰਵਾਈ ਨੂੰ ਰੋਕਣ ਲਈ ਅੰਡਰਟੇਕਿੰਗ ਦਿੱਤੀ, ਜਿਸ ਤੋਂ ਬਾਅਦ ਪਿਛਲੇ ਇੱਕ ਸਾਲ ਤੋਂ ਮਾਮਲੇ ਦੀ ਸੁਣਵਾਈ ਤੱਕ ਨਹੀਂ ਹੋਈ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਖ਼ੁਦ ਹੀ ਇਨਸਾਫ਼ ਦੀ ਪ੍ਰਕਿਰਿਆ ਨੂੰ ਰੋਕਣ ਦਾ ਹਿੱਸਾ ਬਣ ਜਾਵੇ ਤਾਂ ਫਿਰ ਸਿੱਖ ਕੌਮ ਨਿਆਂ ਦੀ ਉਮੀਦ ਕਿਸ ਤੋਂ ਕਰੇ ? ਉਨ੍ਹਾਂ ਕਿਹਾ ਕਿ ਅਰਵਿੰਦ ਕੇਜਰੀਵਾਲ ਅਤੇ ਭਗਵੰਤ ਮਾਨ ਨੇ ਚੋਣਾਂ ਦੌਰਾਨ 24 ਘੰਟਿਆਂ ਵਿੱਚ ਇਨਸਾਫ਼ ਦੇਣ ਦੇ ਵਾਅਦੇ ਕੀਤੇ ਸਨ, ਪਰ ਅੱਜ ਹਾਲਾਤ ਇਹ ਹਨ ਕਿ ਆਮ ਆਦਮੀ ਪਾਰਟੀ ਦੇ ਆਪਣੇ ਵਿਧਾਇਕ ਕੁੰਵਰ ਵਿਜੈ ਪ੍ਰਤਾਪ ਸਿੰਘ ਤੱਕ ਕਹਿ ਚੁੱਕੇ ਹਨ ਕਿ ਸਰਕਾਰ ਨੇ ਦੋਸ਼ੀਆਂ ਨਾਲ ਹੱਥ ਮਿਲਾ ਲਏ ਹਨ ਅਤੇ ਹੁਣ ਇਨਸਾਫ਼ ਦੀ ਕੋਈ ਉਮੀਦ ਨਹੀਂ ਰਹੀ। ਪ੍ਰੋ. ਖਿਆਲਾ ਨੇ ਕਿਹਾ ਕਿ ਪਿਛਲੇ 11 ਸਾਲਾਂ ਵਿੱਚ ਪੰਜਾਬ ਵਿੱਚ ਬੇਅਦਬੀ ਦੇ 600 ਤੋਂ ਵੱਧ ਮਾਮਲੇ ਸਾਹਮਣੇ ਆਏ ਹਨ, ਪਰ ਸਰਕਾਰੀ ਅੰਕੜਿਆਂ ਅਨੁਸਾਰ ਕੇਵਲ 44 ਮਾਮਲਿਆਂ ਵਿੱਚ ਹੀ ਦੋਸ਼ ਸਾਬਤ ਹੋਏ ਹਨ। 400 ਤੋਂ ਵੱਧ ਕੇਸ ਰਫ਼ਾ-ਦਫ਼ਾ ਹੋ ਜਾਣਾ ਪੰਜਾਬ ਦੀ ਕਾਨੂੰਨ-ਵਿਵਸਥਾ ਅਤੇ ਸਰਕਾਰਾਂ ਦੀ ਨਾਕਾਮੀ ਦਾ ਸਬੂਤ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਸਿਰਫ਼ ਕਾਨੂੰਨੀ ਮਾਮਲਾ ਨਹੀਂ, ਸਿੱਖ ਕੌਮ ਦੀ ਆਤਮਾ ਅਤੇ ਜਜ਼ਬਾਤਾਂ 'ਤੇ ਹਮਲਾ ਹੈ। ਜੇਕਰ ਸਰਕਾਰਾਂ ਇਨ੍ਹਾਂ ਮਾਮਲਿਆਂ ਵਿੱਚ ਵੀ ਰਾਜਨੀਤਿਕ ਸੌਦੇਬਾਜ਼ੀ ਕਰਨ ਲੱਗ ਪੈਣ ਤਾਂ ਇਹ ਪੰਜਾਬ ਦੇ ਸਮਾਜਕ ਤਾਣੇ-ਬਾਣੇ ਅਤੇ ਲੋਕਤੰਤਰ ਲਈ ਬਹੁਤ ਖ਼ਤਰਨਾਕ ਸੰਕੇਤ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਅਦਾਲਤੀ ਹੁਕਮਾਂ ਦੇ ਬਾਵਜੂਦ ਢਾਹੀ ਦੁਕਾਨ—ਸੁਰਿੰਦਰ ਕੁਮਾਰ



**ਫ਼ਿਰੋਜ਼ਪੁਰ, 27 ਮਈ (ਮਨੋਹਰ ਲਾਲ) :—** ਕੋਰਟ ਦੇ ਆਦੇਸ਼ ਦੇ ਬਾਵਜੂਦ ਖਰੀਦ ਕੀਤੀ ਦੁਕਾਨ ਦੀ ਵਿਰੋਧੀ ਨੇ ਡੇਗੀ ਛੱਤ ਅਤੇ ਪੁਲਿਸ ਪ੍ਰਸ਼ਾਸਨ ਨਹੀਂ ਦੇ ਰਿਹਾ ਕੋਈ ਰਾਹਤ। ਇਹ ਦੋਸ਼ ਲਗਾਉਂਦਿਆਂ ਸੁਰਿੰਦਰ ਕੁਮਾਰ ਨੇ ਦੱਸਿਆ ਕਿ ਉਹ ਬਾਰਡਰ ਰੋਡ ਤੇ ਸਥਿਤ ਗਰੈਂਡ ਵਿਲਾ ਪੈਲੇਸ ਦੇ ਨੇੜੇ ਦੁਕਾਨ ਕਰਦਾ ਹੈ ਅਤੇ ਇਹ ਦੁਕਾਨ ਉਸ ਨੇ ਮਲਕੀਤ ਸਿੰਘ ਪੁੱਤਰ ਪਿਆਰਾ ਸਿੰਘ ਵਾਸੀ ਪਿੰਡ ਸੂਬਾ ਕਦੀਮ ਤੋਂ ਖਰੀਦ ਕੀਤੀ ਸੀ ਅਤੇ ਇਸ ਦੁਕਾਨ ਨੂੰ ਸਮੇਂ ਮੁਤਾਬਿਕ ਬਣਾਉਣ ਲਈ ਉਸ ਨੇ ਸਾਰੀ ਦੁਕਾਨ ਢਾਹੁਣ ਉਪਰੰਤ ਨਵੀਂ ਉਸਾਰੀ ਕਰਦੇ ਹੋਏ ਲੈਂਟਰ ਪਾ ਦਿੱਤਾ ਸੀ। ਉਸ ਨੇ ਦੱਸਿਆ ਕਿ ਦੁਕਾਨ ਬਨਾਉਣ ਉਪਰੰਤ ਮਿਤੀ 15.05.2026 ਨੂੰ ਚੰਨਣ ਸਿੰਘ ਆਪਣੇ ਸਾਥੀਆਂ ਨਾਲ ਆਇਆ ਅਤੇ ਉਸ ਨੇ ਇਸ ਦੁਕਾਨ ਪਰ ਆਪਣਾ ਦਾਅਵਾ ਕੀਤਾ ਅਤੇ ਉਸ ਦੀ ਦੁਕਾਨ ਦੀ ਛੱਤ ਡੇਗਣ ਦੀ ਕੋਸ਼ਿਸ਼ ਕੀਤੀ, ਜਿਸ ਤੇ ਆਂਢ—ਗੁਆਂਢ ਦੇ ਲੋਕਾਂ ਨੇ ਵਿਚ ਪੈ ਕੇ ਅਜਿਹਾ ਕਰਨ ਤੋਂ ਰੋਕ ਦਿੱਤਾ। ਗੱਲਬਾਤ ਕਰਦਿਆਂ ਸੁਰਿੰਦਰ ਕੁਮਾਰ ਨੇ ਦੱਸਿਆ ਕਿ ਇਨਸਾਫ ਲੈਣ ਲਈ ਉਸ ਨੇ ਮਾਣਯੋਗ ਅਦਾਲਤ ਵਿਚ ਕੇਸ ਦਾਇਰ ਕਰ ਦਿੱਤਾ ਅਤੇ ਮਾਣਯੋਗ ਜੱਜ ਸ੍ਰੀਮਤੀ ਅਮਨਦੀਪ ਕੌਰ ਰਠੌੜ ਨੇ ਦੀਵਾਨੀ ਮੁਕੱਦਮਾ ਨੰਬਰ ਸੀ.ਐਸ/928/2026 ਦੀ ਸੁਣਵਾਈ ਕਰਦੇ ਹੋਏ ਮਿਤੀ 20.05.2026 ਨੂੰ ਇਕ ਸਟੇਅ ਆਰਡਰ ਜਾਰੀ ਕਰਦੇ ਹੋਏ ਦੋਸ਼ੀ ਚੰਨਣ ਸਿੰਘ ਨੂੰ ਅਗਲੀ ਤਰੀਕ ਤੱਕ ਉਸ ਦੀ (ਸੁਰਿੰਦਰ ਕੁਮਾਰ) ਦੁਕਾਨ ਅਤੇ ਪ੍ਰੋਪਰਟੀ ਨੂੰ ਕਿਸੇ ਵੀ ਤਰ੍ਹਾਂ ਦੇ ਨੁਕਸਾਨ ਪਹੁੰਚਾਉਣ ਤੋਂ ਵਰਜਿਆ, ਪਰ ਇਸ ਦੇ ਬਾਵਜੂਦ ਉਕਤ ਸ੍ਰੀ ਚੰਨਣ ਸਿੰਘ ਨੇ ਮਿਤੀ 26.05.2026 ਦੀ ਰਾਤ ਨੂੰ ਉਸ ਦੀ ਦੁਕਾਨ ਦੀ ਛੱਤ ਡੇਗ ਦਿੱਤੀ। ਆਪਣਾ ਰੋਹ ਜ਼ਾਹਿਰ ਕਰਦਿਆਂ ਸੁਰਿੰਦਰ ਕੁਮਾਰ ਨੇ ਦੱਸਿਆ ਕਿ ਉਹ ਫਾਰਮਾਸਿਸਟ ਦਾ ਕੰਮ ਕਰਦਾ ਹੈ ਅਤੇ ਬੜੀ ਮੁਸ਼ਕਤ ਨਾਲ ਆਪਣੀ ਦੁਕਾਨ ਖੜ੍ਹੀ ਕੀਤੀ ਸੀ, ਪਰ ਸ੍ਰੀ ਚੰਨਣ ਸਿੰਘ ਨੇ ਅੱਧੀ ਰਾਤ ਨੂੰ ਦੁਕਾਨ ਨੂੰ ਢਹਿ—ਢੇਰੀ ਕਰਕੇ ਉਸ ਦਾ ਵਿੱਤੀ ਨੁਕਸਾਨ ਕੀਤਾ ਗਿਆ ਹੈ। ਉਸ ਨੇ ਕਿਹਾ ਕਿ ਪੁਲਿਸ ਚੌਂਕੀ ਬਾਰਡਰ ਰੋਡ ਤੇ ਸ਼ਿਕਾਇਤ ਦਰਜ ਕਰਵਾਉਣ ਗਿਆ ਸੀ, ਪਰ ਪੁਲਿਸ ਮੁਲਾਜ਼ਮਾਂ ਨੇ ਕੋਈ ਵੀ ਕਾਰਵਾਈ ਕਰਨ ਤੋਂ ਸਾਫ ਇਨਕਾਰੀ ਕਰਦਿਆਂ ਕਿਹਾ ਕਿ ਤੁਹਾਡਾ ਕੇਸ ਮਾਣਯੋਗ ਅਦਾਲਤ ਵਿਚ ਚੱਲਦਾ ਹੈ, ਤੁਸੀਂ ਉਥੇ ਚਾਰਾਜੋਈ ਕਰੋ। ਆਪਣੇ ਹੋਏ ਨੁਕਸਾਨ ਦਾ ਜ਼ਿਕਰ ਕਰਦਿਆਂ ਸੁਰਿੰਦਰ ਕੁਮਾਰ ਨੇ ਕਿਹਾ ਕਿ ਇਨਸਾਫ ਲਈ ਉਸ ਨੇ ਮਾਣਯੋਗ ਐਸ.ਐਸ.ਪੀ ਫ਼ਿਰੋਜ਼ਪੁਰ ਸਮੇਤ ਡੀ.ਆਈ.ਜੀ ਫ਼ਿਰੋਜ਼ਪੁਰ ਰੇਂਜ, ਡੀ.ਜੀ.ਪੀ ਪੰਜਾਬ ਪੁਲਿਸ ਅਤੇ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਨੂੰ ਲਿਖਤੀ ਦਰਖਾਸਤਾਂ ਭੇਜੀਆਂ ਹਨ ਤਾਂ ਜ਼ੋ ਉਸ ਨੂੰ ਇਨਸਾਫ ਮਿਲ ਸਕੇ ਅਤੇ ਮਾਣਯੋਗ ਅਦਾਲਤ ਦੇ ਹੁਕਮਾਂ ਦੇ ਬਾਵਜੂਦ ਉਸ ਦੀ ਦੁਕਾਨ ਢਹਿ—ਢੇਰੀ ਕਰਨ ਵਾਲਿਆਂ ਵਿਰੁੱਧ ਸਖਤ ਕਾਰਵਾਈ ਹੋ ਸਕੇ। ਗੱਲਬਾਤ ਕਰਦਿਆਂ ਸੁਰਿੰਦਰ ਕੁਮਾਰ ਨੇ ਕਿਹਾ ਕਿ ਹੁਣ ਆਲਮ ਇਹ ਬਣ ਚੁੱਕਾ ਹੈ ਕਿ ਉਸ ਨੂੰ ਆਪਣੀ ਤੇ ਆਪਣੇ ਪਰਿਵਾਰ ਦੀ ਜਾਨ ਦਾ ਖਤਰਾ ਬਣਿਆ ਹੋਇਆ ਹੈ ਅਤੇ ਜੇਕਰ ਮੇਰੀ ਜਾਂ ਮੇਰੇ ਪਰਿਵਾਰ ਦਾ ਜਾਨੀ—ਮਾਲੀ ਨੁਕਸਾਨ ਹੁੰਦਾ ਹੈ ਤਾਂ ਉਸ ਦੀ ਜਿੰਮੇਵਾਰੀ ਚੰਨਣ ਸਿੰਘ ਦੀ ਹੋਵੇਗੀ।

# ਲੀਡਰਸ਼ਿਪ ਬਣੀ ਗੈਂਗਸਟਰ ਕੁਰਸੀਆਂ ਪਿਛੇ ਭਰਾ ਮਾਰੂ ਜੰਗ ਕਰਵਾ ਰਹੀ ਹੈ—ਭੁੱਲਰ



**ਫ਼ਿਰੋਜ਼ਪੁਰ, 27 ਮਈ (ਮਨੋਹਰ ਲਾਲ) :—** ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੀ ਇਕ ਹੰਗਾਮੀ ਮੀਟਿੰਗ ਗੁਰਚਰਨ ਸਿੰਘ ਭੁੱਲਰ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਜਿਲ੍ਹਾ ਫਿਰੋਜਪੁਰ ਅਤੇ ਪੀ.ਏ.ਸੀ ਮੈਂਬਰ ਦੇ ਘਰ ਹੋਈ। ਮੀਟਿੰਗ ਦੌਰਾਨ ਗੁਰਚਰਨ ਸਿੰਘ ਭੁੱਲਰ ਨੇ ਕਿਹਾ ਕਿ ਪੰਜਾਬ ਦੀ ਲੀਡਰਸ਼ਿਪ ਗੈਂਗਸਟਰ ਬਣ ਚੁੱਕੀ ਹੈ, ਜਿਨਾਂ ਨੇ ਲੋਕਤੰਤਰ ਦਾ ਘਾਣ ਕਰ ਦਿੱਤਾ ਅਤੇ ਆਪਣੇ ਲੋਕਾਂ ਵਿੱਚ ਭਰਾ ਮਾਰੂ ਜੰਗ ਸ਼ੁਰੂ ਕਰਵਾ ਦਿੱਤੀ ਹੈ, ਅੱਜ ਕੁਰਸੀ ਪਿੱਛੇ ਗਲੀਆਂ, ਪਿੰਡਾਂ, ਵਾਰਡਾਂ ਸਹਿਰਾਂ ਅਤੇ ਜਿਲ੍ਹਿਆਂ ਵਿੱਚ ਆਪੋ—ਆਪਣੇ ਪਾਰਟੀ ਦੇ ਵਰਕਰਾਂ ਨੂੰ ਇੱਕ ਦੂਜੇ ਨਾਲ ਲੜਾ ਰਹੇ ਹਨ ਅਤੇ ਪ੍ਰਸ਼ਾਸਨ ਮੂਕ ਦਰਸ਼ਕ ਬਣ ਕੇ ਵੇਖ ਰਿਹਾ ਹੈ। ਉਨ੍ਹਾਂ ਕਿਹਾ ਕਿ ਇੱਥੋਂ ਇਹ ਸਾਬਤ ਹੁੰਦਾ ਕਿ ਪੰਜਾਬ ਵਿੱਚ ਲੋਕਤੰਤਰ ਬਿਲਕੁਲ ਖਤਮ ਹੋ ਚੁੱਕਾ ਅਤੇ ਗੁੰਡਾਗਰਦੀ ਦਾ ਰਾਜ ਚੱਲ ਰਿਹਾ ਹੈ, ਜਿਹੜਾ ਸਾਡਾ ਸੰਵਿਧਾਨ ਸੀ ਜਿਹੜੇ ਸੰਵਿਧਾਨ ਦੇ ਵਿੱਚ ਰਹਿ ਕੇ ਹਰ ਕੋਈ ਇਨਸਾਨ ਇਲੈਕਸ਼ਨ ਲੜ ਸਕਦਾ ਸੀ ਆਪਣੇ ਕਾਗਜ ਦਾਖਲ ਕਰ ਸਕਦਾ ਸੀ ਪਰ ਅੱਜ ਸਾਡੀ ਗੈਂਗਸਟਰ ਲੀਡਰਸ਼ਿਪ ਨੇ ਜਿਹੜੀਆਂ ਵੀ ਪਿਛਲੇ ਲੰਬੇ ਸਮੇਂ ਤੋਂ ਸਰਕਾਰਾਂ ਹੰਡਾ ਕੇ ਆਈਆਂ ਉਨ੍ਹਾਂ ਨੇ ਇੱਕ ਤਹਈਆ ਕੀਤਾ ਹੋਇਆ ਇਨ੍ਹਾਂ ਲੋਕਾਂ ਨੂੰ ਕੁੱਟ ਕੇ ਤੇ ਲੁੱਟ ਕੇ ਆਪਣੀ ਕੁਰਸੀ ਪੱਕੀ ਕਰਨ ਦੀ ਕੋਸਿਸ ਕੀਤੀ ਹੈ, ਇਨ੍ਹਾਂ ਲੋਕਾਂ ਨੂੰ ਕੁਰਸੀ ਨਾਲ ਮਤਲਬ ਚਾਹੇ ਕਿਸੇ ਦਾ ਪੁੱਤ ਮਰ ਜਾਏ ਚਾਹੇ ਕਿਸੇ ਦਾ ਭਰਾ ਮਰ ਜਾਏ, ਚਾਹੇ ਕਿਸੇ ਦਾ ਘਰ ਵਾਲਾ ਮਰ ਜਾਏ ਇਨ੍ਹਾਂ ਨੂੰ ਕੋਈ ਫਰਕ ਨਹੀਂ ਪੈਣਾ। ਗੱਲਬਾਤ ਕਰਦਿਆਂ ਗੁਰਚਰਨ ਸਿੰਘ ਭੁੱਲਰ ਨੇ ਕਿਹਾ ਕਿ ਇਸ ਲੀਡਰਸ਼ਿਪ ਨੇ ਪਿੰਡਾਂ ਵਿੱਚ ਭਰਾ ਨਾਲ ਭਰਾ ਨਹੀਂ ਰਹਿਣ ਦਿੱਤਾ, ਪਿਓ ਪੁੱਤ ਨਹੀਂ ਰਹਿਣ ਦਿੱਤੇ ਇਕੱਠੇ ਅਤੇ ਸਾਡੀ ਜਿਹੜੀ ਪਿੰਡਾਂ ਦੀ ਪਰਿਵਾਰਕ ਸਾਂਝ ਸੀ ਉਹ ਵੀ ਖਤਮ ਕਰਾ ਦਿੱਤੀ ਹੈ। ਸ੍ਰੀ ਭੁੱਲਰ ਨੇ ਕਿਹਾ ਕਿ ਲੋਕਾਂ ਵਿੱਚ ਵੈਰ ਵਿਰੋਧ ਤੇ ਦੁਸ਼ਮਣੀਆਂ ਪਵਾ ਦਿੱਤੀਆਂ ਜਿਹੜੇ ਸਾਡੇ ਪਿੰਡਾਂ ਵਾਲੇ ਬੈਠ ਕੇ ਪੰਚਾਇਤਾਂ ਦੇ ਇਲੈਕਸ਼ਨ ਕਰਾਕੇ ਮੋਹਤਵਾਰ ਬੰਦੇ ਚੰਗੇ ਬੰਦਿਆਂ ਨੂੰ ਪਿੰਡ ਦੀ ਸੇਵਾ ਕਰਨ ਦਾ ਮੌਕਾ ਦਿੰਦੇ ਸੀ ਅੱਜ ਉਹ ਵੀ ਪਿੰਡਾਂ ਦੇ ਲੋਕਾਂ ਦੇ ਹੱਥਾਂ ਵਿੱਚੋਂ ਖੋਹ ਲਈ ਹੈ, ਅੱਜ ਗੈਂਗਸਟਰ ਬਣੀ ਲੀਡਰਸ਼ਿਪ ਜਿਸ ਮਰਜੀ ਦੇ ਕਾਗਜ ਦਾਖਲ ਕਰਵਾ ਦੇਵੇ ਜਿਸ ਮਰਜੀ ਦੇ ਕਾਗਜ ਰੱਦ ਕਰਵਾ ਦੇ ਜਿਸ ਤਰ੍ਹਾਂ ਮਰਜੀ ਵੋਟਾਂ ਵਾਲੇ ਦਿਨ ਬੂਥ ਕੈਪਚਰਿੰਗ ਕਰਵਾ ਲਵੇ, ਉਨ੍ਹਾਂ ਵਿੱਚ ਹੇਰਾ ਫਰੀ ਕਰਕੇ ਆਪਣੀ ਕੁਰਸੀ ਪੱਕੀ ਕਰ ਲਵੇ ਚਾਹੇ ਅੱਜ ਕਾਂਗਰਸ ਚਾਹੇ ਬੀਜੇਪੀ ਆ ਚਾਹੇ ਆਮ ਪਾਰਟੀ ਆ ਚਾਹੇ ਝਾੜੂ ਵਾਲੇ ਨੇ ਇਨ੍ਹਾਂ ਨੇ ਲੋਕਾਂ ਦਾ ਜਿਉਣਾ ਹਰਾਮ ਕਰ ਦਿੱਤਾ। ਉਨ੍ਹਾਂ ਕਿਹਾ ਕਿ ਅੱਜ ਕੋਈ ਵੀ ਇਨਸਾਨ ਸੇਫ ਨਹੀਂ ਹੈ ਕਿਸੇ ਨੂੰ ਨਹੀਂ ਪਤਾ ਵੀ ਕਿੱਥੇ ਕੀ ਹੋ ਜਾਣਾ ਹੈ, ਪਿਛਲੇ ਲੰਮੇ ਸਮੇਂ ਤੋਂ ਬਣਦੀਆਂ ਆ ਰਹੀਆਂ ਪਾਰਟੀਆਂ ਜਿੰਨਾ ਦੇ ਗੈਂਗਸਟਰ ਲੀਡਰਾਂ ਨੇ ਮਾਰਧਾੜ ਕਰਕੇ ਲੋਕਾਂ ਦੇ ਦਿੱਤੇ ਫਤਵੇ ਨੂੰ ਆਪਣੀਆਂ ਤਜੋਰੀਆਂ ਬਣਾ ਲਿਆ ਨਹੀਂ ਤੇ ਪਿਛੋ ਲੈ ਕੇ ਇਨ੍ਹਾਂ ਦੀ ਇਨਕੁਆਰੀ ਕਰਵਾ ਕੇ ਵੇਖ ਲਓ ਕਿ ਇਲੈਕਸਨ ਲੜਨ ਤੋਂ ਪਹਿਲਾਂ ਇਨ੍ਹਾਂ ਕੋਲ ਕੀ ਸੀ ਤੇ ਅੱਜ ਕੀ ਹੈ। ਸ੍ਰੀ ਭੁੱਲਰ ਨੇ ਕਿਹਾ ਕਿ ਪਿਛਲੀਆਂ ਪਾਰਟੀਆਂ ਵੱਲੋ ਸ਼ੁਰੂ ਕੀਤਾ ਲੋਕਤੰਤਰ ਦਾ ਘਾਣ ਅੱਜ ਬਹੁਤ ਉੱਚੇ ਲੈਵਲ ਤੇ ਚੱਲ ਪਿਆ ਹੈ, ਪ੍ਰਸ਼ਾਸਨ, ਲੀਡਰਸ਼ਿਪ ਵਿੱਚ ਗੈਂਗਸਟਰ ਲੀਡਰਾਂ ਦੇ ਤਲਵੇ ਚੱਟ ਲੋਕਾਂ ਕਾਰਨ ਪੰਜਾਬ ਕੰਗਾਲੀ ਦੇ ਕੰਡੇ ਤੇ ਖਲੋਤਾ ਹੈ, ਰਖੇਲਾਂ ਬਣ ਚੁੱਕੇ ਲੋਕਾਂ ਦੀ ਸੋਚ ਹੀ ਖਤਮ ਹੋ ਚੁੱਕੀ ਹੈ, ਉਨ੍ਹਾਂ ਨੂੰ ਸਿਰਫ ਇਹ ਦਲ ਬਦਲੂ ਲੀਡਰ ਹੀ ਦਿਸਦੇ ਹਨ, ਨਾ ਉਨ੍ਹਾਂ ਨੂੰ ਆਪਣੇ ਪਿੰਡ ਦੇ ਲੋਕ ਦਿਸਦੇ ਹਨ, ਨਾ ਉਨ੍ਹਾਂ ਨੂੰ ਭਰਾ ਦਿਸਦੇ ਹਨ, ਇੱਥੇ ਸਾਨੂੰ ਸਮਝਣਾ ਪਊਗਾ ਕਿ ਇਨ੍ਹਾਂ ਪਾਰਟੀਆਂ ਨੇ ਸਾਡਾ ਹੁਣ ਤੱਕ ਕਿੰਨਾ ਨੁਕਸਾਨ ਕੀਤਾ, ਜੇਕਰ ਕੋਈ ਕਿਸੇ ਨੇ ਦਫਤਰ ਵਿੱਚ ਕੰਮ ਕਰਾਉਣਾ ਹੋਵੇ ਚਾਹੇ ਉਹਨੇ ਕੋਈ ਅਸਲਾ ਲਾਇਸੈਂਸ ਬਣਾਉਣਾ ਹੋਵੇ ਚਾਹੇ ਇਹਨੇ ਕੋਈ ਰਜਿਸਟਰੀ ਕਰਾਉਣੀ ਹੋਵੇ ਚਾਹੇ ਕਿਸੇ ਦਫਤਰ ਆਰ.ਟੀ.ਓ, ਡੀ.ਟੀ.ਓ ਜਾਂ ਕਿਸੇ ਵੀ ਦਫਤਰ ਵਿੱਚ ਕੰਮ ਕਰਾਉਣਾ ਹੋਵੇ ਤਾ ਦਫਤਰਾਂ ਵਿੱਚ ਬੈਠੇ ਗੈਂਗਸਟਰ ਲੀਡਰਸ਼ਿਪ ਦੇ ਕੁਝ ਅਫਸਰ, ਬਾਬੂ ਕਹਿੰਦੇ ਪਹਿਲਾਂ ਸਰਕਾਰ ਦੇ ਹਲਕੇ ਦੇ ਲੀਡਰ ਤੋਂ ਕਹਾਵੋ ਫਿਰ ਕੰਮ ਹੋਊ ਕਿਉਂਕਿ ਜਿਹੜੀ ਸਰਕਾਰ ਬਣਦੀ ਹੈ, ਉਹ ਅਫਸਰਾਂ ਨੂੰ ਹਦਾਇਤ ਕਰ ਦਿੰਦੀ ਹੈ ਕਿ ਜਿਹੜਾ ਸਾਡਾ ਲੀਡਰ ਕਹੂਗਾ ਉਹਦੇ ਮੁਤਾਬਿਕ ਕੰਮ ਕਰਨੇ ਇਹਦਾ ਮਤਲਬ ਜਿਹੜੇ ਕੁਝ ਅਫਸਰ ਇਨ੍ਹਾਂ ਲੀਡਰਸ਼ਿਪ ਦੀਆਂ ਰਖੇਲਾਂ ਬਣ ਜਾਂਦੀਆਂ ਹਨ ਕੀ ਉਨ੍ਹਾਂ ਨੇ ਸਵਿਧਾਨ ਦੀ ਸੌ ਨਹੀਂ ਚੁੱਕੀ ਹੁੰਦੀ ਕਿ ਅਸੀਂ ਲੋਕ ਸੇਵਾ ਕਰਾਂਗੇ ਉਹ ਫਿਰ ਲੀਡਰਾਂ ਦੀ ਸੇਵਾ ਕਰਨ ਲੱਗ ਪੈਂਦੇ ਫਿਰ ਲੋਕਾਂ ਤੇ ਜਬਰ ਤੇ ਜ਼ੁਲਮ ਕਰਦੇ ਹਨ, ਲੋਕਾਂ ਤੇ ਨਜਾਇਜ਼ ਪਰਚੇ ਕਰਦੇ ਹਨ, ਲੋਕਾਂ ਤੇ ਧੱਕੇਸ਼ਾਹੀ ਕਰਦੇ ਹਨ, ਗੁੰਡਾਗਰਦੀ ਕਰਦੇ ਉਨ੍ਹਾਂ ਦੇ ਕਾਗਜ ਰਿਜੈਕਟ ਕਰਦੇ ਹਨ ਤੇ ਸਵਿਧਾਨ ਦੀਆ ਧੱਜੀਆਂ ਉਡਾਉਂਦੇ ਹਨ। ਉਨ੍ਹਾਂ ਕਿਹਾ ਕਿ ਇਸ ਸਮੇਂ ਪੰਜਾਬ ਵਿੱਚ ਲੋਕਤੰਤਰ ਦਾ ਘਾਣ ਹੋ ਚੁੱਕਾ ਹੈ ਅਤੇ ਇਨਸਾਫ ਖੰਭ ਲਾ ਕੇ ਕਿਤੇ ਉਡ ਗਿਆ ਅਤੇ ਇਨਸਾਫ ਦੇਣ ਵਾਲੇ ਲੋਕਾਂ ਨੂੰ ਕੁੱਟਦੇ ਤੇ ਧੱਕੇ ਮਾਰਦੇ ਹਨ, ਨਸੇ. ਨਾਲ ਹਰ ਰੋਜ ਨੌਜਵਾਨਾਂ ਦੀਆਂ ਮੌਤਾਂ ਹੋ ਰਹੀਆਂ ਹਨ ਪਰ ਸਰਕਾਰ ਮਸ਼ਹੂਰੀਆਂ ਰਾਹੀ ਨਸ਼ਾ ਮੁਕਤ ਪੰਜਾਬ ਦੱਸ ਰਹੀ ਹੈ ਅਤੇ ਝੂਠ ਦਾ ਪ੍ਰਚਾਰ ਕਰ ਰਹੀ ਹੈ। ਗੱਲਬਾਤ ਕਰਦਿਆਂ ਗੁਰਚਰਨ ਸਿੰਘ ਭੁੱਲਰ ਨੇ ਕਿਹਾ ਕਿ ਭ੍ਰਿਸ਼ਟਾਚਾਰ, ਰਿਸ਼ਵਤਖੋਰੀ, ਗੁੰਡਾਗਰਦੀ ਦਾ ਨੰਗਾ ਨਾਚ ਹੋ ਰਿਹਾ ਹੈ ਲੋਕਤੰਤਰ ਖਤਮ ਹੋ ਚੁੱਕਾ ਹੈ। ਇਸ ਸਮੇਂ ਤੇਜਿੰਦਰ ਸਿੰਘ ਦਿਓਲ ਯੂਥ ਪ੍ਰਧਾਨ ਪੰਜਾਬ, ਜਸਵੰਤ ਸਿੰਘ ਮੀਡੀਆ ਇੰਚਾਰਜ, ਸੁਖਦੇਵ ਸਿੰਘ ਵੇਹੜੀ, ਮੇਹਰ ਸਿੰਘ ਸਰਕਲ ਪ੍ਰਧਾਨ ਮਮਦੋਟ, ਜਗਜੀਤ ਸਿੰਘ ਛੂਛਕ, ਸੁਖਚੈਨ ਸਿੰਘ ਆਦਿ ਨੇ ਪੰਜਾਬ ਦੇ ਹਲਾਤਾਂ ਤੇ ਚਿੰਤਾ ਜਾਹਿਰ ਕੀਤੀ।

ਕੁਲਦੀਪ ਸਿੰਘ ਛੱਜਲਵੱਡੀ 'ਯੁੱਧ ਨਸ਼ਿਆਂ ਵਿਰੁੱਧ' ਦੇ ਜ਼ਿਲ੍ਹਾ ਪ੍ਰਧਾਨ ਅੰਮ੍ਰਿਤਸਰ ਨਿਯੁਕਤ

# ਹਲਕਾ ਬਾਬਾ ਬਕਾਲਾ ਸਾਹਿਬ ਦੇ ਬਲਾਕ ਕੋਆਰਡੀਨੇਟਰਜ ਵਿੱਚ ਖੁਸ਼ੀ ਦੀ ਲਹਿਰ



**ਚੌਕ ਮਹਿਤਾ, 27 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਹਲਕਾ ਬਾਬਾ ਬਕਾਲਾ ਸਾਹਿਬ ਦੇ ਸੀਨੀਅਰ ਆਪ ਆਗੂ ਸ: ਕੁਲਦੀਪ ਸਿੰਘ ਛੱਜਲਵੱਡੀ ਨੂੰ ਹਲਕਾ ਬਾਬਾ ਬਕਾਲਾ ਸਾਹਿਬ ਦੇ ਵਿਧਾਇਕ ਸ: ਦਲਬੀਰ ਸਿੰਘ ਟੌਂਗ ਦੀ ਸਿਫਾਰਸ਼ 'ਤੇ ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਨੇ "ਯੁੱਧ ਨਸ਼ਿਆਂ ਵਿਰੁੱਧ" ਦੇ ਜ਼ਿਲ੍ਹਾ ਪ੍ਰਧਾਨ ਅੰਮ੍ਰਿਤਸਰ ਨਿਯੁਕਤ ਕੀਤਾ ਹੈ । ਜਿਸ 'ਤੇ ਹਲਕਾ ਬਾਬਾ ਬਕਾਲਾ ਸਾਹਿਬ ਦੇ ਆਪ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਹੈ । ਹਲਕਾ ਕੋਆਰਡੀਨੇਟਰ ਡਾ: ਸਰਬਜੀਤ ਸਿੰਘ ਧੂਲਕਾ, ਹਲਕਾ ਵਾਇਸ ਕੋਆਰਡੀਨੇਟਰ ਗੁਰਸਾਹਿਬ ਸਿੰਘ ਫੱਤੂਵਾਲ, ਹਲਕਾ ਵਾਇਸ ਕੋਆਰਡੀਨੇਟਰ ਗੁਰਮੀਤ ਸਿੰਘ ਮੁਗਲਾਣੀ ਅਤੇ ਬਲਾਕ ਕੋਆਰਡੀਨੇਟਰ ਡਾਕਟਰ ਮਲਕੀਤ ਸਿੰਘ ਰੰਧਾਵਾ, ਕੋਆਰਡੀਨੇਟਰ ਹਰਦੇਵ ਸਿੰਘ ਟਪਿਆਲਾ, ਬਲਾਕ ਕੋਆਰਡੀਨੇਟਰ ਬਿਕਰਮਜੀਤ ਸਿੰਘ ਬਿੱਕਾ, ਬਲਾਕ ਕੋਆਰਡੀਨੇਟਰ ਪਵਨਦੀਪ ਸਿੰਘ ਬੱਲਸਰਾਂ ਬਲਾਕ ਕੋਆਰਡੀਨੇਟਰ ਹਰਦੇਵ ਜਸਵਿੰਦਰ ਸਿੰਘ ਝਾੜੂ ਨੰਗਲ, ਬਲਾਕ ਕੋਆਰਡੀਨੇਟਰ ਅਨਮੋਲਦੀਪ ਸਿੰਘ ਪੱਡਾ, ਬਲਾਕ ਕੋਆਰਡੀਨੇਟਰ ਦਵਿੰਦਰ ਸਿੰਘ ਧਿਆਨਪੁਰ, ਬਲਾਕ ਕੋਆਰਡੀਨੇਟਰ ਸੰਤੋਖ ਸਿੰਘ ਸਰਪੰਚ ਭੈਣੀ ਬਦੇਸ਼ਾ, ਬਲਾਕ ਕੋਆਰਡੀਨੇਟਰ ਰਣਜੀਤ ਸਿੰਘ ਰਾਣਾ ਕਲੇਰਾਂ, ਬਲਾਕ ਕੋਆਰਡੀਨੇਟਰ ਹਰਪ੍ਰੀਤ ਸਿੰਘ ਹੈਪੀ ਵਡਾਲਾ, ਬਲਾਕ ਕੋਆਰਡੀਨੇਟਰ ਸੋਹਨ ਸਿੰਘ ਐਮ.ਪੀ. ਬੁਤਾਲਾ, ਬਲਾਕ ਕੋਆਰਡੀਨੇਟਰ ਸੁਰਜੀਤ ਸਿੰਘ ਵੇਰੋਂਵਾਲ, ਬਲਾਕ ਕੋਆਰਡੀਨੇਟਰ ਜਗਦੀਪ ਸਿੰਘ ਵੈਰੋਵਾਲ਼, ਬਲਾਕ ਕੋਆਰਡੀਨੇਟਰ ਬਲਜੀਤ ਸਿੰਘ ਸਰਲੀ ਅਤੇ ਟੀਮ ਦੇ ਫੀਲਡ ਅਫ਼ਸਰ ਸ੍ਰੀ ਲਵ ਕੁਮਾਰ ਬਹਿਲ ਅਤੇ ਹਲਕਾ ਬਾਬਾ ਬਕਾਲਾ ਸਾਹਿਬ ਦੇ ਸਮੂਹ ਬਲਾਕ ਕੋਆਰਡੀਨੇਟਰਜ ਵੱਲੋਂ ਸ: ਕੁਲਦੀਪ ਸਿੰਘ ਛੱਜਲਵੱਡੀ ਨੂੰ ਜ਼ਿਲ੍ਹਾ ਪ੍ਰਧਾਨ ਲੱਗਣ 'ਤੇ ਬਹੁਤ ਬਹੁਤ ਵਧਾਈਆਂ ਦਿੱਤੀਆਂ ਹਨ ਅਤੇ ਉਨ੍ਹਾਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਹੈ । ਉਨ੍ਹਾਂ ਕਿਹਾ ਕਿ ਸਾਰੇ ਕੌਆਰਡੀਨੇਟਰ ਸ: ਕੁਲਦੀਪ ਸਿੰਘ ਛੱਜਲਵੱਡੀ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੇ ਰਹਾਂਗੇ ਅਤੇ ਸ੍ਰੀ ਭਗਵੰਤ ਮਾਨ ਦੀ ਸੋਚ 'ਤੇ ਪਹਿਰਾ ਦੇਣਗੇ ਅਤੇ ਆਪਣੇ ਜ਼ਿਲੇ ਵਿੱਚੋਂ ਨਸ਼ਾ ਖਤਮ ਕਰ ਕੇ ਅਪਣੇ ਜ਼ਿਲ੍ਹੇ ਨੂੰ ਮੁਕੰਮਲ ਤੌਰ ਤੇ ਨਸ਼ਾ ਮੁਕਤ ਬਣਾਉਣਗੇ।

ਪਿੰਡਾਂ 'ਚ ਡੂੰਘੇ ਕੀਤੇ ਗੰਦੇ ਪਾਣੀ ਦੇ ਛੱਪੜ ਬਣ ਰਹੇ ਮੌਤ ਦਾ ਕਾਰਨ

# ਪਿੰਡ ਜੱਬੋਵਾਲ 'ਚ 22 ਸਾਲਾ ਨੌਜਵਾਨ ਦੀ ਛੱਪੜ 'ਚ ਡੁੱਬਣ ਕਾਰਨ ਮੌਤ

**ਜੰਡਿਆਲਾ ਗੁਰੂ, 27 ਮਈ ( ਕੁਲਵੰਤ ਸਿੰਘ ਵਿਰਦੀ )**-ਪਿੰਡ ਜਬੋਵਾਲ ਦੇ 22 ਸਾਲਾ ਨੌਜਵਾਨ ਦੀ ਡੂੰਘੇ ਛੱਪੜ ਵਿਚ ਖੜੇ ਪਾਣੀ ਚ ਡੁਬਣ ਨਾਲ ਮੌਤ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਪ੍ਰਾਪਤ ਕੀਤੀ ਗਈ ਜਾਣਕਾਰੀ ਮੁਤਾਬਿਕ ਦਵਿੰਦਰ ਸਿੰਘ ਪੁੱਤਰ ਅਵਤਾਰ ਛਿੰਦਾ ਸਿੰਘ ਵਾਸੀ ਪਿੰਡ ਜਬੋਵਾਲ ਦੀ ਬੀਤੇ ਦਿਨ ਛੱਪੜ ਵਿਚ ਡੁਬ ਕੇ ਮੌਤ ਹੋ ਗਈ ਪਿੰਡ ਵਾਸੀਆਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮ੍ਰਿਤਕ ਨੌਜਵਾਨ ਕਬੂਤਰ ਰੱਖਣ ਦਾ ਸ਼ੌਕੀਨ ਸੀ ਉਸ ਦਾ ਇਕ ਕਬੂਤਰ ਪਾਣੀ ਪੀਣ ਲਈ ਛੱਪੜ ਦੇ ਕਿਨਾਰੇ ਤੇ ਉਤਰ ਕੇ ਬੈਠ ਗਿਆ ।ਜਿਸ ਨੂੰ ਫੜਨ ਲਈ ਦਵਿੰਦਰ ਸਿੰਘ ਵੀ ਛੱਪੜ ਦੇ ਕਿਨਾਰੇ ਤੇ ਚਲੇ ਗਿਆ ।ਪੈਰ ਫਿਸਲਣ ਕਾਰਣ ਡੂੰਘੇ ਛੱਪੜ ਵਿਚ ਡੁਬ ਗਿਆ ਲੋਕਾਂ ਵੱਲੋਂ ਇਕੱਠੇ ਹੋ ਕੇ ਆਪਣੇ ਪੱਧਰ ਤੇ ਇਕ ਬੇੜੀ ਰਾਹੀਂ ਦਵਿੰਦਰ ਸਿੰਘ ਨੂੰ ਲੱਭਣ ਦਾ ਯਤਨ ਕੀਤਾ ਫਿਰ ਪੁਲਿਸ ਦੀ ਮਦਦ ਲਈ



112 ਨੰਬਰ ਤੇ ਫੋਨ ਕੀਤਾ ਥਾਣਾ ਤਰਸਿਕਾ ਦੀ ਪੁਲੀਸ ਏ ਐਸ ਆਈ ਸੁਰਜੀਤ ਸਿੰਘ ਪੁਲਿਸ ਪਾਰਟੀ ਸਮੇਤ ਮੌਕੇ ਤੇ ਪਹੁੰਚ ਗਏ ।ਪਰ ਛੱਪੜ ਦਾ ਪਾਣੀ 25-30 ਫੁਟ ਦੇ ਕਰੀਬ ਡੂੰਘਾ ਹੋਣ ਕਾਰਣ ਸਾਰੇ ਯਤਨ ਫੇਲ ਹੋ ਗਏ ।ਕੁਝ ਸਮੇਂ ਬਾਅਦ ਗੋਤਾਖੋਰਾਂ ਨੂੰ ਬੁਲਾਇਆ ਗਿਆ ਅਤੇ ਉਨਾਂ ਦੀ ਮੱਦਦ ਨਾਲ ਲਾਸ਼ ਨੂੰ ਬਾਹਰ ਕੱਢਿਆ ਗਿਆ ।ਪੰਜਾਬ ਦੇ ਬਹੁਤੇ ਪਿੰਡਾਂ ਵਿਚ ਗੰਦੇ ਪਾਣੀ ਦੇ ਨਿਕਾਸ ਲਈ ਛੱਪੜਾਂ ਤੋਂ ਬਿਨਾਂ ਹੋਰ ਕੋਈ ਹਲ ਨਹੀਂ ਹੈ। ਦਿਨੋਂ ਦਿਨ ਵੱਧ ਰਹੀ ਅਬਾਦੀ ਪਾਣੀ ਦੀ ਬਹੁਤ ਜਿਆਦਾ ਵਰਤੋਂ ਹੋਣ ਕਾਰਣ ਛੱਪੜ ਪਾਣੀ ਨੂੰ ਨਹੀਂ ਸਮਾ ਸਕਦੇ ।ਜਿਸ ਕਾਰਣ ਥੋੜੀ ਜਿਹੀ ਬਾਰਸ਼ ਹੋਣ ਕਾਰਣ ਪਾਣੀ ਨਾਲੀਆਂ ਗਲੀਆਂ ਰਸਤਿਆਂ ਵਿਚ ਖੜਾ ਹੋ ਜਾਂਦਾ ਹੈ ।ਇਸ ਦਾ ਕੋਈ ਹੱਲ ਨਾ ਹੋਣ ਕਾਰਣ ਬਹੁਤੀਆਂ ਪੰਚਾਇਤਾਂ ਨੇ ਛੱਪੜ ਖੁਦਾਈ ਕਰਵਾ ਕੇ ਬਹੁਤ ਡੂੰਘੇ ਕਰਵਾ ਦਿਤੇ ਹਨ ।ਪਰ ਬਾਹਰ ਕੋਈ ਚਾਰ ਦਿਵਾਰੀ ਜਾਂ ਗਾਰਡਿੰਗ ਤਾਰ ਨਹੀਂ ਲਗੀ ।ਜਿਸ ਕਾਰਣ ਪਿੰਡਾਂ ਦੇ ਛੱਪੜ ਮੌਤ ਦੇ ਖੂਹ ਬਣਦੇ ਜਾ ਰਹੇ ਹਨ। ਪਿੰਡ ਜਬੋਵਾਲ ਦੇ ਵਾਸੀਆਂ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਇਸ ਛੱਪੜ ਦੇ ਕਿਨਾਰਿਆਂ ਦੀਵਾਰ ਜਾਂ ਤਾਰ ਗਾਰਡਿੰਗ ਲਗਵਾਉਣ ਦਾ ਪ੍ਰਬੰਧ ਕੀਤਾ ਜਾਵੇ। ਤਾਂ ਕਿ ਅਗੇ ਤੋਂ ਇਸ ਤਰਾਂ ਦਾ ਕੋਈ ਹਾਦਸਾ ਨਾ ਵਾਪਰ ਸਕੇ ।ਮੌਜੂਦਾ ਸਰਪੰਚ ਨੇ ਕਿਹਾ ਕਿ ਚਾਰਦੀਵਾਰੀ ਲਈ ਜਗਾ ਨਹੀ ਹੈ। ਰਸਤਾ ਬਣਾ ਦਿੱਤਾ ਗਿਆ ਸੀ ਉਹ ਵੀ ਬਾਰਸ਼ਾਂ ਵਿੱਚ ਡੂੰਘਾਈ ਕਾਰਨ ਛੱਪੜ ਵਿੱਚ ਪੈਣ ਦਾ ਡਰ ਹੈ।

ਲੋਕਤੰਤਰ ਦਾ ਡੰਕਾ ਪੀਟਣ ਵਾਲੇ ਇਸ ਮੁਲਕ ਵਿੱਚ ਸਾਫ਼ ਨਜ਼ਰ ਆ ਰਿਹਾ ਹੈ ਕਾਨੂੰਨ ਦਾ ਦੋਹਰਾ ਮਾਪਦੰਡ

# "ਰਾਮ ਰਹੀਮ ਨੂੰ 16ਵੀਂ ਵਾਰ ਪਰੋਲ, ਪਰ ਬੰਦੀ ਸਿੰਘਾਂ ਲਈ ਦੇਸ਼ ਦਾ ਕਾਨੂੰਨ ਕਿਉਂ ਹੁੰਦਾ ਖਾਮੋਸ਼" — ਭਾਈ ਪਰਮਜੀਤ ਸਿੰਘ ਵੀਰਜੀ

**ਨਵੀਂ ਦਿੱਲੀ 27 ਮਈ (ਮਨਪ੍ਰੀਤ ਸਿੰਘ ਖਾਲਸਾ)**:- ਗੰਭੀਰ ਅਪਰਾਧਾਂ ਵਿੱਚ ਸਜ਼ਾ ਕੱਟ ਰਹੇ ਡੇਰਾ ਮੁਖੀ ਗੁਰਮੀਤ ਰਾਮ ਰਹੀਮ ਸਿੰਘ ਨੂੰ ਇਕ ਵਾਰ ਫਿਰ ਪਰੋਲ ਮਿਲਣ 'ਤੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਗੁਰੂਬਾਣੀ ਰਿਸਰਚ ਫਾਊਂਡੇਸ਼ਨ ਦੇ ਮੁੱਖੀ ਅਤੇ ਦਿੱਲੀ ਕਮੇਟੀ ਦੀ ਧਰਮ ਪ੍ਰਚਾਰ ਵਿੰਗ ਦੇ ਸਾਬਕਾ ਕੋ ਚੇਅਰਮੈਨ ਭਾਈ ਪਰਮਜੀਤ ਸਿੰਘ ਵੀਰਜੀ ਨੇ ਰਾਜ ਸਰਕਾਰ ਅਤੇ ਦੇਸ਼ ਦੀ ਨਿਆਂ ਪ੍ਰਣਾਲੀ 'ਤੇ ਸਖ਼ਤ ਸ਼ਬਦੀ ਹਮਲਾ ਕੀਤਾ ਹੈ। ਭਾਈ ਪਰਮਜੀਤ ਸਿੰਘ ਵੀਰਜੀ ਨੇ ਕਿਹਾ ਕਿ ਇੱਕ ਪਾਸੇ ਕਤਲ ਅਤੇ ਜਬਰ ਜਨਾਹ ਵਰਗੇ ਗੰਭੀਰ ਅਪਰਾਧਾਂ ਦੇ ਦੋਸ਼ੀ ਨੂੰ ਵਾਰ-ਵਾਰ ਪਰੋਲ ਦੇ ਕੇ ਖੁੱਲ੍ਹੀ ਛੂਟ ਦਿੱਤੀ ਜਾ ਰਹੀ ਹੈ, ਜਦਕਿ ਦੂਜੇ ਪਾਸੇ ਸਿੱਖ ਕੌਮ ਦੇ ਹੱਕਾਂ ਲਈ ਸੰਘਰਸ਼ ਕਰਨ ਵਾਲੇ ਬੰਦੀ ਸਿੰਘ, ਜੋ ਆਪਣੀਆਂ ਬਣਦੀਆਂ ਸਜ਼ਾਵਾਂ ਤੋਂ ਵੀ ਵੱਧ ਸਮਾਂ



ਜੇਲ੍ਹਾਂ ਵਿੱਚ ਬਿਤਾ ਚੁੱਕੇ ਹਨ, ਨੂੰ ਰਿਹਾਈ ਦੇਣ ਤੋਂ ਸਰਕਾਰਾਂ ਟਾਲਮਟੋਲ ਕਰ ਰਹੀਆਂ ਹਨ। ਉਨ੍ਹਾਂ ਸਵਾਲ ਕੀਤਾ ਕਿ ਇਹ ਸਿਰਫ਼ ਕਾਨੂੰਨੀ ਵਿਤਕਰਾ ਨਹੀਂ, ਸਗੋਂ ਸਿੱਖ ਕੌਮ ਦੀਆਂ ਭਾਵਨਾਵਾਂ ਨਾਲ ਖੁੱਲ੍ਹਾ ਧੋਖਾ ਹੈ। "ਲੋਕਤੰਤਰ ਦਾ ਡੰਕਾ ਪੀਟਣ ਵਾਲੇ ਇਸ ਮੁਲਕ ਵਿੱਚ ਕਾਨੂੰਨ ਦਾ ਦੋਹਰਾ ਮਾਪਦੰਡ ਸਾਫ਼ ਨਜ਼ਰ ਆ ਰਿਹਾ ਹੈ। ਇੱਕ ਵਰਗ ਲਈ ਕਾਨੂੰਨ ਨਰਮ ਤੇ ਦੂਜੇ ਲਈ ਕਠੋਰ ਕਿਉਂ?"। ਭਾਈ ਪਰਮਜੀਤ ਸਿੰਘ ਵੀਰਜੀ ਨੇ ਦੋਸ਼ ਲਾਇਆ ਕਿ ਕੇਂਦਰ ਅਤੇ ਰਾਜ ਸਰਕਾਰਾਂ ਸਿਆਸੀ ਲਾਭ ਲਈ ਕਾਨੂੰਨ ਨੂੰ ਆਪਣੀ ਸਹੂਲਤ ਅਨੁਸਾਰ ਵਰਤ ਰਹੀਆਂ ਹਨ, ਜਿਸ ਕਾਰਨ ਸਿੱਖ ਨੌਜਵਾਨਾਂ ਅਤੇ ਪੰਥਕ ਹਲਕਿਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਬੰਦੀ ਸਿੰਘਾਂ ਦੇ ਮਸਲੇ ਨੂੰ ਇਨਸਾਫ਼ਪੂਰਨ ਢੰਗ ਨਾਲ ਹੱਲ ਨਾ ਕੀਤਾ ਗਿਆ ਤਾਂ ਲੋਕਾਂ ਦਾ ਭਰੋਸਾ ਨਿਆਂ ਪ੍ਰਣਾਲੀ ਤੋਂ ਪੂਰੀ ਤਰ੍ਹਾਂ ਉੱਠ ਜਾਵੇਗਾ। ਉਨ੍ਹਾਂ ਅੰਤ ਵਿੱਚ ਕਿਹਾ ਕਿ ਸਿੱਖ ਕੌਮ ਨਾਲ ਲਗਾਤਾਰ ਹੋ ਰਹੇ ਵਿਤਕਰੇ ਨੂੰ ਹੁਣ ਹੋਰ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਬੰਦੀ ਸਿੰਘਾਂ ਦੀ ਰਿਹਾਈ ਲਈ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ।

# 1 ਅਤੇ 2 ਜੂਨ ਨੂੰ ਡੀ ਸੀਆਂ ਰਾਹੀਂ ਗਵਰਨਰ ਪੰਜਾਬ ਦੇ ਨਾਂ ਦਿੱਤਾ ਜਾਵੇਗਾ ਪੰਜਾਬ ਦੀਆਂ ਹੱਕੀ ਮੰਗਾਂ ਦਾ ਚਾਰਟਰ - ਸ ਵਡਾਲਾ

**ਚੰਡੀਗੜ੍ਹ, 27 ਮਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਸਕੱਤਰ ਜਨਰਲ ਸ ਗੁਰਪ੍ਰਤਾਪ ਸਿੰਘ ਵਡਾਲਾ ਨੇ ਇਕ ਲਿਖਤੀ ਪ੍ਰੈੱਸ ਬਿਆਨ ਰਾਹੀਂ ਦੱਸਿਆ ਕਿ ਇਕ ਅਤੇ ਦੋ ਜੂਨ ਨੂੰ ਜਿਲ੍ਹਾ ਹੈਡਕੁਆਰਟਰਾਂ ਤੇ ਡੀ ਸੀਆਂ ਰਾਹੀਂ ਪੰਜਾਬ ਦੀਆਂ ਹੱਕੀ ਮੰਗਾਂ ਦਾ ਇਕ ਚਾਰਟਰ ਗਵਰਨਰ ਪੰਜਾਬ ਦੇ ਨਾਮ ਦਿੱਤਾ ਜਾਵੇਗਾ। ਜਿਸ ਨੂੰ ਮੰਨਵਾਉਣ ਲਈ ਜੇ ਸਰਕਾਰ ਸਹਿਮਤ ਨਾ ਹੋਈ ਤਾਂ ਇਸ ਬਾਰੇ ਜਲਦੀ ਹੀ ਸੰਘਰਸ਼ ਵੀ ਵਿੱਢਿਆ ਜਾਵੇਗਾ। ਤਾਂ ਜੋ ਪੰਜਾਬ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਇਹ ਹੱਕੀ ਮੰਗਾਂ ਪੂਰੀਆਂ ਹੋ ਸਕਣ। ਸ ਵਡਾਲਾ ਨੇ ਕਿਹਾ ਕਿ 1966 ਤੋਂ ਪੁਨਰ ਗਠਿਤ ਹੋਏ ਪੰਜਾਬ ਨੂੰ, ਰਾਜਧਾਨੀ ਤੋਂ ਲੈ ਕੇ ਪੰਜਾਬੀ ਬੋਲਦੇ ਇਲਾਕੇ ਬਾਹਰ ਕਰਕੇ, ਅਧੂਰਾ ਰੱਖਿਆ ਜਾ ਰਿਹਾ ਹੈ। ਇਸਤੋਂ ਇਲਾਵਾ ਪਾਣੀਆ ਅਤੇ ਬਿਜਲਈ ਪ੍ਰਾਜੈਕਟਾਂ ਤੋਂ ਪੰਜਾਬ ਦਾ ਹੱਕ ਮਾਰਿਆ ਜਾ ਰਿਹਾ ਹੈ। ਸ ਵਡਾਲਾ ਨੇ ਕਿਹਾ ਕਿ ਜਥੇਬੰਦੀ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਾਨੂੰਨ ਵਿੱਚ ਸੋਧ, ਸ਼੍ਰੋਮਣੀ ਕਮੇਟੀ ਚੋਣਾਂ ਜਲਦ ਕਰਾਉਣ, ਕਿਸਾਨੀ ਮਸਲੇ ਹੱਲ ਕਰਨ ਬਾਰੇ ਮੰਗਾਂ ਨੂੰ ਇਸ ਚਾਰਟਰ ਵਿਚ ਰਾਜਪਾਲ ਸਾਹਿਬ ਅੱਗੇ ਰੱਖੇਗੀ। ਸ ਵਡਾਲਾ ਨੇ ਕਿਹਾ ਕਿ ਇਹ ਚਾਰਟਰ ਦੇਣ ਲਈ ਸਾਰੇ ਜਿਲ੍ਹਾ ਜਥੇਦਾਰਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਹਨ, ਜੋ ਭਾਰੀ ਵਰਕਰਾਂ ਸਹਿਤ ਡਿਪਟੀ ਕਮਿਸ਼ਨਰਾਂ ਨੂੰ ਮਿਲਕੇ ਇਹ ਮੰਗਾਂ ਦਾ ਚਾਰਟਰ ਦੇਣਗੇ। ਇਸ ਲਈ ਇਕ ਜੂਨ ਨੂੰ ਮੋਹਾਲੀ, ਪਟਿਆਲਾ, ਸੰਗਰੂਰ, ਮਾਲੇਰਕੋਟਲਾ, ਬਰਨਾਲਾ, ਮਾਨਸਾ, ਮੋਗਾ, ਬਠਿੰਡਾ, ਫਰੀਦਕੋਟ, ਮੁਕਤਸਰ ਸਾਹਿਬ, ਫਿਰੋਜ਼ਪੁਰ, ਫਾਜਿਲਕਾ ਆਦਿ ਜਿਲ੍ਹੇ ਆਪਣੇ ਜਿਲ੍ਹਾ ਹੈਡਕੁਆਰਟਰ 'ਤੇ ਇਹ ਪੱਤਰ ਡੀ ਸੀ ਨੂੰ ਸੌਂਪਣਗੇ। ਜਦਕਿ ਦੋ ਜੂਨ ਨੂੰ ਲੁਧਿਆਣਾ, ਖੰਨਾ, ਰੋਪੜ, ਫਤਿਹਗੜ੍ਹ ਸਾਹਿਬ, ਨਵਾਂਸ਼ਹਿਰ, ਹੁਸ਼ਿਆਰਪੁਰ, ਜਲੰਧਰ, ਕਪੂਰਥਲਾ, ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਤਰਨ ਤਾਰਨ ਆਦਿ ਜਿਲ੍ਹਿਆਂ ਦੇ ਆਗੂ ਆਪਣੇ ਮੰਗ ਪੱਤਰ ਦੇਣਗੇ। ਇਹ ਪ੍ਰੈੱਸ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਪ੍ਰੈੱਸ ਦੇ ਨਾਂ ਜਾਰੀ ਕੀਤਾ ਗਿਆ।



# ਰਾਜਾ ਰਣਧੀਰ ਸਿੰਘ ਦੇ ਦੇਹਾਂਤ ਨਾਲ ਖੇਡ ਜਗਤ ਨੂੰ ਵੱਡਾ ਘਾਟਾ ਪਿਆ- ਸ ਰਵੀਇੰਦਰ ਸਿੰਘ

**ਪਟਿਆਲਾ, 27 ਮਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਸਰਪ੍ਰਸਤ ਸ ਰਵੀਇੰਦਰ ਸਿੰਘ ਨੇ ਕਿਹਾ ਕਿ ਪਟਿਆਲਾ ਰਾਜ ਘਰਾਣੇ ਦੇ ਮੈਂਬਰ ਅਤੇ ਕੈਪਟਨ ਅਮਰਿੰਦਰ ਸਿੰਘ ਦੇ ਚਚੇਰੇ ਭਰਾ ਰਾਜਾ ਰਣਧੀਰ ਸਿੰਘ ਦੇ ਦੇਹਾਂਤ ਨਾਲ ਖੇਡ ਜਗਤ ਨੂੰ ਵੱਡਾ ਘਾਟਾ ਪਿਆ ਹੈ। ਕਿਉਂਕਿ ਰਾਜਾ ਰਣਧੀਰ ਸਿੰਘ ਓਲੰਪਿਕ ਕੌਮਾਂਤਰੀ ਕਮੇਟੀ ਦੇ ਭਾਰਤ ਵੱਲੋਂ ਪ੍ਰਤੀਨਿਧ ਸਨ। ਸ ਰਵੀਇੰਦਰ ਸਿੰਘ ਨੇ ਯਾਦ ਕਰਦਿਆਂ ਕਿਹਾ ਕਿ ਭਾਰਤ ਵਿੱਚ ਏਸ਼ੀਆਈ ਖੇਡਾਂ ਵਿੱਚ ਨਿਸ਼ਾਨੇਬਾਜੀ ਦਾ ਪਹਿਲਾ ਸੋਨ ਤਮਗਾ ਰਾਜਾ ਸਾਹਿਬ ਹੀ ਲੈ ਕੇ ਆਏ ਸਨ। ਰਾਸ਼ਟਰਮੰਡਲ ਖੇਡਾਂ ਦਾ ਭਾਰਤ ਵਿੱਚ ਪ੍ਰਦਰਸ਼ਨ ਵੀ ਉਹਨਾਂ ਦੀ ਬਦੌਲਤ ਹੀ ਸੰਭਵ ਹੋਇਆ ਸੀ। ਖੇਡਾਂ ਨੂੰ ਉਤਸ਼ਾਹਿਤ ਕਰਨ ਦੇ ਨਾਲ-ਨਾਲ ਉਹ ਇਕ ਸੂਝਵਾਨ ਰਾਜਨੀਤਿਕ ਵੀ ਸਨ ਜੋ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਸੁਚਾਰੂ ਰਾਜਨੀਤੀ ਦੇ ਅਲੰਬਰਦਾਰ ਸਨ। ਰਾਜਾ ਰਣਧੀਰ ਸਿੰਘ ਦੇ ਅਚਾਨਕ ਅਕਾਲ ਚਲਾਣੇ 'ਤੇ ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ, ਸਕੱਤਰ ਜਨਰਲ ਸ ਗੁਰਪ੍ਰਤਾਪ ਸਿੰਘ ਵਡਾਲਾ, ਸੀਨੀਅਰ ਮੀਤ ਪ੍ਰਧਾਨ, ਸ ਸੁੱਚਾ ਸਿੰਘ ਛੋਟੇਪੁਰ, ਸ ਆਦੇਸ਼ ਪ੍ਰਤਾਪ ਸਿੰਘ ਕੈਰੋਂ, ਪ੍ਰੋ ਪ੍ਰੇਮ ਸਿੰਘ ਚੰਦੂਮਾਜਰਾ, ਸ ਇਕਬਾਲ ਸਿੰਘ ਝੂੰਦਾਂ, ਰਘਬੀਰ ਸਿੰਘ ਰਾਜਾਸਾਂਸੀ, ਜਸਬੀਰ ਸਿੰਘ ਘੁੰਮਣ, ਅਤੇ ਦਫਤਰ ਸਕੱਤਰ ਸ ਜਗਜੀਤ ਸਿੰਘ ਕੋਹਲੀ ਆਦਿ ਆਗੂਆਂ ਨੇ ਵੀ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਪ੍ਰੈੱਸ ਨੂੰ ਇਹ ਬਿਆਨ ਸ ਜਗਜੀਤ ਸਿੰਘ ਕੋਹਲੀ ਨੇ ਜਾਰੀ ਕੀਤਾ।




## ਵਰ੍ਹੇਗੰਢ ਮੁਬਾਰਕ



ਰੇਸ਼ਮ ਸਿੰਘ ਦਾਦੂ ਅਤੇ ਰਾਜਪ੍ਰੀਤ ਕੌਰ ਦਾਦੂ ਵਾਸੀ ਪਿੰਡ ਦਾਦੂ ਨੂੰ ਉਹਨਾਂ ਦੀ 24ਵੀਂ ਵਿਆਹ ਵਰ੍ਹੇਗੰਢ ਮੌਕੇ ਅਦਾਰਾ ਆਵਾਜਿ ਕੌਮ (ਯੂਕੇ) ਦੀ ਸਮੁੱਚੀ ਟੀਮ ਅਤੇ ਪੱਤਰਕਾਰ ਗੁਰਜੰਟ ਸਿੰਘ ਨਥੇਹਾ ਵੱਲੋਂ ਲੱਖ-ਲੱਖ ਵਧਾਈ ਹੋਵੇ।

ਦਮਦਮੀ ਟਕਸਾਲ ਵਲੋਂ ਜੇਠੂਵਾਲ ਵਿਖੇ

# ਘੱਲੂਘਾਰੇ ਨੂੰ ਸਮਰਪਿਤ ਸ਼ਹੀਦੀ ਸਮਾਗਮ ਕਰਵਾਇਆ

## ਸ਼ਮਸ਼ੇਰ ਸਿੰਘ, ਪ੍ਰਧਾਨ ਗੱਜਣ ਸਿੰਘ ਔਲਖ ਤੇ ਹੋਰ ਸ਼ਖ਼ਸੀਅਤਾਂ ਵਲੋਂ ਬਾਬਾ ਹਰਨਾਮ ਸਿੰਘ ਖ਼ਾਲਸਾ ਦਾ ਸਨਮਾਨ










(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

**ਚੌਕ ਮਹਿਤਾ**, 27 ਮਈ (**ਬਾਬਾ ਸੁਖਵੰਤ ਸਿੰਘ ਚੰਨਣਕੇ**)-ਜੂਨ 1984 ਵਿਚ ਵਾਪਰੇ ਤੀਸਰੇ ਘੱਲੂਘਾਰੇ ਦੌਰਾਨ ਦਮਦਮੀ ਟਕਸਾਲ ਦੇ 14ਵੇਂ ਮੁਖੀ ਸੰਤ ਗਿਆਨੀ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲੇ, ਅਮਰ ਸ਼ਹੀਦ ਭਾਈ ਅਮਰੀਕ ਸਿੰਘ, ਬਾਬਾ ਠਾਹਰਾ ਸਿੰਘ, ਜਰਨਲ ਸੁਬੇਗ ਸਿੰਘ, ਸ਼ਹੀਦ ਭਾਈ ਬਲਦੇਵ ਸਿੰਘ ਜੇਠੂਵਾਲ, ਜਥੇ. ਰਾਮ ਸਿੰਘ ਜੇਠੂਵਾਲ ਸਮੇਤ ਹੋਰ ਸ਼ਹੀਦਾਂ ਦੀ ਪਾਵਨ ਯਾਦ ਨੂੰ ਸਮਰਪਿਤ ਪਿੰਡ ਜੇਠੂਵਾਲ ਦੇ ਗੁਰਦੁਆਰਾ ਕਲਗੀਧਰ ਸਾਹਿਬ ਵਿਖੇ ਸਾਲਾਨਾ 42ਵਾਂ ਸ਼ਹੀਦੀ ਸਮਾਗਮ ਕਰਵਾਇਆ ਗਿਆ। ਸਮਾਗਮ ਵਿਚ ਦਮਦਮੀ ਟਕਸਾਲ ਦੇ ਹਜ਼ੂਰੀ ਰਾਗੀ ਭਾਈ ਲਵਦੀਪ ਸਿੰਘ ਦੇ ਜਥੇ ਵਲੋਂ ਇਲਾਹੀ ਰਸਭਿੰਨਾ ਕੀਰਤਨ ਕੀਤਾ ਗਿਆ। ਉਪਰੰਤ ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆ ਵਲੋਂ ਪੁਰਾਤਨ ਇਤਿਹਾਸਕ ਸ੍ਰੋਤ 'ਸ੍ਰੀ ਗੁਰੂ ਗ੍ਰੰਥ ਪ੍ਰਤਾਪ ਸੂਰਜ' ਗ੍ਰੰਥ 'ਚੋਂ ਗੁਰ-ਇਤਿਹਾਸ ਦਾ ਪ੍ਰਸੰਗ ਸਾਂਝਾ ਕਰਦਿਆਂ' ਲੜੀਵਾਰ ਕਥਾ ਸਰਵਣ ਕਰਵਾ ਕੇ ਸੰਗਤਾ ਨੂੰ ਨਿਹਾਲ ਕੀਤਾ, ਅਤੇ ਘੱਲੂਘਾਰੇ ਦੌਰਾਨ ਹੋਏ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਉਨ੍ਹਾਂ ਨੇ 6 ਜੂਨ ਨੂੰ ਮਹਿਤਾ ਵਿਖੇ ਹੋ ਰਹੇ ਸ਼ਹੀਦੀ ਸਮਾਗਮਾਂ ਵਿਚ ਮਹਾਂਪੁਰਸ਼ਾਂ ਵਲੋਂ ਸਮੂਹ ਸਿੱਖ ਸੰਗਤਾਂ 'ਚ ਹੁੰਮ ਹੁੰਮਾ ਕੇ ਪੁੱਜਣ ਦੀ ਅਪੀਲ ਕੀਤੀ। ਸਮਾਗਮ ਦੀ ਸਮਾਪਤੀ 'ਤੇ ਭਾਈ ਸ਼ਮਸ਼ੇਰ ਸਿੰਘ ਜੇਠੂਵਾਲ, ਪ੍ਰਧਾਨ ਗੱਜਣ ਸਿੰਘ ਔਲਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਖ਼ਾਲਸਾ ਭਿੰਡਰਾਵਾਲਿਆਂ, ਸਿੰਘ ਸਾਹਿਬ ਗਿਆਨੀ ਪਲਵਿੰਦਰਪਾਲ ਸਿੰਘ ਬੁੱਟਰ ਗ੍ਰੰਥੀ ਸ੍ਰੀ ਦਰਬਾਰ ਸਾਹਿਬ, ਵਾਲਿਆਂ ਨੂੰ ਵਿਸ਼ੇਸ਼ ਦੁਸ਼ਾਲਾ ਅਤੇ ਸਿਰਪਾਉ ਦੇ ਕੇ ਸਨਮਾਨਿਤ ਕੀਤਾ ਗਿਆ ਇਸ ਮੌਕੇ ਤੇ ਭਾਈ ਅਜਾਇਬ ਸਿੰਘ ਅਭਿਆਸੀ, ਬਾਬਾ ਸਰਦਾਰਾ ਸਿੰਘ ਮੱਖਣਵੰਡੀ ਭਾਈ ਸਤਨਾਮ ਸਿੰਘ, ਭਾਈ ਪ੍ਰਭਜੀਤ ਸਿੰਘ, ਭਾਈ ਪਰਮਜੀਤ ਸਿੰਘ, ਅਮਰਜੀਤ ਸਿੰਘ ਬਰਾੜ, ਭਾਈ ਪ੍ਰਕਾਸ਼ ਸਿੰਘ, ਡਾਕਟਰ ਅਮਰਜੀਤ ਸਿੰਘ ਕਲੇਰ, ਗਿਆਨੀ ਦਲਜੀਤ ਸਿੰਘ, ਜਥੇਦਾਰ ਪਰਮਜੀਤ ਸਿੰਘ ਅਕਾਲੀ, ਬੀਬੀ ਜਸਬੀਰ ਕੌਰ, ਬੀਬੀ ਸੁਰਜੀਤ ਕੌਰ ਮੱਖਣਵਿੰਡੀ, ਕੁਲਦੀਪ ਸਿੰਘ ਦੇ ਈ, ਸਰਪੰਚ ਤਰਸੇਮ ਸਿੰਘ ਸਹੋਤਾ, ਬਾਬਾ ਸੁਖਚੈਨ ਸਿੰਘ ਦਿਲਬਾਗ ਸਿੰਘ ਢਿੱਲੋਂ, ਸਾਬਕਾ ਸਰਪੰਚ ਅਨੂਪ ਸਿੰਘ, ਹਰਪਾਲ ਸਿੰਘ ਬੁੱਟਰ, ਜਥੇਦਾਰ ਬਲਵਿੰਦਰ ਸਿੰਘ, ਕੈਪਟਨ ਸੁਰਜੀਤ ਸਿੰਘ, ਮੰਗਲ ਸਿੰਘ, ਮਲਕੀਤ ਸਿੰਘ ਕਾਲਾ, ਸੁਖਬੀਰ ਸਿੰਘ ਸੋਖਲ, ਜਤਿੰਦਰ ਸਿੰਘ, ਗਿੰਦਰ ਸਿੰਘ, ਤਸਵੀਰ ਸਿੰਘ ਫੌਜੀ, ਪ੍ਰਧਾਨ ਗੁਰਮੇਜ ਸਿੰਘ, ਬਾਬਾ ਜਸਵੰਤ ਸਿੰਘ ਦਸਮੇਸ਼ ਤਰਨਾ ਦਲ ਸਮੇਤ ਹੋਰ ਸ਼ਖ਼ਸੀਅਤਾਂ ਦਾ ਸਨਮਾਨ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ ਵੱਲੋਂ

## ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਅਤੇ ਜੂਨ 1984 (ਘੱਲੂਘਾਰੇ) ਦੇ ਸਮੂਹ ਸ਼ਹੀਦਾਂ ਦੀ 42ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ



# ਸ਼ਬਦ ਕੀਰਤਨ ਅਤੇ ਕਥਾ ਸਮਾਗਮ



## 1 ਮਈ ਤੋਂ 31 ਮਈ 2026 ਤੱਕ

ਰੋਜ਼ਾਨਾ ਸ਼ਾਮ 6 ਤੋਂ 8 ਵਜੇ ਤੱਕ

ਆਵਾਜ਼ਿ ਕੌਮ AWAZE QAUM International Newspaper & WEB TV

ਮਹਿਤਾ ਚੌਂਕ ਤੇ ਆਸ ਪਾਸ ਦੇ ਪਿੰਡਾਂ ਵਿੱਚ ਆਯੋਜਿਤ ਕੀਤੇ ਜਾ ਰਹੇ ਹਨ। ਜਿਸ ਵਿੱਚ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ 'ਭਿੰਡਰਾਂਵਾਲੇ' ਸ਼ਬਦ ਵਿਚਾਰ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

| | | | | |
|---|---|---|---|---|
| 1 ਮਈ ਸ਼ੁੱਕਰਵਾਰ — ਜਬੋਵਾਲ, ਸ਼ਾਮ 6 ਤੋਂ 8 ਵਜੇ ਤੱਕ | 2 ਮਈ ਸ਼ਨੀਵਾਰ — ਹਯਾਤ (ਗੁਰਦਾਸਪੁਰ), ਸ਼ਾਮ 6 ਤੋਂ 8 ਵਜੇ ਤੱਕ | 3 ਮਈ ਐਤਵਾਰ — ਗੁ: ਸੰਗਤਪੁਰਾ ਬਬਵਾਲਾ ਗੁਰਦਾਸਪੁਰ, ਸ਼ਾਮ 6 ਤੋਂ 8 ਵਜੇ ਤੱਕ | 4 ਮਈ ਸੋਮਵਾਰ — ਕਾਹਲਵਾਂ, ਸ਼ਾਮ 6 ਤੋਂ 8 ਵਜੇ ਤੱਕ | 5 ਮਈ ਮੰਗਲਵਾਰ — ਗੁ: ਭਗਤਾਂ ਦਾ ਡੇਰਾ ਤਰਸਿੱਕਾ, ਸਵੇਰੇ 12 ਤੋਂ 2 ਵਜੇ ਤੱਕ; ਨਿੱਕੇ ਘੁੰਮਣ, ਸ਼ਾਮ 6 ਤੋਂ 8 ਵਜੇ ਤੱਕ |
| 6 ਮਈ ਬੁੱਧਵਾਰ — ਚੋਣੇ, ਸ਼ਾਮ 6 ਤੋਂ 8 ਵਜੇ ਤੱਕ | 7 ਮਈ ਵੀਰਵਾਰ — ਮੁਰਾਦਪੁਰ, ਸ਼ਾਮ 6 ਤੋਂ 8 ਵਜੇ ਤੱਕ | 8 ਮਈ ਸ਼ੁੱਕਰਵਾਰ — ਚੂੰਗ (ਸ੍ਰੀ ਗੁਰੂ ਗੋਬਿੰਦ ਸਿੰਘ ਜੀ ਇੰਟਰਨੈਸ਼ਨਲ ਪਬਲਿਕ ਸਕੂਲ), ਸ਼ਾਮ 6 ਤੋਂ 8 ਵਜੇ ਤੱਕ | 9 ਮਈ ਸ਼ਨੀਵਾਰ — ਅਬਦਾਲ, ਗੁ: ਸੰਤ ਬਾਬਾ ਅੱਲ੍ਹਾ ਸਿੰਘ ਜੀ, ਸ਼ਾਮ 6 ਤੋਂ 8 ਵਜੇ ਤੱਕ | 10 ਮਈ ਐਤਵਾਰ — ਗੁਰੂ ਕੀ ਬੇਰ ਸਾਹਿਬ ਮੱਤੇਵਾਲ, ਸ਼ਾਮ 6 ਤੋਂ 8 ਵਜੇ ਤੱਕ |
| 11 ਮਈ ਸੋਮਵਾਰ — ਲੀਲ ਕਲਾਂ, ਸ਼ਾਮ 6 ਤੋਂ 8 ਵਜੇ ਤੱਕ | 12 ਮਈ ਮੰਗਲਵਾਰ — ਭਲਾਈਪੁਰ ਪੁਰਬਾਂ, ਸ਼ਾਮ 6 ਤੋਂ 8 ਵਜੇ ਤੱਕ | 13 ਮਈ ਬੁੱਧਵਾਰ — ਖਲੈਹਿਰਾ, ਸ਼ਾਮ 6 ਤੋਂ 8 ਵਜੇ ਤੱਕ | 14 ਮਈ ਵੀਰਵਾਰ — ਜਫਰਵਾਲ, ਸ਼ਾਮ 6 ਤੋਂ 8 ਵਜੇ ਤੱਕ | 15 ਮਈ ਸ਼ੁੱਕਰਵਾਰ — ਲਾਲਪੁਰਾ (ਗੁਰਦਾਸਪੁਰ), ਸ਼ਾਮ 6 ਤੋਂ 8 ਵਜੇ ਤੱਕ |
| 16 ਮਈ ਸ਼ਨੀਵਾਰ — ਗੁ: ਸਿੰਘ ਸਭਾ (ਸ਼ਾਸਤਰੀ ਨਗਰ ਕਾਹਨੂੰਵਾਲ ਰੋਡ, ਬਟਾਲਾ), ਸ਼ਾਮ 6 ਤੋਂ 8 ਵਜੇ ਤੱਕ | 17 ਮਈ ਐਤਵਾਰ — ਗੜ੍ਹੀ ਗੁਰਦਾਸ ਨੰਗਲ, ਗੁ: ਗ੍ਰਿਫਤਾਰੀ ਸਾਹਿਬ, ਸ਼ਾਮ 6 ਤੋਂ 8 ਵਜੇ ਤੱਕ | 18 ਮਈ ਸੋਮਵਾਰ — ਝਲਾੜੀ, ਸ਼ਾਮ 6 ਤੋਂ 8 ਵਜੇ ਤੱਕ | 19 ਮਈ ਮੰਗਲਵਾਰ — ਗੱਗੜਭਾਣਾ, ਸ਼ਾਮ 6 ਤੋਂ 8 ਵਜੇ ਤੱਕ | 20 ਮਈ ਬੁੱਧਵਾਰ — ਧਰਦਿਓ, ਸ਼ਾਮ 6 ਤੋਂ 8 ਵਜੇ ਤੱਕ |
| 21 ਮਈ ਵੀਰਵਾਰ — ਵੀਲਾ / ਮੀਕੇ, ਸ਼ਾਮ 6 ਤੋਂ 8 ਵਜੇ ਤੱਕ | 22 ਮਈ ਸ਼ੁੱਕਰਵਾਰ — ਸਿਆਲਕਾ, ਸ਼ਾਮ 6 ਤੋਂ 8 ਵਜੇ ਤੱਕ | 23 ਮਈ ਸ਼ਨੀਵਾਰ — ਖੱਬੇਰਾਜਪੂਤਾਂ, ਸ਼ਾਮ 6 ਤੋਂ 8 ਵਜੇ ਤੱਕ | 24 ਮਈ ਐਤਵਾਰ — ਜਲਾਲ ਉਸਮਾਂ, ਸ਼ਾਮ 6 ਤੋਂ 8 ਵਜੇ ਤੱਕ | 25 ਮਈ ਸੋਮਵਾਰ — ਸਹਾਇਪੁਰ, ਸ਼ਾਮ 6 ਤੋਂ 8 ਵਜੇ ਤੱਕ |

| | | | | | |
|---|---|---|---|---|---|
| 26 ਮਈ ਮੰਗਲਵਾਰ — ਜੇਠੂਵਾਲ, ਸ਼ਾਮ 6 ਤੋਂ 8 ਵਜੇ ਤੱਕ | 27 ਮਈ ਬੁੱਧਵਾਰ — ਬੁਤਾਲਾ (ਨਿਪਸ ਸਕੂਲ), ਸ਼ਾਮ 6 ਤੋਂ 8 ਵਜੇ ਤੱਕ | 28 ਮਈ ਵੀਰਵਾਰ — ਗੁ: ਰਾਮ ਥੰਮਣ, ਸ਼ਾਮ 6 ਤੋਂ 8 ਵਜੇ ਤੱਕ | 29 ਮਈ ਸ਼ੁੱਕਰਵਾਰ — ਸਠਿਆਲਾ, ਸ਼ਾਮ 6 ਤੋਂ 8 ਵਜੇ ਤੱਕ | 30 ਮਈ ਸ਼ਨੀਵਾਰ — ਮਹਿਸਮਪੁਰ (ਬਾਬਾ ਦੀਪ ਸਿੰਘ ਸਕੂਲ), ਸ਼ਾਮ 6 ਤੋਂ 8 ਵਜੇ ਤੱਕ | 31 ਮਈ ਐਤਵਾਰ — ਮਹਿਤਾ ਚੌਂਕ, ਸ਼ਾਮ 6 ਤੋਂ 8 ਵਜੇ ਤੱਕ |

1-2-3-4-5 ਜੂਨ 2026 ਰੋਜ਼ਾਨਾ ਸ਼ਾਮ 4.00 ਤੋਂ 6.00 ਵਜੇ ਤੱਕ ਦਮਦਮੀ ਟਕਸਾਲ ਦੇ ਹੈਡਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਕਥਾ ਕੀਰਤਨ ਦਾ ਨਿਰੰਤਰ ਪ੍ਰਵਾਹ ਚੱਲੇਗਾ।

ਸੰਗਤਾਂ ਨੂੰ ਬੇਨਤੀ ਹੈ ਕਿ 6 ਜੂਨ 2026, ਸ਼ਨੀਵਾਰ ਨੂੰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਪਹੁੰਚੋ ਜੀ

ਪ੍ਰੋਫੈਸ਼ਨਲ ਕਾਲਜ ਆਫ ਗੁਰਮਤਿ ਦਮਦਮੀ ਟਕਸਾਲ ਵਿਖੇ 9ਵੀਂ, 10ਵੀਂ, +1 +2, ਬੀ.ਏ., ਐੱਮ.ਏ. ਦਾਖਲੇ ਸ਼ੁਰੂ ਹਨ ਫਰੀ ਵਿੱਦਿਆ ਪ੍ਰਾਪਤ ਕਰੋ

ਸੰਪਰਕ: 99158-00904, 97793-10040, 98158-14158, 84376-91626

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਸੰਤ ਬਾਬਾ ਗੁਰਬਖਸ਼ ਸਿੰਘ ਖਾਲਸਾ ਸੰਗੀਤ ਅਕੈਡਮੀ ਜੱਬੋਵਾਲ ਵਿਚ

# ਬੱਚਿਆਂ ਨੂੰ ਨਿਸ਼ਾਨਾ ਬਾਜੀ ਦੀ ਸਿੱਖਲਾਈ ਦਿੱਤੀ: ਸੰਤ ਬਾਬਾ ਮਲਕੀਤ ਸਿੰਘ ਖਾਲਸਾ, ਗਿਆਨੀ ਤੇਜਬੀਰ ਸਿੰਘ ਭਲਾਈਪੁਰ (ਕਨੇਡਾ)













**ਚੌਕ ਮਹਿਤਾ ,27 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਨੈਸ਼ਨਲ ਹਾਈਵੇ ਤੋਂ ਥੋੜ੍ਹੀ ਦੂਰੀ ਜਬੋਵਾਲ ਰੋਡ ਤੇ ਸਥਿਤ ਸੰਤ ਬਾਬਾ ਗੁਰਬਖਸ਼ ਸਿੰਘ ਜੀ ਖਾਲਸਾ ਜਬੋਵਾਲ ਅਕੈਡਮੀ ਦੇ ਮੌਜੂਦਾ ਮੁੱਖੀ ਸੰਤ ਬਾਬਾ ਮਲਕੀਤ ਸਿੰਘ ਖਾਲਸਾ ਦੀ ਅਗਵਾਈ ਹੇਠ ਅਕੈਡਮੀ ਦੇ ਬੱਚਿਆਂ ਨੂੰ ਤੀਰ ਕਮਾਨ ਦੀ ਨਿਸ਼ਾਨਾ ਬਾਜੀ ਦੀ ਸਿੱਖਲਾਈ ਦਿੱਤੀ ਗਈ। ਇਸ ਅਕੈਡਮੀ ਵੱਲੋਂ ਲੋੜਵੰਦ ਬੱਚਿਆਂ ਦੀ ਪੜਾਈ ਅਤੇ ਗਰੀਬ ਪਰਿਵਾਰਾਂ ਦੀ ਬਾਂਹ ਫੜੀ ਜਾਂਦੀ ਹੈ, ਹਰ ਮਹੀਨ ਦੀ ਤਰ੍ਹਾਂ ਇਸ ਵਾਰ ਵੀ ਅਕੈਡਮੀ ਵੱਲੋਂ ਗਰੀਬ ਪਰਿਵਾਰਾਂ ਲੋੜਵੰਦ ਪਰਿਵਾਰਾਂ, ਅਤੇ ਜਿਨਾਂ ਦਾ ਕੋਈ ਕਮਾਈ ਦਾ ਸਾਧਨ ਨਹੀਂ ਹੈ ਉਨ੍ਹਾਂ ਪਰਿਵਾਰਾਂ ਨੂੰ ਰਾਸ਼ਨ ਵੰਡਿਆ ਗਿਆ । ਇਸ ਮੌਕੇ ਤੇ ਅਕੇਡਮੀ ਦੇ ਸੰਚਾਲਕ ਸੰਤ ਬਾਬਾ ਮਲਕੀਤ ਸਿੰਘ ਅਤੇ ਗਿਆਨੀ ਤੇਜਬੀਰ ਸਿੰਘ ਭਲਾਈਪੁਰ ਕਨੇਡਾ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਹ ਪਹਿਲ ਕਦਮੀ ਅਤੇ ਸੇਵਾ ਦੀ ਆਰੰਭਤਾ 2013 ਤੋਂ ਸ਼ੁਰੂ ਕੀਤੀ ਸੀ ਰਾਸ਼ਨ ਅਸੀਂ ਪਹਿਲਾਂ ਪੰਜ ਪਰਿਵਾਰਾਂ ਵਿੱਚ ਵੰਡਿਆ ਇਹ ਉਹ ਪਰਿਵਾਰ ਸਨ ਜਿਨਾਂ ਦੇ ਕਮਰੇ ਵੀ ਕੱਚੇ ਸਨ ਅਤੇ ਕਮਾਈ ਦਾ ਕੋਈ ਸਾਧਨ ਨਹੀਂ ਸੀ ਜਾਂ ਜਿੰਨਾ ਪਰਿਵਾਰਾਂ ਵਿੱਚ ਕਮਾਉਣ ਵਾਲਾ ਕੋਈ ਆਦਮੀ ਨਹੀਂ ਸੀ,ਉਹਨਾਂ ਪਰਿਵਾਰਾਂ ਤੋਂ ਆਰੰਭਤਾ ਕੀਤੀ। ਅਤੇ ਸਰਕਾਰ ਵੱਲੋਂ ਉਨਾਂ ਪਰਿਵਾਰਾਂ ਦੇ ਰਾਸ਼ਨ ਕਾਰਡ ਵੀ ਕੱਟੇ ਹੋਏ ਸਨ। ਇਸ ਮੌਕੇ ਤੇ ਬਾਬਾ ਜੀ ਨੇ ਦੱਸਿਆ ਕਿ ਅਸੀਂ ਰਾਸ਼ਨ ਦੇ ਨਾਲ ਨਾਲ ਇਹ ਵੀ ਸੋਚਿਆ ਕਿ ਇਹਨਾਂ ਦੇ ਬੱਚਿਆਂ ਨੂੰ ਅਕੈਡਮੀ ਵਿੱਚ ਹੀ ਰੱਖਿਆ ਜਾਵੇ ਅਤੇ ਉਹਨਾਂ ਨੂੰ ਦੁਨਿਆਵੀ ਵਿਦਿਆ ਦੇ ਨਾਲ ਨਾਲ ਗੁਰਮਤਿ ਨਾਲ ਵੀ ਜੋੜਿਆ ਜਾਵੇ । ਤਾਂ ਜੋ ਬੱਚੇ ਪੜ ਲਿਖ ਸਕਣ ਅਤੇ ਗੁਰਬਾਣੀ ਨਾਲ ਜੁੜਨ ਅਤੇ ਆਪਣੇ ਪੈਰਾਂ ਤੇ ਸਟੈਂਡ ਹੋ ਕੇ ਆਪਣੀ ਰੋਜ਼ੀ ਰੋਟੀ ਕਮਾ ਸਕਣ। ਇਸ ਸਮੇਂ ਖਾਲਸਾ ਅਕੈਡਮੀ ਵਿੱਚ ਬੱਚਿਆਂ ਦੀ ਪੜ੍ਹਾਈ ਵੀ ਫਰੀ ਹੈ ਅਤੇ ਉਹਨਾਂ ਨੂੰ ਗੁਰਮਤਿ ਦੀ ਸੰਥਿਆ ਵੀ ਦਿੱਤੀ ਜਾ ਰਹੀ ਹੈ ਅਤੇ ਉਹਨਾਂ ਨੂੰ ਸਵੇਰ ਤੋਂ ਲੈ ਕੇ ਸ਼ਾਮ ਤੱਕ ਗੁਰਬਾਣੀ ਨਾਲ ਵੀ ਜੋੜਿਆ ਜਾਂਦਾ ਹੈ। ਅਤੇ ਇੱਥੇ ਬੱਚਿਆਂ ਨੂੰ ਬਾਕਸਿੰਗ ਦੀ ਸਿਖਾਈ ਜਾਂਦੀ ਹੈ ਅਤੇ ਹੋਰ ਖੇਡਾਂ ਬਾਰੇ ਵੀ ਜਾਗਰਿਤ ਕੀਤਾ ਜਾਂਦਾ ਹੈ। ਅਕੈਡਮੀ ਦੇ ਪ੍ਰਿੰਸੀਪਲ ਸਾਹਿਬ ਵੀ ਬਹੁਤ ਹੀ ਕਾਬਲੀਅਤ ਇਨਸਾਨ ਹਨ। ਇੱਥੇ ਬੱਚਿਆਂ ਨੂੰ ਸ਼ਾਮ ਦੇ ਟਾਈਮ ਤੇ ਕਥਾ ਕੀਰਤਨ ਅਤੇ ਗੁਰਬਾਣੀ ਦੀ ਸੰਥਿਆ ਵੀ ਦਿੱਤੀ ਜਾਂਦੀ ਹੈ। ਅਤੇ ਬੱਚਿਆਂ ਨੂੰ ਤਬਲਾ ਹਾਰਮੋਨੀਅਮ ਵੀ ਸਿਖਾਇਆ ਜਾਂਦਾ ਹੈ। ਇਹ ਦੱਸਣ ਯੋਗ ਹੈ ਕਿ ਇਹ ਅਕੈਡਮੀ ਦੇ ਸਿੰਘ ਸਮੇਂ ਸਮੇਂ ਤੇ ਪੰਜਾਬ ਤੇ ਆਈਆਂ ਮੁਸੀਬਤਾਂ ਵਿੱਚ ਆਪਣਾ ਯੋਗਦਾਨ ਪਾਉਂਦੇ ਹਨ ਜਿਵੇਂ ਕਿਸਾਨ ਮੋਰਚੇ ਵਿੱਚ ਵੀ ਇਹਨਾਂ ਦਾ ਅਹਿਮ ਯੋਗਦਾਨ ਰਿਹਾ ਉੱਥੇ ਵੀ ਇਹਨਾਂ ਲੰਗਰ ਦੀ ਸੇਵਾ ਨਿਭਾਈ ਅਤੇ ਹੁਣ ਹੜ ਪੀੜਤਾਂ ਵਾਸਤੇ ਵੀ ਲਗਾਤਾਰ ਨਿਰੰਤਰ ਸੇਵਾ ਇਹਨਾਂ ਦੀ ਜਾਰੀ ਹੈ ਅਤੇ ਇਹਨਾਂ ਦੇ ਸੇਵਾਦਾਰ ਬਹੁਤ ਹੀ ਤਨ ਮਨ ਧਨ ਨਾਲ ਆਪਣੀ ਸੇਵਾ ਕਰ ਰਹੇ ਹਨ ਇੱਥੇ ਸੰਤ ਬਾਬਾ ਮਲਕੀਤ ਸਿੰਘ ਖਾਲਸਾ ਜੀ ਅਤੇ ਗਿਆਨੀ ਤੇਜਬੀਰ ਸਿੰਘ ਭਲਾਈਪੁਰ ਕਨੇਡਾ ਨੇ ਦੱਸਿਆ ਕਿ 2014 ਤੋਂ ਲੈ ਕੇ 2026 ਤੱਕ ਹੁਣ ਲਗਭਗ 130 ਪਰਿਵਾਰਾਂ ਨੂੰ ਹਰ ਮਹੀਨੇ ਰਾਸ਼ਨ ਮੁਹਈਆ ਕਰਵਾਇਆ ਜਾ ਰਿਹਾ ਹੈ। ਇਹ ਰਾਸਨ ਵੰਡਣ ਤੋਂ ਪਹਿਲਾਂ ਸੰਗਤ ਨੂੰ ਦੋ ਘੰਟੇ 9 ਤੋਂ 11 ਵਜੇ ਤੱਕ ਨਾਮ ਵੀ ਜਪਾਇਆ ਜਾਂਦਾ ਹੈ ।ਇਸ ਮੌਕੇ ਤੇ ਮੁੱਖ ਸੇਵਾਦਾਰ ਸੰਤ ਬਾਬਾ ਮਲਕੀਤ ਸਿੰਘ ਖਾਲਸਾ,ਭਾਈ ਸੁਖਚੈਨ ਸਿੰਘ ਗਿਆਨੀ ਤੇਜ ਬੀਰ ਸਿੰਘ ਭਲਾਈਪੁਰ ( ਕਨੇਡਾ), ਪ੍ਰਿੰਸੀਪਲ ਸੁਰਿੰਦਰਜੀਤ ਸਿੰਘ ਜਸਪਾਲ ਸਿੰਘ ਟੋਮਾ, ਸੁਖਦੇਵ ਸਿੰਘ ਗੁਰਬਾਜ ਸਿੰਘ ਬਾਜ,ਗੁਰਪਿੰਦਰ ਸਿੰਘ ਆਦਿ ਸੇਵਾਦਾਰ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਖੇਡਾਂ ਤੰਦਰੁਸਤ ਸਮਾਜ ਦੀ ਸਿਰਜਣਾ ਦਾ ਸਾਧਨ: ਹਰਪਾਲ ਸਿੰਘ ਚੀਮਾ

# ਕੈਬਨਿਟ ਮੰਤਰੀ ਨੇ ਪਿੰਡ ਖਨਾਲ ਖੁਰਦ ਵਿਖੇ ਸਟੇਡੀਅਮ ਬਣਾਉਣ ਦਾ ਕੀਤਾ ਐਲਾਨ



**ਦਿੜ੍ਹਬਾ ( ਰਣਜੀਤ ਸਿੰਘ ਪੇਧਨੀ )**-ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਖੇਡਾਂ ਨਾਲ ਜਿੱਥੇ ਨੌਜਵਾਨਾਂ ਦੀ ਸਿਹਤ ਤੰਦਰੁਸਤੀ ਨਾਲ ਜੁੜੀ ਰਹਿੰਦੀ ਹੈ ਅਤੇ ਦੇਸ਼ ਦਾ ਨੌਜਵਾਨ ਨਸ਼ਿਆਂ ਅਤੇ ਹੋਰ ਸਮਾਜਿਕ ਬੁਰਾਈਆਂ ਤੋਂ ਦੂਰ ਰਹਿੰਦਾ ਹੈ ਇਸ ਦੇ ਨਾਲ ਹੀ ਆਉਣ ਵਾਲੇ ਸਮੇਂ ਲਈ ਇੱਕ ਤੰਦਰੁਸਤ ਸਮਾਜ ਦੀ ਸਿਰਜਣਾ ਵੀ ਹੁੰਦੀ ਹੈ। ਉਹ ਪਿੰਡ ਖਨਾਲ ਖੁਰਦ ਵਿਖੇ ਕ੍ਰਿਕਟ ਦੇ ਟੂਰਨਾਮੈਂਟ ਦੌਰਾਨ ਖਿਡਾਰੀਆਂ ਦਾ ਹੌਸਲਾ ਵਧਾਉਣ ਲਈ ਆਏ ਸਨ। ਪਿੰਡ ਦੀ ਪੰਚਾਇਤ ਦੇ ਸਹਿਯੋਗ ਨਾਲ ਬਾਬਾ ਵਰਿਆਮ ਸਿੰਘ ਸਪੋਰਟਸ ਕਲੱਬ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਵਿਸ਼ਾਲ ਕ੍ਰਿਕਟ ਟੂਰਨਾਮੈਂਟ ਕਰਵਾਇਆ ਗਿਆ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵਿਸ਼ੇਸ਼ ਮੁੱਖ ਮਹਿਮਾਨ ਦੇ ਤੌਰ 'ਤੇ ਟੂਰਨਾਮੈਂਟ ਵਿੱਚ ਪਹੁੰਚੇ। ਉਹਨਾਂ ਵੱਲੋਂ ਖਿਡਾਰੀਆਂ ਨੂੰ ਮਿਲ ਕੇ ਉਹਨਾਂ ਦੀ ਹੌਸਲਾ ਅਫਜ਼ਾਈ ਕੀਤੀ। ਕੈਬਨਿਟ ਮੰਤਰੀ ਨੇ ਖਿਡਾਰੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਖੇਡਾਂ ਮਨੁੱਖੀ ਜ਼ਿੰਦਗੀ ਦਾ ਜ਼ਰੂਰੀ ਅੰਗ ਹਨ। ਖੇਡਾਂ ਦੇ ਨਾਲ ਹੀ ਤੰਦਰੁਸਤ ਸਮਾਜ ਦੀ ਨੀਂਹ ਰੱਖੀ ਜਾਂਦੀ ਹੈ। ਉਹਨਾਂ ਕਿਹਾ ਕਿ ਅੱਜ ਗਰਮੀ ਦੇ ਵਿੱਚ ਵੀ ਸਾਡੇ ਪੰਜਾਬ ਦੇ ਨੌਜਵਾਨ ਖੇਡ ਮੈਦਾਨ ਵਿੱਚ ਹੌਸਲੇ ਨਾਲ ਆਪਣੇ ਜੌਹਰ ਵਿਖਾ ਰਹੇ ਹਨ, ਇਸ ਤੋਂ ਪਤਾ ਚਲਦਾ ਹੈ ਕਿ ਪੰਜਾਬ ਦੇ ਨੌਜਵਾਨਾਂ ਅੰਦਰ ਜੋਸ਼ ਅਤੇ ਜਜ਼ਬਾ ਹੈ। ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਦੇ ਦਾਗ ਨਾਲ ਬਦਨਾਮ ਕਰਨ ਵਾਲਿਆਂ ਨੂੰ ਇਹੋ ਜਿਹੇ ਟੂਰਨਾਮੈਂਟ ਜਵਾਬ ਦਿੰਦੇ ਹਨ ਅਤੇ ਉਹਨਾਂ ਨੂੰ ਦੱਸਦੇ ਹਨ ਕਿ ਪੰਜਾਬ ਦਾ ਨੌਜਵਾਨ ਜਿੱਥੇ ਸਰਹੱਦਾਂ ਦੀ ਰਾਖੀ ਕਰਦਾ ਹੈ, ਖੇਤ ਅੰਦਰ ਅਨਾਜ ਪੈਦਾ ਕਰਦਾ ਹੈ ਅਤੇ ਇਸ ਦੇ ਨਾਲ ਹੀ ਉਹ ਜਦੋਂ ਖੇਡ ਦੇ ਮੈਦਾਨ ਦੇ ਵਿੱਚ ਆਉਂਦਾ ਹੈ ਤਾਂ ਵਿਰੋਧੀ ਟੀਮਾਂ ਨੂੰ ਤਰੇਲੀਆਂ ਪਾ ਦਿੰਦਾ ਹੈ। ਖਿਡਾਰੀਆਂ ਤੇ ਪਿੰਡ ਵਾਸੀਆਂ ਦੀ ਮੰਗ ਉੱਤੇ ਉਨਾਂ ਨੇ ਪਿੰਡ ਖਨਾਲ ਖੁਰਦ ਵਿਖੇ ਇੱਕ ਸਟੇਡੀਅਮ ਬਣਾਉਣ ਦਾ ਵੀ ਐਲਾਨ ਕੀਤਾ। ਉਹਨਾਂ ਕਿਹਾ ਕਿ ਪੰਚਾਇਤ ਜਦੋਂ ਸਟੇਡੀਅਮ ਬਣਾਉਣ ਲਈ ਜ਼ਮੀਨ ਦੇ ਦੇਵੇਗੀ, ਉਸਦੇ ਨਾਲ ਹੀ ਸਟੇਡੀਅਮ ਦਾ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ। ਪੰਜਾਬ ਸਰਕਾਰ ਵੱਲੋਂ ਬਣਾਈ ਗਈ ਖੇਡ ਨੀਤੀ ਅਨੁਸਾਰ ਪੰਜਾਬ ਵਿੱਚ 3000 ਦੇ ਕਰੀਬ ਸਟੇਡੀਅਮ ਬਣਾਏ ਜਾ ਚੁੱਕੇ ਹਨ ਤਾਂ ਤੇ 6 ਹਜਾਰ ਹੋਰ ਸਟੇਡੀਅਮ ਬਣਾਉਣ ਦਾ ਟੀਚਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਵੱਲੋਂ ਰੱਖਿਆ ਗਿਆ ਹੈ। ਉਹਨਾਂ ਸਰਕਾਰ ਦੀ ਖੇਡਾਂ ਪ੍ਰਤੀ ਭਾਵਨਾ ਨੂੰ ਪੇਸ਼ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੋ ਦਿਨ ਪਹਿਲਾਂ ਸੈਂਕੜੇ ਖਿਡਾਰੀਆਂ ਨੂੰ ਮਹਾਰਾਜਾ ਰਣਜੀਤ ਸਿੰਘ ਅਵਾਰਡ ਦੇ ਕੇ ਸਨਮਾਨਿਤ ਕੀਤਾ ਹੈ। ਇਸ ਦੇ ਨਾਲ ਬਹੁਤ ਸਾਰੇ ਖਿਡਾਰੀਆਂ ਨੂੰ ਨਗਦ ਰਾਸ਼ੀ ਦੇ ਕੇ ਵੀ ਉਹਨਾਂ ਦਾ ਮਾਣ ਵਧਾਇਆ ਹੈ। ਉਨ੍ਹਾਂ ਕਿਹਾ ਕਿ ਪਹਿਲੀ ਸਰਕਾਰ ਹੈ ਜੋ ਖਿਡਾਰੀਆਂ ਨੂੰ ਕੰਪੀਟੀਸ਼ਨ ਲੜਨ ਤੋਂ ਪਹਿਲਾਂ ਉਹਨਾਂ ਦੀ ਵਿੱਤੀ ਮਦਦ ਕਰਦੀ ਹੈ। ਪਿੰਡ ਦੇ ਸਰਪੰਚ ਸਤਨਾਮ ਸਿੰਘ ਨੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਹਨਾਂ ਵੱਲੋਂ ਪਹਿਲਾਂ ਵੀ ਪਿੰਡ ਦੇ ਵਿੱਚ ਬਹੁਤ ਗਰਾਂਟਾਂ ਦਿੱਤੀਆਂ ਗਈਆਂ ਹਨ ਅਤੇ ਸਟੇਡੀਅਮ ਬਣਾਉਣ ਦੀ ਮੰਗ ਨੂੰ ਪੂਰਾ ਕਰਕੇ ਉਹਨਾਂ ਨੇ ਪਿੰਡ ਵਾਲਿਆਂ ਦਾ ਮਾਣ ਰੱਖਿਆ ਹੈ। ਇਸ ਮੌਕੇ ਪਿੰਡ ਦੇ ਪਤਵੰਤੇ ਸੱਜਣਾਂ ਤੋਂ ਇਲਾਵਾ ਸਮੁੱਚੀ ਪੰਚਾਇਤ, ਕਲੱਬ ਮੈਂਬਰ ਅਤੇ ਇਲਾਕੇ ਦੇ ਖਿਡਾਰੀ ਹਾਜ਼ਰ ਸਨ।

### ਪੰਜਾਬ ਨੂੰ ਮੁੜ ਲੀਹ ਤੇ ਲਿਆਉਣ ਲਈ ਜਾਤ-ਪਾਤ ਦਾ ਵਿਤਕਰਾ ਮਿਟਾਕੇ ਭਾਈਚਾਰਕ ਸਾਂਝ ਨੂੰ ਵਧਾਉਣ ਦੀ ਲੋੜ : ਬਾਪੂ ਤਰਸੇਮ ਸਿੰਘ

# ਚਰਨਜੀਤ ਸਿੰਘ ਗਾਲਿਬ ਦੀ ਅਗਵਾਈ ਵਿੱਚ ਅਜਨਾਲਾ ਵਿਖੇ ਹੋਈ ਵਿਸ਼ਾਲ ਸਿਆਸੀ ਪੰਥਕ ਕਾਨਫ਼ਰੰਸ



**ਅਜਨਾਲਾ 27 ਮਈ (ਆਵਾਜ਼ਿ ਕੌਮ ਬਿਊਰੋ)**-ਅੱਜ ਅਜਨਾਲਾ ਵਿਖੇ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਚਰਨਜੀਤ ਸਿੰਘ ਗਾਲਿਬ ਦੀ ਅਗਵਾਈ ਹੇਠ ਵਿਸ਼ਾਲ ਸਿਆਸੀ ਪੰਥਕ ਕਾਨਫ਼ਰੰਸ ਕੀਤੀ ਗਈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਇਲਾਕੇ ਦੇ ਲੋਕਾਂ, ਨੌਜਵਾਨਾਂ ਅਤੇ ਪੰਥਕ ਸਖਸ਼ੀਅਤਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਉਚੇਚੇ ਤੌਰ 'ਤੇ ਪਹੁੰਚੇ। ਉਨ੍ਹਾਂ ਦੇ ਨਾਲ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਸੀਨੀਅਰ ਲੀਡਰਸ਼ਿਪ ਵੀ ਮੌਜੂਦ ਰਹੀ। ਕਾਨਫ਼ਰੰਸ ਨੂੰ ਸੰਬੋਧਨ ਕਰਦਿਆਂ ਬਾਪੂ ਤਰਸੇਮ ਸਿੰਘ ਨੇ ਕਿਹਾ ਕਿ ਪੰਜਾਬ ਨੂੰ ਮੁੜ ਚੜ੍ਹਦੀ ਕਲਾ ਵੱਲ ਲੈ ਕੇ ਜਾਣ ਲਈ ਲੋਕਾਂ ਨੂੰ ਜਾਤ-ਪਾਤ ਅਤੇ ਧੜੇਬੰਦੀ ਤੋਂ ਉੱਪਰ ਉੱਠ ਕੇ ਭਾਈਚਾਰਕ ਸਾਂਝ ਅਤੇ ਏਕਤਾ ਨੂੰ ਮਜ਼ਬੂਤ ਕਰਨਾ ਪਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਦੀ ਨੌਜਵਾਨੀ ਨੂੰ ਨਸ਼ਿਆਂ ਦੀ ਦਲਦਲ ਵਿੱਚ ਧੱਕਿਆ ਜਾ ਰਿਹਾ ਹੈ, ਜਿਸ ਕਾਰਨ ਪੰਜਾਬ ਦਾ ਭਵਿੱਖ ਖਤਰੇ ਵਿੱਚ ਪੈ ਰਿਹਾ ਹੈ। ਉਨ੍ਹਾਂ ਆਖਿਆ ਕਿ ਨਸ਼ਿਆਂ ਨੂੰ ਖਤਮ ਕਰਨ ਲਈ ਸਿਰਫ਼ ਸਰਕਾਰੀ ਦਾਅਵੇ ਨਹੀਂ, ਸਗੋਂ ਪਿੰਡ ਪੱਧਰ ਤੋਂ ਲੋਕ ਲਹਿਰ ਖੜੀ ਕਰਨ ਦੀ ਲੋੜ ਹੈ ਅਤੇ ਜੇਕਰ ਪੰਜਾਬ ਦੀ ਜਵਾਨੀ ਬਚਾਉਣੀ ਹੈ ਤਾਂ ਨੌਜਵਾਨਾਂ ਨੂੰ ਗੁਰਸਿੱਖੀ, ਖੇਡਾਂ ਅਤੇ ਸਿੱਖਿਆ ਨਾਲ ਜੋੜਨਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰਾਂ ਲੋਕਾਂ ਦੇ ਅਸਲ ਮੁੱਦਿਆਂ ਤੋਂ ਧਿਆਨ ਹਟਾ ਕੇ ਸਮਾਜ ਨੂੰ ਵੰਡਣ ਦੀ ਰਾਜਨੀਤੀ ਕਰ ਰਹੀਆਂ ਹਨ, ਪਰ ਪੰਜਾਬ ਦੇ ਲੋਕ ਹੁਣ ਜਾਗਰੂਕ ਹੋ ਚੁੱਕੇ ਹਨ ਅਤੇ ਆਪਣੇ ਹੱਕਾਂ ਲਈ ਇਕਜੁੱਟ ਹੋ ਰਹੇ ਹਨ। ਇਸ ਮੌਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਸੀਨੀਅਰ ਲੀਡਰਸ਼ਿਪ ਨੇ ਵੀ ਸੰਬੋਧਨ ਕਰਦਿਆਂ ਪੰਜਾਬ ਦੇ ਹੱਕਾਂ, ਨੌਜਵਾਨਾਂ ਦੀ ਰਿਹਾਈ ਅਤੇ ਪੰਥਕ ਏਕਤਾ ਲਈ ਡੱਟ ਕੇ ਸੰਘਰਸ਼ ਜਾਰੀ ਰੱਖਣ ਦਾ ਸੱਦਾ ਦਿੱਤਾ। ਅੰਤ ਵਿੱਚ ਚਰਨਜੀਤ ਸਿੰਘ ਗਾਲਿਬ ਵੱਲੋਂ ਕਾਨਫ਼ਰੰਸ ਵਿੱਚ ਪਹੁੰਚੀ ਸਮੂਹ ਸੰਗਤ, ਇਲਾਕਾ ਨਿਵਾਸੀਆਂ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਸਮੁੱਚੀ ਸੀਨੀਅਰ ਲੀਡਰਸ਼ਿਪ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ। ਇਸ ਮੌਕੇ ਤੇ ਸੀਨੀਅਰ ਲੀਡਰਸ਼ਿਪ ਵਿੱਚੋਂ ਭਾਈ ਹਰਭਜਨ ਸਿੰਘ ਤੁੜ, ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਪਰਮਜੀਤ ਸਿੰਘ ਜੌਹਲ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਜਸਕਰਨ ਸਿੰਘ ਰਿਆੜ ਪ੍ਰਧਾਨ ਅੰਮ੍ਰਿਤਸਰ ਦਿਹਾਤੀ, ਭਾਈ ਜੁਗਰਾਜ ਸਿੰਘ ਲਾਲਾਨੰਗਲ ਹਲਕਾ ਇੰਚਾਰਜ ਫਤਹਿਗੜ੍ਹ ਚੂੜੀਆਂ, ਭਾਈ ਦਲਜੀਤ ਸਿੰਘ ਮਿਆਦੀਆਂ ਹਲਕਾ ਇੰਚਾਰਜ ਰਾਜਾਸਾਂਸੀ, ਭਾਈ ਦਯਾ ਸਿੰਘ ਜੀ, ਭਾਈ ਬਲਦੇਵ ਸਿੰਘ ਜੱਲੂਪੁਰ, ਸ੍ਰ ਰਛਪਾਲ ਸਿੰਘ ਤੋਂ ਇਲਾਵਾ ਸ੍ਰ ਗੁਲਜਾਰ ਸਿੰਘ ਖਾਸਾ, ਭਾਈ ਸੁਰਜੀਤ ਸਿੰਘ ਕੋਟਲੀ, ਭਾਈ ਗੁਰਵਿੰਦਰ ਸਿੰਘ ਲਸ਼ਕਰੀ ਨੰਗਲ, ਲਾਡੀ ਨਿੱਝਰ, ਸ੍ਰ ਦਲਬੀਰ ਸਿੰਘ ਲਸ਼ਕਰੀ ਨੰਗਲ, ਸ੍ਰ ਗੁਰਵਿੰਦਰ ਸਿੰਘ ਝੰਡੇਰ, ਡਾਕਟਰ ਮੇਜਰ ਸਿੰਘ ਬੱਲੜਵਾਲ, ਸ੍ਰ ਨਿਰਭੈ ਸਿੰਘ ਢਿਲੋਂ, ਭਾਈ ਕੁਲਵਿੰਦਰ ਸਿੰਘ ਵਡਾਲੀ, ਬੀਬੀ ਸ਼ਿੰਦਰ ਕੌਰ ਜੀ, ਗੁਰਜਿੰਦਰ ਸਿੰਘ ਤੇ ਪ੍ਰਗਟ ਸਿੰਘ ਆਦਿ ਹਾਜ਼ਰ ਸਨ।



### ਚੋਣਕਾਰ ਰਜਿਸਟਰੇਸ਼ਨ ਅਫ਼ਸਰਾਂ ਅਤੇ ਸਹਾਇਕ ਚੋਣਕਾਰ ਰਜਿਸਟਰੇਸ਼ਨ ਅਫ਼ਸਰਾਂ ਨੂੰ ਸਪੈਸ਼ਲ ਇੰਨਟੈਂਸਿਵ ਰਵੀਜ਼ਨ ਸਬੰਧੀ ਹਦਾਇਤਾਂ ਜਾਰੀ

# ਬੀ .ਐਲ .ਓਜ਼ ਵੱਲੋਂ 25 ਜੂਨ ਤੋਂ 24 ਜੁਲਾਈ 2026 ਤੱਕ ਘਰ-ਘਰ ਜਾ ਕੇ ਫਾਰਮ ਭਰਵਾਏ ਜਾਣਗੇ - ਡਿਪਟੀ ਕਮਿਸ਼ਨਰ



ਜੰਡਿਆਲਾ ਗੁਰੂ 27 ਮਈ (ਕੁਲਵੰਤ ਸਿੰਘ ਵਿਰਦੀ ) - ਭਾਰਤ ਚੋਣ ਕਮਿਸ਼ਨ ਵੱਲੋਂ ਪੰਜਾਬ ਰਾਜ ਵਿੱਚ 15 ਜੂਨ 2026 ਤੋਂ ਕਰਵਾਈ ਜਾ ਰਹੀ ਵੋਟਰ ਸੂਚੀਆਂ ਦੀ ਸਪੈਸ਼ਲ ਇੰਨਟੈਂਸਿਵ ਰਵੀਜ਼ਨ (ਐਸ .ਆਈ .ਆਰ) ਦੇ ਸਬੰਧ ਵਿੱਚ ਜ਼ਿਲ੍ਹਾ ਅੰਮਿਤਸਰ ਦੇ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਜਿਲ੍ਹੇ ਦੇ 11 ਵਿਧਾਨ ਸਭਾ ਚੋਣ ਹਲਕਿਆਂ ਦੇ ਚੋਣਕਾਰ ਰਜਿਸਟਰੇਸ਼ਨ ਅਫ਼ਸਰਾਂ ਅਤੇ ਸਹਾਇਕ ਚੋਣਕਾਰ ਰਜਿਸਟਰੇਸ਼ਨ ਅਫ਼ਸਰਾਂ ਨੂੰ ਹਦਾਇਤ ਕੀਤੀ ਹੈ ਕਿ ਸਪੈਸ਼ਲ ਇੰਨਟੈਂਸਿਵ ਰਵੀਜ਼ਨ-2026 ਦੇ ਅਸਰਦਾਰ ਢੰਗ ਨਾਲ ਲਾਗੂ ਕੀਤਾ ਜਾਵੇ। ਉਨ੍ਹਾਂ ਦੱਸਿਆ ਕਿ ਇਸ ਕਾਰਜ ਲਈ ਜਿਲ੍ਹੇ ਵਿੱਚ 55 ਵਾਧੂ ਸਹਾਇਕ ਚੋਣਕਾਰ ਰਜਿਸਟਰੇਸ਼ਨ ਅਫ਼ਸਰ, 2 ਸੁਪਰਵਾਈਜ਼ਰ, 5 ਜਿਲ੍ਹਾ ਲੈਵਲ ਮਾਸਟਰ ਟ੍ਰੇਨਰ ਅਤੇ 2134 ਬੀ .ਐੱਲ .ਓਜ਼ ਲਗਾਏ ਗਏ ਹਨ ।ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਸਪੈਸ਼ਲ ਇੰਨਟੈਸਿਵ ਰਵੀਜ਼ਨ ਸਬੰਧੀ ਜਾਰੀ ਪ੍ਰੋਗਰਾਮ ਅਨੁਸਾਰ ਬੀ .ਐਲ .ਓਜ਼ ਵੱਲੋਂ 25 ਜੂਨ ਤੋਂ 24 ਜੁਲਾਈ 2026 ਤੱਕ ਘਰ-ਘਰ ਜਾ ਕੇ ਫਾਰਮ ਭਰਵਾਏ ਜਾਣਗੇ। ਡਰਾਫਟ ਵੋਟਰ ਸੂਚੀ ਮਿਤੀ 31 ਜੁਲਾਈ 2026 ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਦਾਅਵੇ ਅਤੇ ਇਤਰਾਜ਼ ਮਿਤੀ 30 ਅਗਸਤ 2026 ਤੱਕ ਲਏ ਜਾਣਗੇ ਜਿਨ੍ਹਾਂ ਦਾ ਨਿਪਟਾਰਾ ਮਿਤੀ 28 ਸਤੰਬਰ 2026 ਤੱਕ ਕਰਦੇ ਹੋਏ ਮਿਤੀ 1 ਅਕਤੂਬਰ 2026 ਨੂੰ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਵੋਟਰ ਸੂਚੀ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਲਈ 1 ਅਕਤੂਬਰ 2026 ਨੂੰ ਯੋਗਤਾ ਮਿਤੀ ਨਿਰਧਾਰਿਤ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਐੱਸ .ਆਈ .ਆਰ ਅਧੀਨ ਹੀ ਪੋਲਿੰਗ ਸਟੇਸ਼ਨਾਂ ਦਾ ਪੁਨਰਗਠਨ ਕਰਨ ਦਾ ਕਾਰਜ ਮਿਤੀ 24 ਜੁਲਾਈ 2026 ਤੱਕ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਬੀ .ਐਲ .ਓਜ਼ ਲਈ ਮਿਤੀ 15 ਜੂਨ 2026 ਤੋਂ ਮਿਤੀ 20 ਜੂਨ 2026 ਤੱਕ ਸਪੈਸ਼ਲ ਟ੍ਰੇਨਿੰਗ ਰੱਖੀ ਜਾਵੇਗੀ।

# ਦਿੱਲੀ ਕਮੇਟੀ ਚੋਣਾਂ ਟਾਲਣ ਲਈ ਸਰਕਾਰੀ ਤਾਕਤਾਂ ਦਾ ਦੁਰਪਯੋਗ ਹੋ ਰਿਹਾ : ਸਰਨਾ/ਸ਼ੰਟੀ



ਨਵੀਂ ਦਿੱਲੀ 27 ਮਈ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਲਗਾਤਾਰ ਟਾਲਣ ਦੇ ਮਾਮਲੇ 'ਤੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਡੇ ਪ੍ਰਧਾਨ ਸਰਦਾਰ ਪਰਮਜੀਤ ਸਿੰਘ ਸਰਨਾ ਅਤੇ ਕੌਮੀ ਬੁਲਾਰੇ ਗੁਰਮੀਤ ਸਿੰਘ ਸ਼ੰਟੀ ਨੇ ਮੌਜੂਦਾ ਕਮੇਟੀ ਪ੍ਰਬੰਧਕਾਂ, ਕੁਝ ਸਿਆਸੀ ਆਗੂਆਂ ਅਤੇ ਸਰਕਾਰੀ ਦਖਲਅੰਦਾਜ਼ੀ 'ਤੇ ਮੀਡੀਆ ਨਾਲ ਕੀਤੀ ਗਈ ਕਾਨਫਰੰਸ ਦੌਰਾਨ ਤਿੱਖਾ ਹਮਲਾ ਬੋਲਿਆ ਹੈ। ਉਨ੍ਹਾਂ ਕਿਹਾ ਕਿ ਦਿੱਲੀ ਕਮੇਟੀ ਦੀਆਂ ਚੋਣਾਂ ਤੋਂ ਭੱਜ ਰਹੀ ਟੋਲੀ ਹੁਣ ਆਪਣੀ ਕੁਰਸੀ ਬਚਾਉਣ ਲਈ ਹਰ ਤਰ੍ਹਾਂ ਦੇ ਹਥਕੰਡੇ ਵਰਤ ਰਹੀ ਹੈ। ਉਨ੍ਹਾਂ ਕਿਹਾ ਕਿ ਬੀਤੇ ਦਿਨੀਂ ਹਾਈ ਕੋਰਟ ਵਿੱਚ ਹੋਈ ਸੁਣਵਾਈ ਦੌਰਾਨ ਕੇਂਦਰ ਸਰਕਾਰ ਵੱਲੋਂ ਐਡਿਸ਼ਨਲ ਸੋਲਿਸਟਰ ਜਨਰਲ ਚੇਤਨ ਸ਼ਰਮਾ ਦੀ ਪੇਸ਼ੀ ਕਈ ਸਵਾਲ ਖੜ੍ਹੇ ਕਰਦੀ ਹੈ, ਜਦਕਿ ਕੇਂਦਰ ਅਤੇ ਦਿੱਲੀ ਸਰਕਾਰ ਇਸ ਮਾਮਲੇ ਵਿੱਚ ਸਿੱਧੀ ਧਿਰ ਹੀ ਨਹੀਂ ਹਨ। ਉਨ੍ਹਾਂ ਕਿਹਾ ਕਿ ਇਸ ਤੋਂ ਸਾਫ਼ ਪ੍ਰਤੀਤ ਹੁੰਦਾ ਹੈ ਕਿ ਸਰਕਾਰੀ ਤਾਕਤ ਦਾ ਇਸਤੇਮਾਲ ਕਰਕੇ ਚੋਣਾਂ ਨੂੰ ਲੰਬਾ ਖਿੱਚਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਕੁਝ ਲੋਕ ਨਿੱਜੀ ਲਾਭਾਂ ਲਈ ਕੌਮ ਦੇ ਹਿੱਤਾਂ ਨਾਲ ਸਮਝੌਤਾ ਕਰ ਰਹੇ ਹਨ। ਸ਼ੰਟੀ ਨੇ ਕਿਹਾ ਕਿ ਇੰਦਰਮੋਹਨ ਸਿੰਘ ਕਮੇਟੀ ਵੱਲੋਂ ਮਿਲੀਆਂ ਸਹੂਲਤਾਂ, ਕਾਰ ਅਤੇ ਕੁਰਸੀ ਦੀ ਖਾਤਿਰ ਕੌਮ ਨਾਲ ਦਗਾ ਕਰ ਰਹੇ ਹਨ ਅਤੇ ਉਹਨਾਂ ਤਾਕਤਾਂ ਦਾ ਸਾਥ ਦੇ ਰਹੇ ਹਨ ਜੋ ਚੋਣਾਂ ਨਹੀਂ ਹੋਣ ਦੇਣਾ ਚਾਹੁੰਦੀਆਂ। ਉਨ੍ਹਾਂ ਇਹ ਵੀ ਕਿਹਾ ਕਿ ਮਨਜਿੰਦਰ ਸਿੰਘ ਸਿਰਸਾ ਵੀ ਪਰਦੇ ਪਿੱਛੇ ਦਿੱਲੀ ਕਮੇਟੀ ਚੋਣਾਂ ਟਲਵਾਉਣ ਵਿੱਚ ਪੂਰੀ ਤਰ੍ਹਾਂ ਸਰਗਰਮ ਹਨ। ਸਰਨਾ ਨੇ ਦੋਸ਼ ਲਾਇਆ ਕਿ ਜਿਨ੍ਹਾਂ ਲੋਕਾਂ ਦਾ ਕਾਰਜਕਾਲ ਕਾਫ਼ੀ ਪਹਿਲਾਂ ਖਤਮ ਹੋ ਚੁੱਕਾ ਹੈ, ਉਹ ਹੁਣ ਲੋਕਾਂ ਦੇ ਫ਼ੈਸਲੇ ਤੋਂ ਡਰ ਕੇ ਅਦਾਲਤੀ ਅਤੇ ਪ੍ਰਸ਼ਾਸਨਿਕ ਬਹਾਨਿਆਂ ਦੇ ਪਿੱਛੇ ਲੁਕ ਰਹੇ ਹਨ। ਇਸ ਮੌਕੇ ਗੁਰਮੀਤ ਸਿੰਘ ਸ਼ੰਟੀ ਨੇ ਬੀਤੇ ਦਿਨੀਂ ਅਦਾਲਤੀ ਕਾਰਵਾਈ ਬਾਰੇ ਦਸਿਆ ਕਿ ਡਾਇਰੈਕਟਰ ਗੁਰਦੁਆਰਾ ਨੇ ਅਦਾਲਤ ਨੂੰ ਦੱਸਿਆ ਕਿ ਹੁਣ ਤੱਕ ਕੇਵਲ 1 ਲੱਖ 65 ਹਜ਼ਾਰ 404 ਅਰਜ਼ੀਆਂ ਹੀ ਪ੍ਰਾਪਤ ਹੋਈਆਂ ਹਨ, ਜਦਕਿ ਪਹਿਲਾਂ ਵੋਟਰਾਂ ਦੀ ਗਿਣਤੀ ਸਾਡੇ ਤਿੰਨ ਲੱਖ ਤੋਂ ਵੱਧ ਸੀ। ਗੁਰਮੀਤ ਸਿੰਘ ਸ਼ੰਟੀ ਵੱਲੋਂ ਕਮੇਟੀ ਅਤੇ ਸਰਕਾਰ ਦੀਆਂ ਦਲੀਲਾਂ ਦਾ ਤਿੱਖਾ ਵਿਰੋਧ ਕੀਤਾ ਗਿਆ। ਉਨ੍ਹਾਂ ਦੇ ਵਕੀਲ ਆਦਿਤਿਆ ਪੁਜਾਰੀ ਨੇ ਅਦਾਲਤ ਵਿੱਚ ਕਿਹਾ ਕਿ 28 ਫਰਵਰੀ ਤੱਕ ਵੀ ਇੰਨੀ ਹੀ ਅਰਜ਼ੀਆਂ ਸਨ, ਪਰ ਉਸ ਤੋਂ ਬਾਅਦ ਲਗਾਤਾਰ ਅਦਾਲਤ ਨੂੰ ਇਹ ਭਰੋਸਾ ਦਿਵਾਇਆ ਜਾਂਦਾ ਰਿਹਾ ਕਿ ਵੋਟਰ ਲਿਸਟ ਦੀ ਪ੍ਰਕਿਰਿਆ ਠੀਕ ਤਰੀਕੇ ਨਾਲ ਚੱਲ ਰਹੀ ਹੈ। ਹੁਣ ਅਚਾਨਕ ਵੋਟਰਾਂ ਦੀ ਘੱਟ ਗਿਣਤੀ ਦਾ ਹਵਾਲਾ ਦੇ ਕੇ ਚੋਣਾਂ ਟਾਲਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਨੇ ਸਖ਼ਤ ਸ਼ਬਦਾਂ ਵਿੱਚ ਕਿਹਾ ਕਿ ਜੇਕਰ ਸਰਕਾਰ ਅਤੇ ਮੌਜੂਦਾ ਦਿੱਲੀ ਕਮੇਟੀ ਨੂੰ ਸਿੱਖ ਵੋਟਰਾਂ ਦੀ ਗਿਣਤੀ ਦੀ ਇੰਨੀ ਹੀ ਚਿੰਤਾ ਸੀ ਤਾਂ ਪਿਛਲੇ ਤਿੰਨ ਮਹੀਨਿਆਂ ਦੌਰਾਨ ਕੀ ਕਾਰਵਾਈ ਕੀਤੀ ਗਈ ? ਉਨ੍ਹਾਂ ਕਿਹਾ ਕਿ ਫਰਵਰੀ ਦੇ ਤੀਜੇ ਹਫ਼ਤੇ ਵਿੱਚ ਹੀ ਹਾਈ ਕੋਰਟ ਵੋਟਰ ਲਿਸਟ ਦੀ ਪ੍ਰਕਿਰਿਆ ਪੂਰੀ ਕਰਨ ਦੇ ਹੁਕਮ ਦੇ ਚੁੱਕੀ ਸੀ, ਪਰ ਉਸ ਸਮੇਂ ਕਿਸੇ ਨੇ ਵੀ ਅਦਾਲਤ ਨੂੰ ਇਹ ਨਹੀਂ ਦੱਸਿਆ ਕਿ ਵੋਟਰ ਘੱਟ ਹਨ ਜਾਂ ਹੋਰ ਸਮਾਂ ਚਾਹੀਦਾ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਦਿੱਲੀ ਸਰਕਾਰ ਦੇ ਕੁਝ ਮੰਤਰੀ ਅਤੇ ਮੌਜੂਦਾ ਕਮੇਟੀ ਚੋਣਾਂ ਤੋਂ ਡਰ ਰਹੇ ਹਨ ਅਤੇ ਆਪਣੀ ਕੁਰਸੀ ਬਚਾਉਣ ਲਈ ਨਵੇਂ-ਨਵੇਂ ਬਹਾਨੇ ਲੱਭੇ ਜਾ ਰਹੇ ਹਨ। ਸਰਨਾ ਨੇ ਕਿਹਾ ਕਿ ਜੇ ਨੀਅਤ ਸਾਫ਼ ਹੁੰਦੀ ਤਾਂ ਵੋਟਰ ਲਿਸਟ ਅਤੇ ਡਿਲਿਮਿਟੇਸ਼ਨ ਦੇ ਮਸਲੇ ਕਾਫ਼ੀ ਪਹਿਲਾਂ ਹੱਲ ਹੋ ਸਕਦੇ ਸਨ। ਪਰ ਹੁਣ ਹਰ ਸੁਣਵਾਈ 'ਤੇ ਨਵਾਂ ਬਹਾਨਾ ਖੜ੍ਹਾ ਕਰਕੇ ਸਿੱਖ ਸੰਗਤ ਦੇ ਜਮਹੂਰੀ ਹੱਕਾਂ ਦਾ ਘਾਣ ਕੀਤਾ ਜਾ ਰਿਹਾ ਹੈ। ਅੰਤ ਵਿਚ ਉਨ੍ਹਾਂ ਚੇਤਾਵਨੀ ਦਿੱਤੀ ਕਿ ਦਿੱਲੀ ਦੀ ਸੰਗਤ ਹੁਣ ਸਭ ਕੁਝ ਸਮਝ ਚੁੱਕੀ ਹੈ ਅਤੇ ਜੇ ਚੋਣਾਂ ਹੋਰ ਲਟਕਾਉਣ ਦੀ ਕੋਸ਼ਿਸ਼ ਕੀਤੀ ਗਈ ਤਾਂ ਸਿੱਖ ਜਥੇਬੰਦੀਆਂ ਵੱਡਾ ਸੰਘਰਸ਼ ਛੇੜਣ ਲਈ ਮਜਬੂਰ ਹੋਣਗੀਆਂ। ਇਸ ਮੌਕੇ ਪਾਰਟੀ ਅਤੇ ਦਿੱਲੀ ਕਮੇਟੀ ਮੈਂਬਰ ਕਰਤਾਰ ਸਿੰਘ ਚਾਵਲਾ, ਪਰਮਜੀਤ ਸਿੰਘ ਖੁਰਾਣਾ ਅਤੇ ਯੂਥ ਵਿੰਗ ਪ੍ਰਧਾਨ ਰਮਨਦੀਪ ਸਿੰਘ ਸੋਨੂੰ ਵੀ ਹਾਜਿਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸ਼ਹੀਦਾਂ ਦੀ ਯਾਦ ਨੂੰ ਤਾਜ਼ਾ ਕਰਨਾ ਸਾਡਾ ਮੁੱਢਲਾ ਫਰਜ਼ : ਸੰਤ ਸਮਾਜ




ਚੌਕ ਮਹਿਤਾ, 27 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)-ਦਮਦਮੀ ਟਕਸਾਲ ਦੇ ਮੁਖੀ ਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਅਗਵਾਈ 'ਚ ਜੂਨ 1984 ਘੱਲੂਘਾਰੇ ਦੌਰਾਨ ਸ਼ਹੀਦ ਹੋਏ ਸਮੂਹ ਸ਼ਹੀਦਾਂ ਦੀ ਪਵਿੱਤਰ ਯਾਦ ਨੂੰ ਸਮਰਪਿਤ 34ਵਾਂ ਮਹਾਨ ਸ਼ਹੀਦੀਸਮਾਗਮ (ਤੀਸਰਾ ਘੱਲੂਘਾਰਾ) ਟਕਸਾਲ ਦੇ ਹੈੱਡਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ 6 ਜੂਨ ਨੂੰ ਵੱਡੇ ਪੱਧਰ 'ਤੇ ਮਨਾਇਆ ਜਾ ਰਿਹਾ ਹੈ, ਜਿਸ ਦੀਆਂ ਤਿਆਰੀਆਂ ਜ਼ਿੰਮੇਵਾਰ ਜਥੇਬੰਦੀਆਂ ਅਤੇ ਇਲਾਕੇ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਪੂਰੇ ਜੋਸ਼ੋ-ਖਰੋਸ਼ ਨਾਲ ਚੱਲ ਰਹੀਆਂ ਹਨ।

ਇਹ ਪ੍ਰਗਟਾਵਾ ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ ਸਾਹਿਬ, ਸਿੰਘ ਸਾਹਿਬ ਗਿਆਨੀ ਸੁਖਦੇਵ ਸਿੰਘ ਸਾਧਪੁਰ ਫਰਾਂਸ਼ ,ਸੰਤ ਬਾਬਾ ਕੰਵਲਜੀਤ ਸਿੰਘ ਨਾਗੀਆਨਾ ਸਾਹਿਬ, ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਦਸਮੇਸ਼ ਤਰਨਾ ਦਲ, ਸੰਤ ਬਾਬਾ ਗੁਰਦੇਵ ਸਿੰਘ ਡੇਰਾ ਭਗਤਾਂ ਤਰਸਿੱਕਾ, ਸੰਤ ਬਾਬਾ ਗੁਰਭੇਜ ਸਿੰਘ ਖੁਜਾਲਾ ਮੁੱਖ ਬੁਲਾਰੇ ਸੰਤ ਸਮਾਜ ਮਾਂਝਾ ਸੰਤ ਬਾਬਾ ਗੁਰਦੀਪ ਸਿੰਘ ਗੁਰਦੁਆਰਾ ਟਾਹਲਾ ਸਾਹਿਬ ਨਹਿਰ ਪੁਲ ਤਰਸਿੱਕਾ, ਗਿਆਨੀ ਤੇਜਬੀਰ ਸਿੰਘ ਭਲਾਈਪੁਰ (ਕਨੇਡਾ)ਸੰਤ ਬਾਬਾ ਮਲਕੀਤ

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੰਘ ਖਾਲਸਾ ਜੱਬੋਵਾਲ, ਸੰਤ ਬਾਬਾ ਨਵਤੇਜ ਸਿੰਘ ਚੇਲੇਆਨਾ ਸਾਹਿਬ, ਸੰਤ ਬਾਬਾ ਸਰਦਾਰਾ ਸਿੰਘ ਮੱਖਣਵਿੰਡੀ, ਸੰਤ ਬਾਬਾ ਚਮਕੌਰ ਸਿੰਘ ਵਡਾਲਾ ਜੋਹਲ, ਸੰਤ ਬਾਬਾ ਗੁਰਮੀਤ ਸਿੰਘ ਬੱਦੋਵਾਲ ,ਸੰਤ ਬਾਬਾ ਗੁਰਦੀਦਾਰ ਸਿੰਘ ਭੂਰੀ ਵਾਲੇ, ਸੰਤ ਬਾਬਾ ਮੇਜਰ ਸਿੰਘ ਟਾਹਲੀ ਸਾਹਿਬ,ਸੰਤ ਬਾਬਾ ਮਨਮੋਹਨ ਸਿੰਘ ਭੰਗਾਲੀ ਸਾਹਿਬ, ਸੰਤ ਬਾਬਾ ਗੁਰਦੀਪ ਸਿੰਘ ਖੁਜਾਲਾ ਸੰਪ੍ਰਦਾਏ ਹਰਖੋਵਾਲ, ਬਾਬਾ ਸੁਖਵੰਤ ਸਿੰਘ ਚੰਨਣਕੇ, ਸੰਤ ਬਾਬਾ ਸੁੱਖਾ ਸਿੰਘ ਜੋਤੀਸਰ ਸਾਹਿਬ, ਸੰਤ ਬਾਬਾ ਸੁਵਿੰਦਰ ਸਿੰਘ ਟਾਹਲੀ ਸਾਹਿਬ, ਕਥਾਵਾਚਕ ਗਿਆਨੀ ਭੁਪਿੰਦਰ ਸਿੰਘ ਗੱਦਲੀ, ਸੰਤ ਬਾਬਾ ਹਰਪ੍ਰੀਤ ਸਿੰਘ ਕਾਦਰਾਬਾਦ, ਬਾਬਾ ਲਖਬੀਰ ਸਿੰਘ ਸਿੰਘ ਭੰਗਾਲੀ ਸਾਹਿਬ ਸੰਤ ਬਾਬਾ ਵਰਿੰਦਰ ਮੁੱਨੀ ਫੇਰੂਮਾਨ, ਸੰਤ ਬਾਬਾ ਗਿਰੀ ਦਾਸ ਡੇਹਰੀਵਾਲ ਸੰਤ ਬਾਬਾ ਪਰਮਾਨੰਦ ਉੱਪਲਾ ਸੰਤ ਬਾਬਾ ਦਰਸ਼ਨ ਦਾਸ ਟਾਂਗਰਾ ਸੰਤ ਬਾਬਾ ਗੁਰਦਿਆਲ ਸਿੰਘ ਕਾਲੇਕੇ, ਗਿਆਨੀ ਪਰਗਟ ਸਿੰਘ ਭੀਲੋਵਾਲ,ਤੇ ' ਵਾਲਿਆਂ ਨੇ ਕੀਤਾ। ਉਨ੍ਹਾਂ ਕਿਹਾ ਕਿ ਬੀਤੇ ਸਾਲਾਂ ਦੇ ਮੁਕਾਬਲੇ ਇਸ ਵਾਰ ਦੇਸ਼-ਵਿਦੇਸ਼ ਦੀਆਂ ਸੰਗਤਾਂ ਦੇ ਸ਼ਹੀਦੀ ਸਮਾਗਮ 'ਚ ਸ਼ਾਮਲ ਹੋਣ ਪ੍ਰਤੀ ਉਤਸ਼ਾਹ ਨੂੰ ਧਿਆਨ 'ਚ ਰੱਖਦਿਆਂ ਲੰਗਰਾਂ, ਛਬੀਲਾਂ ਤੇ ਵਾਹਨ ਪਾਰਕਿੰਗਾਂ ਸਮੇਤ ਹੋਰ ਸਵਾਗਤੀ ਪ੍ਰਬੰਧਾਂ ਨੂੰ ਵਿਸ਼ਾਲ ਰੂਪ ਦਿੱਤਾ ਜਾਵੇਗਾ।

# ਗੁਰਦੁਆਰਾ ਸਿੰਘ ਸਭਾ 82 ਸੈਕਟਰ ਗੁਰੂਗ੍ਰਾਮ ਦੇ 24 ਮਈ 2026 ਨੂੰ ਉਦਘਾਟਨ ਸਮਾਗਮ ਵਿੱਚ ਪੁੱਜੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਿੱਖ ਸੰਗਤਾਂ ਨੂੰ ਗੁਰਬਾਣੀ ਗੁਰਇਤਿਹਾਸ ਨਾਲ ਜੋੜਿਆ












ਗੁਰਦੁਆਰਾ ਸਿੰਘ ਸਭਾ 82 ਸੈਕਟਰ ਗੁਰੂਗ੍ਰਾਮ ਦੇ 24 ਮਈ 2026 ਨੂੰ ਉਦਘਾਟਨ ਸਮਾਗਮ ਵਿੱਚ ਪੁੱਜੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਿੱਖ ਸੰਗਤਾਂ ਨੂੰ ਗੁਰਬਾਣੀ ਗੁਰਇਤਿਹਾਸ ਨਾਲ ਜੋੜਿਆ ਅਤੇ ਗੁਰਦੁਆਰਾ ਸਾਹਿਬ ਦੀ ਇਮਾਰਤ ਲਈ ਆਪਣੇ ਟਰੱਸਟ ਵੱਲੋਂ ਇਕ ਲੱਖ ਰੁਪਏ ਦੀ ਸੇਵਾ ਦਾ ਐਲਾਨ ਕੀਤਾ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜਥੇਦਾਰ ਦਾਦੂਵਾਲ ਜੀ ਦਾ ਧੰਨਵਾਦ ਕਰਦਿਆਂ ਸਿਰਪਾਓ ਸ੍ਰੀ ਸਾਹਿਬ ਭੇਂਟ ਕਰਕੇ ਸਨਮਾਨ ਕੀਤਾ ਇਸ ਸਮੇਂ ਸਰਦਾਰ ਸ਼ੇਰਦਿਲ ਸਿੰਘ ਸ਼ੈਰੀ,ਬੀਬੀ ਗਗਨਦੀਪ ਕੌਰ ਸਿੱਧੂ ਗੁਰੂਗ੍ਰਾਮ,ਸਰਦਾਰ ਗੁਰਪ੍ਰਸਾਦ ਸਿੰਘ ਫਰੀਦਾਬਾਦ ਸਾਬਕਾ ਅੰਤ੍ਰਿੰਗ ਮੈਂਬਰ ਹਰਿਆਣਾ ਕਮੇਟੀ,ਸਰਦਾਰ ਪ੍ਰਭਜੋਤ ਸਿੰਘ ਚੰਡੋਕ ਗੁਰੂਗ੍ਰਾਮ ਹਾਜ਼ਰ ਸਨ।

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਭਾਰਤ ਦੀਆ ਵੱਖ ਵੱਖ ਜੇਲਾਂ ਵਿੱਚ ਨਜ਼ਰਬੰਦ ਸਜਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਵਾਸਤੇ "ਕੌਮੀ ਇਨਸਾਫ ਮੋਰਚਾ ਚੰਡੀਗੜ੍ਹ" ਵੱਲੋਂ ਅੱਜ ਕਿਸਾਨ ਭਵਨ ਚੰਡੀਗੜ੍ਹ ਵਿਖੇ ਸੰਘਰਸ਼ ਨੂੰ ਪ੍ਰਚੰਡ ਕਰਨ ਲਈ ਮੀਟਿੰਗ ਬੁਲਾਈ ਗਈ











ਭਾਰਤ ਦੀਆ ਵੱਖ ਵੱਖ ਜੇਲਾਂ ਵਿੱਚ ਨਜ਼ਰਬੰਦ ਸਜਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਵਾਸਤੇ "ਕੌਮੀ ਇਨਸਾਫ ਮੋਰਚਾ ਚੰਡੀਗੜ" ਵੱਲੋਂ ਅੱਜ ਕਿਸਾਨ ਭਵਨ ਚੰਡੀਗੜ ਵਿਖੇ ਸੰਘਰਸ਼ ਨੂੰ ਪ੍ਰਚੰਡ ਕਰਨ ਲਈ ਮੀਟਿੰਗ ਬੁਲਾਈ ਗਈ ਜਿਸ ਵਿੱਚ ਧਾਰਮਿਕ,ਰਾਜਨੀਤਕ,ਸਮਾਜਿਕ,ਪੰਥਕ,ਕਿਸਾਨ ਜਥੇਬੰਦੀਆਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਆਪਣੇ ਸਾਥੀਆਂ ਸਰਦਾਰ ਗੁਰਮੀਤ ਸਿੰਘ ਰਾਮਸਰ ਸੀਨੀਅਰ ਮੀਤ ਪ੍ਰਧਾਨ,ਸਰਦਾਰ ਗੁਰਬੀਰ ਸਿੰਘ ਤਲਾਕੌਰ ਯਮੁਨਾਨਗਰ ਜੂਨੀਅਰ ਮੀਤ ਪ੍ਰਧਾਨ,ਸਰਦਾਰ ਦੀਦਾਰ ਸਿੰਘ ਨਲਵੀ ਸੀਨੀਅਰ ਮੈਂਬਰ,ਜਥੇਦਾਰ ਸਵਰਨ ਸਿੰਘ ਬੂੰਗਾ ਟਿੱਬੀ ਮੈਂਬਰ ਪੰਚਕੂਲਾ,ਸਰਦਾਰ ਰਜਿੰਦਰ ਸਿੰਘ ਬਰਾੜਾ ਅੰਬਾਲਾ ਮੈਂਬਰ,ਜਥੇਦਾਰ ਸੁਖਵਿੰਦਰ ਸਿੰਘ ਮੰਡੇਬਰ ਸਾਬਕਾ ਜਨਰਲ ਸਕੱਤਰ ਅਤੇ ਸਕੱਤਰ ਜਨਰਲ ਸ਼੍ਰੋਮਣੀ ਅਕਾਲੀ ਦਲ ਆਜ਼ਾਦ ਸਮੇਤ ਹਾਜਰੀ ਲਗਵਾਈ ਸੰਬੋਧਨ ਕੀਤਾ ਅਤੇ ਬੰਦੀ ਸਿੰਘਾਂ ਦੀ ਰਿਹਾਈ ਲਈ ਸਮਰਥਨ ਦਿੱਤਾ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਪ੍ਰਿੰਸੀਪਲ ਡਾ. ਸ਼ਰਮਾ ਨੇ ਬਾਬਾ ਹਰਨਾਮ ਸਿੰਘ ਖਾਲਸਾ ਨੂੰ ਦਿੱਤੀ ਮੁਬਾਰਕਬਾਦ



**ਚੌਂਕ ਮਹਿਤਾ, 27ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਦੇ ਹੈੱਡਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਬੀਤੇ ਦਿਨ ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਦਾ ਜਨਮ ਦਿਨ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਖਾਲਸਾ ਅਕੈਡਮੀ ਮਹਿਤਾ ਦੇ ਪ੍ਰਿੰਸੀਪਲ/ਡਾਇਰੈਕਟਰ ਡਾਕਟਰ ਜਤਿੰਦਰ ਸ਼ਰਮਾ ਅਤੇ ਸਮੂਹ ਸਟਾਫ ਨੇ ਬਾਬਾ ਜੀ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਉਨਾਂ ਨੇ ਇਸ ਸ਼ੁਭ ਅਵਸਰ 'ਤੇ ਸ੍ਰੀ ਸਾਹਿਬ, ਫ਼ੁੱਲਾਂ ਦਾ ਹਾਰ, ਵਸਤਰ, ਫਲ਼ ਅਤੇ ਗੁਲਦਸਤਾ ਭੇਟ ਕਰਕੇ ਬਾਬਾ ਜੀ ਨੂੰ ਜਨਮ ਦਿਨ ਦੀ ਵਧਾਈ ਦਿੱਤੀ ਅਤੇ ਉਨਾਂ ਪਾਸੋਂ ਅਸ਼ੀਰਵਾਦ ਲਿਆ। ਇਸ ਸਮੇਂ ਪ੍ਰਿੰਸੀਪਲ ਡਾਕਟਰ ਜਤਿੰਦਰ ਸ਼ਰਮਾ ਨੇ ਕਿਹਾ ਕਿ ਬਾਬਾ ਹਰਨਾਮ ਸਿੰਘ ਜੀ ਦੀ ਚੜ੍ਹਦੀ ਕਲਾ ਲਈ ਅਰਦਾਸ ਬੇਨਤੀ ਕੀਤੀ ਅਤੇ ਕਿਹਾ ਕਿ ਬਾਬਾ ਜੀ ਦਾ ਜੀਵਨ ਸਿੱਖ ਕੌਮ ਦੇ ਲਈ ਪ੍ਰੇਰਨਾ ਸਰੋਤ ਹੈ। ਇਸ ਮੌਕੇ ਦਸ਼ਮੇਸ਼ ਵਿਦਿਅਕ ਸੰਸਥਾਵਾਂ ਮਹਿਤਾ ਚੌਂਕ ਦੇ ਪ੍ਰਿੰਸੀਪਲ/ਡਾਇਰੈਕਟਰ ਹਰਸ਼ਦੀਪ ਸਿੰਘ ਰੰਧਾਵਾ ਵੀ ਮੌਜੂਦ ਸਨ।

## ਪਿੰਡ ਲਹਿਰੀ ਲਾਗੇ ਚੌਲਾਂ ਦੀ ਪਰਾਲੀ ਦਾ ਭਰਿਆ ਹੋਇਆ


# ਟਰੈਕਟਰ ਉਲਟਣ ਨਾਲ ਚਾਲਕ ਦੀ ਮੌਤ





**ਤਲਵੰਡੀ ਸਾਬੋ, 27 ਮਈ (ਗੁਰਜੰਟ ਸਿੰਘ ਨਥੇਹਾ)**-ਉਪਮੰਡਲ ਤਲਵੰਡੀ ਸਾਬੋ ਦੇ ਪਿੰਡ ਲਹਿਰੀ ਵਿਖੇ ਉਸ ਸਮੇਂ ਸੋਗ ਦਾ ਮਾਤਮ ਛਾਅ ਗਿਆ ਜਦੋ ਲਹਿਰੀ ਲਾਗੇ ਚੌਲਾਂ ਦੀ ਪਰਾਲੀ ਨਾਲ ਭਰਿਆ ਹੋਇਆ ਟਰੈਕਟਰ ਉਲਟਣ ਨਾਲ ਚਾਲਕ ਦੀ ਮੌਤ ਹੋ ਗਈ। ਇਸ ਸਬੰਧੀ ਪਿੰਡ ਦੇ ਸਰਪੰਚ ਹਰਮੰਦਰ ਸਿੰਘ ਨੇ ਦੱਸਿਆ ਕਿ ਪ੍ਰਹਲਾਦ ਸਿੰਘ (42) ਪੁੱਤਰ ਬਹਾਦਰ ਸਿੰਘ ਚੌਲਾਂ ਦੀ ਪਰਾਲੀ ਦੇ ਡੰਪ ਤੋਂ ਨੰਗਲਾ ਨਥੇਹਾ ਦੇ ਵਿਚਕਾਰ ਬਣੀ ਹੋਈ ਪੈਨਕਾਰਬੋ ਈਥਾਨਾਲ ਫੈਕਟਰੀ ਵਿੱਚ ਠੇਕੇਦਾਰਾਂ ਦੇ ਟਰੈਕਟਰ ਰਾਹੀਂ ਚੌਲਾਂ ਦੀ ਪਰਾਲੀ ਢੋਣ ਦਾ ਕੰਮ ਕਰਦਾ ਸੀ ਜਦੋਂ ਉਹ ਕੋਟਸ਼ਮੀਰ ਦੇ ਡੰਪ ਤੋਂ ਪੈਨ ਕਾਰਬੋ ਫੈਕਟਰੀ ਵਿੱਚ ਲੈ ਕੇ ਆ ਰਿਹਾ ਸੀ ਤਾਂ ਲਹਿਰੀ ਲਾਗੇ ਉਸ ਤੋਂ ਚੌਲਾਂ ਦੀ ਪਰਾਲੀ ਨਾਲ ਲੱਦਿਆ ਹੋਇਆ ਟਰੈਕਟਰ ਬੇਕਾਬੂ ਹੋ ਕੇ ਖਤਾਨਾਂ ਵਿੱਚ ਉਲਟ ਗਿਆ ਜਿਸ ਨਾਲ ਪ੍ਰਹਿਲਾਦ ਸਿੰਘ ਦੀ ਮੌਤ ਹੋ ਗਈ। ਉਨਾਂ ਦੱਸਿਆ ਕਿ ਮ੍ਰਿਤਕ ਆਪਣੇ ਪਿੱਛੇ ਛੋਟੇ ਛੋਟੇ ਬੱਚੇ ਛੱਡ ਗਿਆ ਹੈ ਜਦੋਂ ਕਿ ਪਰਿਵਾਰ ਆਰਥਿਕ ਪੱਖ ਤੇ ਬਹੁਤ ਕਮਜ਼ੋਰ ਹੈ ਜਿਸ ਲਈ ਮ੍ਰਿਤਕ ਦੇ ਭਰਾ ਬੈਂਕ ਮੁਲਾਜਮ ਹਰਪਾਲ ਸਿੰਘ ਪਾਲੀ ਲਹਿਰੀ ਨੇ ਜਿੱਥੇ ਪ੍ਰਸ਼ਾਸਨ ਤੋਂ ਮੁਆਵਜਾ ਦੇਣ ਦੀ ਮੰਗ ਕੀਤੀ ਹੈ ਉੱਥੇ ਉਨਾਂ ਠੇਕੇਦਾਰ ਤੇ ਫੈਕਟਰੀ ਮਾਲਕਾਂ ਨੂੰ ਵੀ ਪਰਿਵਾਰ ਦੀ ਸਹਾਇਤਾ ਕਰਨ ਦੀ ਗੁਹਾਰ ਲਾਈ ਹੈ। ਇਸ ਘਟਨਾ 'ਤੇ ਪੈਨਕਾਰਬੋ ਦੀ ਮਨੈਜਮੈਂਟ ਵਿਪਨ ਚੌਧਰੀ ਤੇ ਮੁਨੀਸ਼ ਸਿਸੋਧੀਆ ਨੇ ਦੁੱਖ ਜਤਾਇਆ ਹੈ। ਉਧਰ ਇਸ ਸਬੰਧੀ ਸੀਗੋ ਮੰਡੀ ਦੇ ਚੌਂਕੀ ਇੰਚਾਰਜ ਕੁਲਵਿੰਦਰ ਸਿੰਘ ਨੇ ਦੱਸਿਆ ਕਿ ਬਣਦੀ ਕਾਰਵਾਈ ਕਰਕੇ ਮ੍ਰਿਤਕ ਦਾ ਪੋਸਟਮਾਰਟਮ ਕਰਕੇ ਲਾਸ਼ ਵਾਰਸਾਂ ਦੇ ਹਵਾਲੇ ਕਰ ਦਿੱਤੀ ਹੈ।

## ਗੁਰਦੁਆਰਾ ਬਾਬਾ ਜਵੰਦ ਸਿੰਘ ਜੀ ਜਨਮ ਅਸਥਾਨ ਪਿੰਡ ਭੰਗਵਾਂ ਵਿਖੇ ਪੰਥਕ ਮੀਟਿੰਗ 29 ਮਈ ਨੂੰ-ਬਾਪੂ ਤਰਸੇਮ ਸਿੰਘ



**ਜੰਡਿਆਲਾ ਗੁਰੂ, 27 ਮਈ ( ਕੁਲਵੰਤ ਸਿੰਘ ਵਿਰਦੀ )**-ਅੱਜ ਅਕਾਲੀ ਦਲ ਵਾਰਿਸ ਪੰਜਾਬ ਦੇ ਮੁੱਖ ਸੇਵਾਦਾਰ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ ਨੇ ਪ੍ਰੈਸ ਨੋਟ ਰਾਹੀਂ ਜਾਣਕਾਰੀ ਸਾਂਝੀ ਕਰਦਿਆ ਹੋਇਆ ਕਿਹਾ ਕਿ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਭੰਗਵਾਂ ਨਜਦੀਕ ਗਹਿਰੀ ਮੰਡੀ ਵਿਖੇ ਗੁਰਦੁਆਦਰਾ ਬਾਬਾ ਜਵੰਦ ਸਿੰਘ ਜੀ ਦੇ ਜਨਮ ਅਸਥਾਨ ਪਿੰਡ ਭੰਗਵਾਂ ਵਿਖੇ ਅਕਾਲੀ ਦਲ ਵਾਰਿਸ ਪੰਜਾਬ ਦੇ ਜਥੇਬੰਦੀ ਵੱਲੋਂ 29 ਮਈ ਦਿਨ ਸੁਕਰਵਾਰ ਨੂੰ ਪੰਥਕ ਮੀਟਿੰਗ ਕੀਤੀ ਜਾ ਰਹੀ ਹੈ ਜਿਸ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂ ਸਾਹਿਬਾਨ ਸੰਗਤਾਂ ਦੇ ਦਰਸ਼ਨ ਕਰਨਗੇ ਅਤੇ ਇਸ ਮੀਟਿੰਗ ਵਿੱਚ ਪੰਜਾਬ ਨਾਲ ਜੁੜੇ ਅਹਿਮ ਮੁੱਦੇ ਪੰਜਾਬ ਦੇ ਪਾਣੀ ਨਸ਼ਿਆਂ ਦੇ ਛੇਵੇਂ ਦਰਿਆ ਦੀ ਦਲਦਲ ਵਿੱਚ ਫਸ ਚੁੱਕੇ ਪੰਜਾਬ ਦੇ ਨੌਜਵਾਨਾਂ ਨੂੰ ਬਾਹਰ ਕੱਢ ਕਿ ਗੁਰੂ ਸਾਹਿਬ ਜੀ ਦੇ ਦਰਸਾਏ ਮਾਰਗ ਤੇ ਚਲ ਕਿ ਬਾਣੀ ਬਾਣੇ ਦੇ ਧਾਰਨੀ ਹੋਣ ਲਈ ਪ੍ਰੇਰਿਤ ਕਰਨਾ ,ਪੰਥ ਨੂੰ ਲਗ ਰਹੀ ਢਾਹ ਅਤੇ ਪੰਜਾਬ ਨਾਲ ਜੁੜੇ ਅਹਿਮ ਮੁੱਦਿਆਂ ਤੇ ਪੰਥਕ ਵੀਚਾਰਾਂ ਕੀਤੀਆਂ ਜਾਣਗੀਆਂ ! ਅੱਗੇ ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਅਸੀਂ ਸਮੂਹ ਸੰਗਤਾਂ ਨੂੰ ਇਲਾਕੇ ਦੀਆਂ ਸੰਗਤਾਂ ਨੂੰ ਅਪੀਲ ਕਰਦੇ ਹਾਂ ਕਿ ਇਸ ਪੰਥਕ ਮੀਟਿੰਗ ਵਿੱਚ ਸ਼ਾਮਿਲ ਹੋ ਕਿ ਆਪਣੇ ਵੀਚਾਰ ਸਾਂਝੇ ਕਰਕੇ ਪੰਜਾਬ ਦਾ ਸੁਨਿਹਰੀ ਭਵਿੱਖ ਬਣਾਉਣ ਲਈ ਹਾਜਰੀ ਜਰੂਰ ਭਰੋ !

## ਬਿੱਟੂ ਪੇਧਨੀ ਬਣੇ ਨਸਾਂ ਮੁਕਤੀ ਮੋਰਚਾ ਦੇ ਕੋਆਰਡੀਨੇਟਰ, ਚੇਅਰਮੈਨ ਘੁੱਲੀ ਨੇ ਕੀਤਾ ਹਾਈ ਕਮਾਂਡ ਦਾ ਧੰਨਵਾਦ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਹਲਕੇ ਦੇ ਵਿੱਚ ਪੈਂਦੇ ਪਿੰਡ ਪੇਧਨੀ ਕਲਾਂ ਤੋਂ ਆਮ ਆਦਮੀ ਪਾਰਟੀ ਦੀ ਪਿਛਲੇ ਲੰਬੇ ਸਮੇਂ ਤੋਂ ਆਪਣੀਆਂ ਸੇਵਾਵਾਂ ਨਿਭਾ ਰਹੇ ਕੁਲਵਿੰਦਰ ਸਿੰਘ ਖੁਰਮੀ ਨੂੰ ਨਸਾਂ ਮੁਕਤੀ ਮੋਰਚਾ ਦਾ ਧੂਰੀ ਦਾ ਕੋਆਰਡੀਨੇਟਰ ਬਣਨ ਤੇ ਮੁਬਾਰਕਬਾਦ ਦਿੰਦਿਆਂ ਪੰਜਾਬ ਦੇ ਮੁੱਖ ਮੰਤਰੀ ਦਫ਼ਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ ਪਾਰਟੀ ਦੇ ਲਈ ਦਿਨ ਰਾਤ ਮਿਹਨਤ ਕਰਨ ਵਾਲੇ ਨੌਜਵਾਨਾਂ ਨੂੰ ਜਿੰਮੇਵਾਰੀਆਂ ਦੇ ਕੇ ਨਿਵਾਜਿਆ ਜਾ ਰਿਹਾ ਹੈ। ਉਹ ਨਸਾ ਮੁਕਤੀ ਅਭਿਆਨ ਵਿੱਚ ਆਪਣੇ ਹਲਕੇ ਦੇ ਬਿਹਤਰੀ ਲਈ ਮੂਹਰੇ ਹੋ ਕੇ ਆਪਣੀਆਂ ਸੇਵਾਵਾਂ ਨਿਭਾਉਣਗੇ ।ਉਹਨਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਹਲਕੇ ਦੇ ਲਈ ਪਿਛਲੇ ਚਾਰ ਸਾਲਾਂ ਤੋਂ ਕੀਤੇ ਜਾ ਰਹੇ ਕੰਮਾਂ ਨੂੰ ਦੇਖਦਿਆਂ ਹੋਇਆਂ ਧੂਰੀ ਵਿੱਚ ਮਿਊਂਸਪਲ ਕਮੇਟੀ ਦੀਆਂ ਹੋ ਰਹੀਆਂ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਦੇ 21 ਵਾਰਡਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਵੱਡੇ ਮਾਰਜਨ ਨਾਲ ਜਿੱਤ ਕੇ ਇਤਿਹਾਸ ਬਣਾਉਣਗੇ।

## ਕੈਪਟਨ ਅਮਰਿੰਦਰ ਸਿੰਘ ਦੇ ਭਰਾ ਰਾਜਾ ਰਣਧੀਰ ਸਿੰਘ ਦੇ ਅਕਾਲ ਚਲਾਣੇ 'ਤੇ ਸਿਮਰਨਜੀਤ ਸਿੰਘ ਮਾਨ ਨੇ ਦੁੱਖ ਪ੍ਰਗਟਾਇਆ

**ਨਵੀਂ ਦਿੱਲੀ, 27 ਮਈ (ਆਵਾਜ਼ਿ ਕੌਮ ਬਿਊਰੋ)**-ਮਹਾਰਾਜਾ ਕੈਪਟਨ ਅਮਰਿੰਦਰ ਸਿੰਘ ਦੇ ਛੋਟੇ ਭਰਾ ਰਾਜਾ ਰਣਧੀਰ ਸਿੰਘ ਦੇ ਅੱਜ ਅਚਾਨਕ ਹੋਏ ਅਕਾਲ ਚਲਾਣੇ ਨਾਲ ਕੇਵਲ ਮੋਤੀ ਮਹਿਲ ਵਿਚ ਹੀ ਸੋਗ ਦੀ ਲਹਿਰ ਨਹੀਂ ਦੌੜ ਗਈ, ਬਲਕਿ ਇਸ ਪਟਿਆਲੇ ਦੇ ਇਸ ਪਰਿਵਾਰ ਨਾਲ ਸਾਂਝ ਰੱਖਣ ਵਾਲੇ ਪਰਿਵਾਰਾਂ ਨੂੰ ਵੀ ਗਹਿਰਾ ਸਦਮਾ ਪਹੁੰਚਿਆ ਹੈ। ਸਾਨੂੰ ਵੀ ਇਹ ਖਬਰ ਸੁਣਕੇ ਗਹਿਰਾ ਦੁੱਖ ਪਹੁੰਚਿਆ ਹੈ। ਅਸੀਂ ਉਸ ਅਕਾਲ ਪੁਰਖ ਦੇ ਚਰਨਾਂ ਵਿਚ ਵਿਛੜੀ ਨੇਕ ਆਤਮਾ ਦੀ ਸ਼ਾਂਤੀ ਲਈ ਜਿੱਥੇ ਅਰਦਾਸ ਕਰਦੇ ਹਾਂ, ਉੱਥੇ ਮਹਾਰਾਜਾ ਪਰਿਵਾਰ ਨਾਲ ਇਸ ਪਹੁੰਚੇ ਸਦਮੇ ਦੇ ਦੁੱਖ ਵਿਚ ਸਰੀਕ ਹੁੰਦੇ ਹੋਏ ਅਰਜੋਈ ਕਰਦੇ ਹਾਂ ਕਿ ਇਹ ਪਰਿਵਾਰ ਨੂੰ ਭਾਣੇ ਵਿਚ ਰਹਿਣ ਦੀ ਸ਼ਕਤੀ ਦੀ ਬਖਸ਼ਿਸ਼ ਕਰਨ । ਇਸ ਦੁੱਖ ਦਾ ਪ੍ਰਗਟਾਵਾ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ), ਬੀਬੀ ਗੀਤਇੰਦਰ ਕੌਰ ਮਾਨ, ਸ. ਇਮਾਨ ਸਿੰਘ ਮਾਨ, ਇਕਬਾਲ ਸਿੰਘ ਟਿਵਾਣਾ ਮੁੱਖ ਬੁਲਾਰਾ ਸਿਆਸੀ ਤੇ ਮੀਡੀਆ ਸਲਾਹਕਾਰ, ਪ੍ਰੋ. ਮਹਿੰਦਰਪਾਲ ਸਿੰਘ, ਹਰਭਜਨ ਸਿੰਘ ਕਸ਼ਮੀਰੀ, ਹਰਦੀਪ ਸਿੰਘ ਸਹਿਜਪੁਰਾ, ਹਰਮੀਤ ਸਿੰਘ ਸੋਢੀ, ਬਲਜਿੰਦਰ ਸਿੰਘ ਸੋਢੀ ਐਡਵੋਕੇਟ ਆਦਿ ਆਗੂਆ ਨੇ ਵਿਛੜੀ ਆਤਮਾ ਦੀ ਸ਼ਾਂਤੀ ਲਈ ਸਮੂਹਿਕ ਤੌਰ 'ਤੇ ਅਰਦਾਸ ਕੀਤੀ ਅਤੇ ਪਰਿਵਾਰ ਨਾਲ ਦੁੱਖ ਸਾਂਝਾ ਕਰਦੇ ਹੋਏ ਕੀਤਾ।

## ਕੈਪਟਨ ਅਮਰਿੰਦਰ ਸਿੰਘ ਦੇ ਭਰਾ ਰਾਜਾ ਰਣਧੀਰ ਸਿੰਘ ਦੇ ਅਕਾਲ ਚਲਾਣੇ 'ਤੇ ਐਡਵੋਕੇਟ ਧਾਮੀ ਨੇ ਕੀਤਾ ਦੁੱਖ ਪ੍ਰਗਟ

**ਨਵੀਂ ਦਿੱਲੀ, 27 ਮਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੇ ਭਰਾ ਰਾਜਾ ਰਣਧੀਰ ਸਿੰਘ ਦੇ ਅਕਾਲ ਚਲਾਣਾ ਕਰ ਜਾਣ 'ਤੇ ਦੁੱਖ ਪ੍ਰਗਟ ਕੀਤਾ ਹੈ ਐਡਵੋਕੇਟ ਧਾਮੀ ਨੇ ਕਿਹਾ ਕਿ ਰਾਜਾ ਰਣਧੀਰ ਸਿੰਘ ਦਾ ਅਕਾਲ ਚਲਾਣਾ ਪਰਿਵਾਰ ਅਤੇ ਸਨੇਹੀਆਂ ਲਈ ਵੱਡਾ ਘਾਟਾ ਹੈ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਰਾਜਾ ਰਣਧੀਰ ਸਿੰਘ ਦੇ ਪਰਿਵਾਰ ਨਾਲ ਸੰਵੇਦਨਾ ਪ੍ਰਗਟ ਕਰਦਿਆਂ ਕਰਤਾ ਪੁਰਖੁ ਅੱਗੇ ਅਰਦਾਸ ਕੀਤੀ ਕਿ ਉਹ ਵਿਛੜੀ ਰੂਹ ਨੂੰ ਚਰਨਾਂ ਵਿਚ ਨਿਵਾਸ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।

## ਪੁਰਾਣੀ ਪੈਨਸ਼ਨ ਅਤੇ ਹੋਰ ਮੁਲਾਜਮ ਮੰਗਾਂ ਲਈ ਰੋਸ ਪ੍ਰਦਰਸ਼ਨ 29 ਨੂੰ

**ਕਪੂਰਥਲਾ,27 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਟੇਟ ਮਿਨਿਸਟ੍ਰੀਅਲ ਸਰਵਿਸਿਜ ਯੂਨੀਅਨ ਅਤੇ ਸੀ.ਪੀ.ਐਫ ਕਰਮਚਾਰੀ ਯੂਨੀਅਨ ਵਲੋਂ ਪੁਰਾਣੀ ਪੈਨਸ਼ਨ ਅਤੇ ਹੋਰ ਮੁਲਾਜਮ ਮੰਗਾਂ ਦੇ ਸਮਰਥਨ ਵਿੱਚ ਇੱਕ ਰੋਸ ਮੁਜਾਹਰਾ 29 ਮਈ ਨੂੰ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਕਪੂਰਥਲਾ ਵਿਖੇ ਕੀਤਾ ਜਾ ਰਿਹਾ ਹੈ। ਇਸ ਬਾਰੇ ਜਾਣਕਾਰੀ ਦਿੰਦਿਆਂ ਪੀ ਐਸ ਐਮ ਯੂ ਅਤੇ ਸੀ.ਪੀ.ਐਫ ਕਰਮਚਾਰੀ ਯੂਨੀਅਨ ਦੇ ਜਿਲ੍ਹਾ ਪ੍ਰਧਾਨ ਸੰਗਤ ਰਾਮ ਬਾਗੀ, ਪੀ.ਐਸ.ਐਮ.ਐਸ.ਯੂ ਅਤੇ ਡੀ.ਸੀ ਦਫਤਰ ਕਰਮਚਾਰੀ ਯੂਨੀਅਨ ਦੇ ਜਨਰਲ ਸਕੱਤਰ ਸੁਖਜਿੰਦਰ ਸਿੰਘ ਅਤੇ ਸੀ.ਪੀ.ਐਫ ਕਰਮਚਾਰੀ ਯੂਨੀਅਨ ਦੇ ਜਨਰਲ ਸਕੱਤਰ ਵੱਸਣਦੀਪ ਸਿੰਘ ਨੇ ਕਿਹਾ ਕਿ ਲੱਖਾਂ ਦੀ ਝੂਠੀ ਇਸ਼ਤਿਹਾਰਬਾਜੀ ਕਰਨ ਦੇ ਬਾਵਜੂਦ ਪੰਜਾਬ ਸਰਕਾਰ ਨੇ ਸਾਢੇ ਚਾਰ ਸਾਲ ਬੀਤ ਜਾਣ ਦੇ ਬਾਵਜੂਦ ਵੀ ਕਰਮਚਾਰੀਆਂ ਦੀ ਪੁਰਾਣੀ ਪੈਨਸ਼ਨ ਬਹਾਲ ਨਹੀਂ ਕੀਤੀ ਹੈ। ਲਾਰੇਬਾਜਾਂ ਦੀ ਇਸ ਸਰਕਾਰ ਦੇ ਕੰਨਾਂ ਨੂੰ ਖੋਲਣ ਲਈ ਮੁਲਾਜਮਾਂ ਨੂੰ ਸੜਕਾਂ ਤੇ ਉਤਰਣਾ ਪੈ ਰਿਹਾ ਹੈ। ਇਸ ਸਰਕਾਰ ਨੇ ਮੁਲਾਜਮਾਂ ਦਾ ਹੱਕ ਡੀ.ਏ ਵੀ ਰੋਕ ਕੇ ਰੱਖਿਆ ਹੋਇਆ ਹੈ। ਇੱਕ ਪਾਸੇ ਤਾਂ ਮੁੱਖ ਮੰਤਰੀ ਪੰਜਾਬ ਕਹਿ ਰਹੇ ਹਨ ਕਿ ਸਰਕਾਰ ਦਾ ਖਜਾਨਾ ਭਰਿਆ ਹੋਇਆ ਹੈ ਤੇ ਦੂਜੇ ਪਾਸੇ ਸਰਕਾਰ ਵਲੋਂ ਖਜਾਨਾ ਨਾ ਹੋਣ ਕਾਰਨ ਡੀ.ਏ ਰੋਕਣ ਸਬੰਧੀ ਮਾਣਯੋਗ ਹਾਈਕੋਰਟ ਵਿੱਚ ਜਵਾਬ ਦਾਇਰ ਕੀਤੇ ਜਾ ਰਹੇ ਹਨ।

### ਗੁਰਦੁਆਰਾ ਗੁਰੂ ਨਾਨਕ ਸਾਹਿਬ ਮਨੋਹਰ ਨਗਰ ਵਿਕਾਸ ਪੁਰੀ ਦਿੱਲੀ ਵਿਖੇ

# ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਭਾਈ ਕਮਲਦੀਪ ਸਿੰਘ ਚੰਬੇ ਵਾਲੇ ਰਾਗੀ ਜੱਥੇ ਵੱਲੋਂ ਚੌਥਾ ਆਤਮਰਸ ਕੀਰਤਨ ਦਰਬਾਰ ਕਰਵਾਇਆ ਗਿਆ




ਗੁਰਦੁਆਰਾ ਗੁਰੂ ਨਾਨਕ ਸਾਹਿਬ ਮਨੋਹਰ ਨਗਰ ਵਿਕਾਸ ਪੁਰੀ ਦਿੱਲੀ ਵਿਖੇ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਭਾਈ ਕਮਲਦੀਪ ਸਿੰਘ ਚੰਬੇ ਵਾਲੇ ਰਾਗੀ ਜੱਥੇ ਵੱਲੋਂ ਚੌਥਾ ਆਤਮਰਸ ਕੀਰਤਨ ਦਰਬਾਰ 25 ਮਈ 2026 ਨੂੰ ਕਰਵਾਇਆ ਗਿਆ ਜਿਸ ਵਿੱਚ ਪੰਥ ਪ੍ਰਸਿੱਧ ਕੀਰਤਨੀਏ ਭਾਈ ਜਸਕਰਨ ਸਿੰਘ ਹਜ਼ੂਰੀ ਰਾਗੀ ਜੱਥਾ ਸੱਚਖੰਡ ਸ੍ਰੀ ਦਰਬਾਰ ਸਾਹਿਬ,ਭਾਈ ਬਲਪ੍ਰੀਤ ਸਿੰਘ ਲੁਧਿਆਣਾ ਵਾਲੇ ਰਾਗੀ ਜੱਥਿਆਂ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ ਇਸ ਸਮੇਂ ਪ੍ਰਬੰਧਕਾਂ ਦੇ ਸੱਦੇ ਤੇ ਵਿਸ਼ੇਸ਼ ਤੌਰ ਤੇ ਪੁੱਜੇ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਪ੍ਰਬੰਧਕਾਂ ਵਲੋਂ ਸਿਰਪਾਓ ਸ੍ਰੀ ਸਾਹਿਬ ਭੇਂਟ ਕਰਕੇ ਸਨਮਾਨਿਤ ਕੀਤਾ।

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਗੁਰੂ ਨਾਨਕ ਸਿੱਖ ਗੁਰਦੁਆਰਾ ਸੈਜਲੀ ਸਟ੍ਰੀਟ ਵੁਲਵਰਹੈਂਪਟਨ ਯੂ ਕੇ ਦੇ ਅਣਥੱਕ ਸੇਵਾਦਾਰ ਸ੍ਰ ਹਰਪਾਲ ਸਿੰਘ ਵਾਲੀਆਂ, ਜੋ ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ, ਦੇ ਪਰਿਵਾਰ ਨਾਲ ਭਾਈ ਕਪਤਾਨ ਸਿੰਘ ਵੱਲੋਂ ਗਹਿਰੇ ਦੁੱਖ ਦਾ ਪ੍ਰਗਟਾਵਾ










ਗੁਰੂ ਨਾਨਕ ਸਿੱਖ ਗੁਰਦੁਆਰਾ ਸੈਜਲੀ ਸਟ੍ਰੀਟ ਵੁਲਵਰਹੈਂਪਟਨ ਯੂ ਕੇ ਦੇ ਅਣਥੱਕ ਸੇਵਾਦਾਰ ਸ੍ਰ ਹਰਪਾਲ ਸਿੰਘ ਵਾਲੀਆਂ ਜੋ ਪਿਛਲੇ ਦਿਨੀ ਅਕਾਲ ਚਲਾਣਾ ਕਰ ਗਏ ਕਰੀਬ ਪਿਛਲੇ ਦੋ ਮਹੀਨਿਆਂ ਤੋਂ ਉਹਨਾਂ ਦੀ ਸਿਹਤ ਕੁਝ ਠੀਕ ਨਹੀਂ ਸੀ ਭਾਈ ਕਪਤਾਨ ਸਿੰਘ ਜਰਨਲ ਸਕੱਤਰ ਤੇ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ ਤੋਂ ਸ੍ਰ ਹਰਪਾਲ ਸਿੰਘ ਜੀ ਵਾਲੀਆਂ ਦੇ ਪਰਿਵਾਰ ਨਾਲ ਗਹਿਰੇ ਦੁੱਖ ਪ੍ਰਗਟਾਵਾ ਕੀਤਾ ਭਾਈ ਕਪਤਾਨ ਸਿੰਘ ਨੇ ਦੱਸਿਆ ਕਿ ਸ੍ਰ ਹਰਪਾਲ ਸਿੰਘ ਬਹੁਤ ਲੰਬੇ ਸਮੇਂ ਤੋਂ ਗੁਰਦੁਆਰਾ ਸਾਹਿਬ ਵਿਖੇ ਪ੍ਰਸ਼ਾਦ ਅਤੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਚੌਰ ਕਰਨ ਦੀਆ ਸੇਵਾਵਾਂ ਕਰਿਆ ਕਰਦੇ ਸਨ ਬਹੁਤ ਹੀ ਮਰਿਆਦਾ ਨਾਲ ਸੇਵਾ ਨਿਭਾਉਦੇ ਸਨ ਜਿੱਥੇ ਉਹਨਾਂ ਦੇ ਜਾਣ ਨਾਲ ਪਰਿਵਾਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਉਥੇ ਗੁਰਦੁਆਰਾ ਸਾਹਿਬ ਵਿੱਚ ਵੀ ਉਹਨਾਂ ਦੀਆਂ ਸੇਵਾਵਾਂ ਨੂੰ ਯਾਦ ਰੱਖਿਆ ਜਾਵੇਗਾ ਅਸੀ ਉਸ ਨੇਕ ਦਿਲ ਇਨਸਾਨ ਨੂੰ ਸ਼ਰਧਾ ਦੇ ਫੁੱਲ ਭੇਟ ਕਰਦੇ ਹਾਂ।

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243